ਮੰਗਲਵਾਰ, 12 ਦਸੰਬਰ, 2023
27 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 192

ਨਵਾਂ ਜ਼ਮਾਨਾ

DAILY NAWAN ZAMANA • TUESDAY, 12 DECEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੁਝ ਵੀ ਨਾਜਾਇਜ਼ ਨਹੀਂ !

ਧਾਰਾ 370 ਦਾ ਖਾਤਮਾ ਤੇ ਲੱਦਾਖ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣਾ ਜਾਇਜ਼ ਕਰਾਰ

ਜੰਮੂ-ਕਸ਼ਮੀਰ ਰਾਜ ਦਾ ਰੁਤਬਾ ਬਹਾਲ ਕਰਕੇ ਸਤੰਬਰ ਤੱਕ ਚੋਣਾਂ ਕਰਾਉਣ ਦਾ ਹੁਕਮ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦੇਣ ਵਾਲੀ ਧਾਰਾ 370 ਨੂੰ ਖਤਮ ਕਰਨ ਅਤੇ ਲੱਦਾਖ ਨੂੰ ਵੱਖਰਾ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਦੇ ਕੇਂਦਰ ਸਰਕਾਰ ਦੇ ਫੈਸਲਿਆਂ ਨੂੰ ਸੋਮਵਾਰ ਬਰਕਰਾਰ ਰੱਖਿਆ ਅਤੇ ਕਿਹਾ ਕਿ ਜੰਮੂ-ਕਸ਼ਮੀਰ ਦਾ ਰਾਜ ਦਾ ਰੁਤਬਾ ਬਹਾਲ ਕਰਕੇ ਅਗਲੇ ਸਾਲ 30 ਸਤੰਬਰ ਤੱਕ ਅਸੰਬਲੀ ਚੋਣਾਂ ਕਰਵਾਉਣ ਲਈ ਕਦਮ ਚੁੱਕੇ ਜਾਣ। ਸੁਣਵਾਈ ਦੌਰਾਨ ਕੇਂਦਰ ਸਰਕਾਰ ਨੇ ਖੁਦ ਕਿਹਾ ਸੀ ਕਿ ਉਸ ਵੱਲੋਂ ਰਾਜ ਦਾ ਰੁਤਬਾ ਬਹਾਲ ਕਰਨ ਅਤੇ ਚੋਣਾਂ ਕਰਾਉਣ ਦੀ ਪ੍ਰਕਿਰਿਆ ਜਾਰੀ ਹੈ।

ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਹੇਠਲੀ ਸੰਵਿਧਾਨ ਬੈਂਚ 'ਚ ਜਸਟਿਸ ਬੀ ਆਰ ਗਵਈ, ਜਸਟਿਸ ਸੂਰੀਆ ਕਾਂਤ, ਜਸਟਿਸ ਸੰਜੇ ਕਿਸ਼ਨ ਕੌਲ ਤੇ ਜਸਟਿਸ ਸੰਜੀਵ ਖੰਨਾ ਸ਼ਾਮਲ ਸਨ। ਬੈਂਚ ਵੱਲੋਂ ਚੀਫ ਜਸਟਿਸ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ ਕਿ ਸੰਵਿਧਾਨ ਦੀ ਧਾਰਾ 370 ਅਸਥਾਈ ਵਿਵਸਥਾ ਸੀ ਅਤੇ ਰਾਸ਼ਟਰਪਤੀ ਕੋਲ ਇਸ ਨੂੰ ਰੱਦ ਕਰਨ ਦਾ ਅਧਿਕਾਰ ਹੈ। ਜਸਟਿਸ ਚੰਦਰਚੂੜ ਨੇ ਕਿਹਾ ਕਿ ਜੰਮੂ-ਕਸ਼ਮੀਰ ਦੇ ਪੁਰਾਣੇ ਰਾਜ ਦੀ ਦੇਸ਼ ਦੇ ਦੂਜੇ ਰਾਜਾਂ ਦੇ ਉਲਟ ਅੰਦਰੂਨੀ ਪ੍ਰਭੂਸੱਤਾ ਨਹੀਂ ਸੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਸੰਵਿਧਾਨ ਦੀ ਧਾਰਾ 370 ਨੂੰ ਰੱਦ ਕਰਨ ਬਾਰੇ ਸੁਪਰੀਮ ਕੋਰਟ ਦਾ ਫੈਸਲਾ ਇਤਿਹਾਸਕ ਹੈ। ਇਹ 5 ਅਗਸਤ 2019 ਦੇ ਸੰਸਦ ਦੇ ਫੈਸਲੇ ਨੂੰ ਸੰਵਿਧਾਨਕ ਤੌਰ 'ਤੇ ਬਰਕਰਾਰ ਰੱਖਣ ਵਾਲਾ ਹੈ। ਉਹ ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਲੋਕਾਂ ਨੂੰ ਭਰੋਸਾ ਦਿੰਦੇ ਹਨ ਕਿ ਉਨ੍ਹਾਂ ਦੇ ਸੁਫਨਿਆਂ ਨੂੰ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ। ਇਹ ਫੈਸਲਾ ਜੰਮੂ-ਕਸ਼ਮੀਰ ਅਤੇ ਲੱਦਾਖ 'ਚ ਸਾਡੀਆਂ ਭੈਣਾਂ ਅਤੇ ਭਰਾਵਾਂ ਲਈ ਉਮੀਦ, ਤਰੱਕੀ ਤੇ ਏਕਤਾ ਦਾ ਸ਼ਾਨਦਾਰ ਐਲਾਨ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ ਗਰੀਬਾਂ ਅਤੇ ਵਾਂਝੇ ਲੋਕਾਂ ਦੇ ਅਧਿਕਾਰ ਬਹਾਲ ਕੀਤੇ ਗਏ। ਵੱਖਵਾਦ, ਪੱਥਰਬਾਜ਼ੀ ਦੀਆਂ ਘਟਨਾਵਾਂ ਅਤੀਤ ਦਾ ਹਿੱਸਾ ਬਣ ਗਈਆਂ ਹਨ। ਧਾਰਾ 370 ਹਟਾਉਣ ਦੇ ਬਾਅਦ ਏਕਤਾ ਮਜ਼ਬੂਤ ਹੋਈ ਤੇ ਭਾਰਤ ਨਾਲ ਜੰਮੂ-ਕਸ਼ਮੀਰ ਦੀ ਅਖੰਡਤਾ ਮਜ਼ਬੂਤ ਹੋਈ। ਸ਼ਾਹ ਨੇ ਸੁਪਰੀਮ ਕੋਰਟ ਦੇ ਫੈਸਲੇ ਦਾ ਸੁਆਗਤ ਕਰਦਿਆਂ ਕਿਹਾ ਕਿ ਜੰਮੂ-ਕਸ਼ਮੀਰ ਤੇ ਲੱਦਾਖ ਭਾਰਤ ਦਾ ਹਿੱਸਾ ਸਨ ਤੇ ਰਹਿਣਗੇ। ਪੀ ਡੀ ਪੀ ਦੀ ਮੁਖੀ ਤੇ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਨੇ ਕਿਹਾ ਕਿ ਜੰਮੂ-ਕਸ਼ਮੀਰ ਦੇ ਲੋਕ ਹਾਰ ਨਹੀਂ ਮੰਨਣਗੇ। ਮਾਣ-ਸਨਮਾਨ ਲਈ ਲੜਾਈ ਜਾਰੀ ਰਹੇਗੀ।

ਨੈਸ਼ਨਲ ਕਾਨਫਰੰਸ ਦੇ ਮੀਤ ਪ੍ਰਧਾਨ ਉਮਰ ਅਬਦੁੱਲਾ ਨੇ ਕਿਹਾ ਕਿ ਸੰਵਿਧਾਨ ਦੀ ਧਾਰਾ 370 ਦੀਆਂ ਵਿਵਸਥਾਵਾਂ ਨੂੰ ਰੱਦ ਕਰਨ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਸੁਪਰੀਮ ਕੋਰਟ ਦੇ ਫੈਸਲੇ ਤੋਂ ਉਹ ਨਿਰਾਸ਼ ਹਨ, ਪਰ ਹੌਸਲਾ ਕਾਇਮ ਹੈ। ਉਨ੍ਹਾ ਕਿਹਾ—ਨਿਰਾਸ਼ ਹਾਂ, ਪਰ ਹੌਸਲਾ ਬਰਕਰਾਰ ਹੈ। ਸੰਘਰਸ਼ ਜਾਰੀ ਰਹੇਗਾ। ਭਾਜਪਾ ਨੂੰ ਧਾਰਾ 370 ਦੀਆਂ ਵਿਵਸਥਾਵਾਂ ਨੂੰ ਖਤਮ ਕਰਨ 'ਚ ਦਹਾਕੇ ਲੱਗ ਗਏ ਅਤੇ ਉਹ ਲੰਮੀ ਲੜਾਈ ਲਈ ਵੀ ਤਿਆਰ ਹਨ।

ਡੈਮੋਕ੍ਰੇਟਿਕ ਪ੍ਰੋਗਰੈਸਿਵ ਆਜ਼ਾਦ ਪਾਰਟੀ (ਡੀ ਪੀ ਏ ਪੀ) ਦੇ ਪ੍ਰਧਾਨ ਗੁਲਾਮ ਨਬੀ ਆਜ਼ਾਦ ਨੇ ਫੈਸਲੇ ਨੂੰ ਦੁਖਦਾਈ ਅਤੇ ਮੰਦਭਾਗਾ ਕਰਾਰ ਦਿੱਤਾ, ਪਰ ਨਾਲ ਹੀ ਕਿਹਾ—ਸਾਨੂੰ ਇਸ ਨੂੰ ਸਵੀਕਾਰ ਕਰਨਾ ਪਵੇਗਾ। ਫੈਸਲੇ ਤੋਂ ਇਲਾਕੇ ਦੇ ਲੋਕ ਖੁਸ਼ ਨਹੀਂ ਹਨ।

ਜੰਮੂ-ਕਸ਼ਮੀਰ 'ਚ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਦੀ ਜਾਂਚ ਲਈ ਕਮਿਸ਼ਨ ਬਣਾਉਣ ਦੀ ਸਿਫਾਰਸ਼

ਨਵੀਂ ਦਿੱਲੀ : ਜੰਮੂ-ਕਸ਼ਮੀਰ ਬਾਰੇ ਫੈਸਲਾ ਸੁਣਾਉਣ ਵਾਲੀ ਪੰਜ ਮੈਂਬਰੀ ਬੈਂਚ ਵਿਚ ਸ਼ਾਮਲ ਜਸਟਿਸ ਸੰਜੇ ਕਿਸ਼ਨ ਕੌਲ ਨੇ ਆਪਣੇ ਵੱਖਰੇ ਫੈਸਲੇ 'ਚ ਸੂਬੇ ਵਿਚ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਦੀ ਜਾਂਚ ਤੇ ਰਿਪੋਰਟ ਲਈ ਟਰੁੱਥ ਐਂਡ ਰੀਕਨਸੀਲੀਏਸ਼ਨ ਕਮਿਸ਼ਨ (ਸੱਚਾਈ ਤੇ ਸੁਲਹ ਕਮਿਸ਼ਨ) ਕਾਇਮ ਕਰਨ ਦੀ ਸਿਫਾਰਸ਼ ਕੀਤੀ ਹੈ। ਉਨ੍ਹਾ ਕਿਹਾ ਕਿ 1980 ਦੇ ਦਹਾਕੇ ਤੋਂ ਕਸ਼ਮੀਰ ਵਾਦੀ 'ਚ ਸਟੇਟ ਤੇ ਨਾਨ-ਸਟੇਟ ਦੋਹਾਂ ਵੱਲੋਂ ਮਨੁੱਖੀ ਅਧਿਕਾਰਾਂ ਦੀਆਂ ਕੀਤੀਆਂ ਗਈਆਂ ਉਲੰਘਣਾਵਾਂ ਦੀ ਜਾਂਚ ਕਰਕੇ ਲੋਕਾਂ ਨੂੰ ਦੱਸਿਆ ਜਾਵੇ। ਉਨ੍ਹਾ ਕਿਹਾ ਕਿ ਸਰਕਾਰ ਦੀ ਕਸ਼ਮੀਰ ਵਾਦੀ ਪ੍ਰਤੀ ਇਤਿਹਾਸਕ ਜ਼ਿੰਮੇਵਾਰੀ ਹੈ ਅਤੇ ਉਥੇ ਰਹਿਣ ਵਾਲੇ ਲੋਕ ਕਈ ਦਹਾਕਿਆਂ ਤੋਂ ਚੱਲ ਰਹੇ ਸੰਘਰਸ਼ਾਂ ਦੇ ਸ਼ਿਕਾਰ ਹਨ। ਉਨ੍ਹਾ ਖਾਸ ਤੌਰ 'ਤੇ 1980 ਦੇ ਦਹਾਕੇ 'ਚ ਵਾਦੀ ਵਿਚ ਅੱਤਵਾਦ ਨਾਲ ਪੈਦਾ ਹੋਈਆਂ ਸਮੱਸਿਆਵਾਂ ਦਾ ਜ਼ਿਕਰ ਕੀਤਾ, ਜਿਸ ਦਾ ਨਤੀਜਾ ਆਬਾਦੀ ਦੇ ਇਕ ਹਿੱਸੇ (ਕਸ਼ਮੀਰੀ ਪੰਡਤਾਂ) ਦੀ ਹਿਜ਼ਰਤ ਵਿਚ ਨਿਕਲਿਆ। ਚੂੰਕਿ ਸਥਿਤੀ ਨੇ ਭਾਰਤ ਦੀ ਪ੍ਰਭੂਸੱਤਾ ਤੇ ਅਖੰਡਤਾ ਨੂੰ ਖਤਰੇ ਵਿਚ ਪਾ ਦਿੱਤਾ, ਇਸ ਕਰਕੇ ਫੌਜ ਸੱਦਣੀ ਪਈ। ਉਨ੍ਹਾ ਕਿਹਾ—ਫੌਜ ਸਟੇਟ ਦੇ ਦੁਸ਼ਮਣਾਂ ਖਿਲਾਫ ਲੜਾਈ ਲੜਨ ਲਈ ਹੈ ਨਾ ਕਿ ਸਟੇਟ ਦੇ ਅੰਦਰ ਅਮਨ-ਕਾਨੂੰਨ ਕੰਟਰੋਲ ਕਰਨ ਲਈ, ਪਰ ਉਦੋਂ ਅਜੀਬ ਸਮਾਂ ਸੀ। ਫੌਜ ਦੇ ਦਖਲ ਨੇ ਆਪਣੀ ਖੁਦ ਦੀ ਜ਼ਮੀਨੀ ਹਕੀਕਤ ਪੈਦਾ ਕੀਤੀ ਅਤੇ ● ਬਾਕੀ ਸਫ਼ਾ 2 'ਤੇ

ਚੌਹਾਨ ਲਾਂਭੇ, ਮੋਹਨ ਯਾਦਵ ਮੱਧ ਪ੍ਰਦੇਸ਼ ਦੇ ਨਵੇਂ ਮੁੱਖ ਮੰਤਰੀ

ਭੋਪਾਲ : ਮੋਹਨ ਯਾਦਵ ਮੱਧ ਪ੍ਰਦੇਸ਼ ਦੇ ਨਵੇਂ ਮੁੱਖ ਮੰਤਰੀ ਹੋਣਗੇ। 58 ਸਾਲਾ ਯਾਦਵ ਉਜੈਨ-ਦੱਖਣੀ ਤੋਂ ਵਿਧਾਇਕ ਹਨ।

ਭਾਜਪਾ ਵਿਧਾਇਕ ਦਲ ਦੇ ਆਗੂ ਵਜੋਂ ਉਨ੍ਹਾ ਦੀ ਚੋਣ ਪਾਰਟੀ ਹੈੱਡਕੁਆਰਟਰ 'ਚ ਵਿਧਾਇਕਾਂ ਦੀ ਮੀਟਿੰਗ ਵਿਚ ਕੀਤੀ ਗਈ। ਕੇਂਦਰੀ ਖੇਤੀ ਮੰਤਰੀ ਨਰਿੰਦਰ ਸਿੰਘ ਤੋਮਰ, ਜਿਨ੍ਹਾ ਵਿਧਾਇਕ ਚੁਣੇ ਜਾਣ ਤੋਂ ਬਾਅਦ ਲੋਕ ਸਭਾ ਤੋਂ ਅਸਤੀਫਾ ਦੇ ਦਿੱਤਾ ਸੀ, ਨਵੇਂ ਅਸੰਬਲੀ ਸਪੀਕਰ ਹੋਣਗੇ। ਪਿਛਲੀ ਸਰਕਾਰ ਵਿਚ ਵਿੱਤ ਮੰਤਰੀ ਤੇ ਮੱਦਸੌਰ ਤੋਂ ਦੋ ਵਾਰ ਦੇ ਵਿਧਾਇਕ ਜਗਦੀਸ਼ ਦੇਵੜਾ ਅਤੇ ਪਿਛਲੀ ਸਰਕਾਰ ਵਿਚ ਲੋਕ ਸੰਪਰਕ ਮੰਤਰੀ ਰਹੇ ਰੀਵਾ ਦੇ ਵਿਧਾਇਕ ਰਜਿੰਦਰ ਸ਼ੁਕਲਾ ਉਪ-ਮੁੱਖ ਮੰਤਰੀ ਹੋਣਗੇ।

ਹਾਈਕਮਾਨ ਵੱਲੋਂ ਅਬਜ਼ਰਵਰ ਦੇ ਤੌਰ 'ਤੇ ਪੁੱਜੇ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ, ਪਾਰਟੀ ਦੇ ਓ ਬੀ ਸੀ ਮੋਰਚਾ ਦੇ ਪ੍ਰਧਾਨ ਕੇ ਲਕਸ਼ਮਣ ਤੇ ਕੌਮੀ ਸਕੱਤਰ ਆਸ਼ਾ ਲਾਕੜਾ ਨੇ ਵਿਧਾਇਕਾਂ ਦੀ ਰਾਇ ਤੋਂ ਬਾਅਦ ਉਪਰੋਕਤ ਫੈਸਲਾ ਕੀਤਾ। ਆਰ ਐੱਸ ਐੱਸ ਦੀ ਹਮਾਇਤ ਹਾਸਲ ਮੋਹਨ ਯਾਦਵ ਸ਼ਿਵਰਾਜ ਚੌਹਾਨ ਮੰਤਰੀ ਮੰਡਲ ਵਿਚ ਉੱਚ ਸਿੱਖਿਆ ਮੰਤਰੀ ਹੁੰਦੇ ਸਨ। ਯਾਦਵ ਸੁੰਦਰ ਲਾਲ ਪਟਵਾ, ਉਮਾ ਭਾਰਤੀ, ਬਾਬੂ ਲਾਲ ਗੌਰ ਤੇ ਸ਼ਿਵਰਾਜ ਚੌਹਾਨ ਤੋਂ ਬਾਅਦ ਭਾਜਪਾ ਦੇ ਪੰਜਵੇਂ ਮੁੱਖ ਮੰਤਰੀ ਬਣੇ ਹਨ। ਚੌਹਾਨ ਸਭ ਤੋਂ ਵੱਧ 16 ਸਾਲ ਮੰਤਰੀ ਰਹੇ।

ਕਿਹਾ ਜਾ ਰਿਹਾ ਸੀ ਕਿ ਚੌਹਾਨ ਨੂੰ ਲਾਂਭੇ ਕਰਨਾ ਔਖਾ ਹੋਵੇਗਾ, ਪਰ ਚਮਤਕਾਰ ਕਰਨ ਲਈ ਮਸ਼ਹੂਰ ਮੋਦੀ-ਸ਼ਾਹ ਦੀ ਜੋੜੀ ਨੇ ਆਪਣੇ ਏਨੇ ਤਜਰਬੇਕਾਰ ਮੁੱਖ ਮੰਤਰੀ ਨੂੰ ਲਾਂਭੇ ਕਰ ਦਿੱਤਾ ਹੈ। ਰਾਜਸਥਾਨ ਦੇ ਮੁੱਖ ਮੰਤਰੀ ਦੀ ਚੋਣ ਲਈ ਮੰਗਲਵਾਰ ਬੈਠਕ ਹੋਣੀ ਹੈ। ਜਿੱਥੇ ਕਿ ਸਾਬਕਾ ਮੁੱਖ ਮੰਤਰੀ ਵਸੁੰਧਰਾ ਰਾਜੇ ਸਿੰਧੀਆ ਮਜ਼ਬੂਤ ਦਾਅਵੇਦਾਰੀ ਪੇਸ਼ ਕਰ ਰਹੀ ਹੈ, ਪਰ ਉਹ ਹਾਈਕਮਾਨ ਨੂੰ ਸਿਖਾਉਂਦੀ ਨਹੀਂ। ਦੇਖਣ ਵਾਲੀ ਗੱਲ ਹੋਵੇਗੀ ਕਿ ਹਾਈਕਮਾਨ ਵਸੁੰਧਰਾ ਦਾ ਦਬਾਅ ਝੱਲਦੀ ਹੈ ਕਿ ਨਹੀਂ। ਉਂਜ ਛੱਤੀਸਗੜ੍ਹ ਵਿਚ ਆਦਿਵਾਸੀ ਵਿਸ਼ਨੂ ਦਿਓ ਸਾਏ ਨੂੰ ਮੁੱਖ ਮੰਤਰੀ ਬਣਾਉਣ ਤੋਂ ਬਾਅਦ ਮੱਧ ਪ੍ਰਦੇਸ਼ ਵਿਚ ਓ ਬੀ ਸੀ ਮੋਹਨ ਯਾਦਵ ਨੂੰ ਮੁੱਖ ਮੰਤਰੀ ਬਣਾਉਣ ਤੋਂ ਬਾਅਦ ਰਾਜਸਥਾਨ ਵਿਚ ਰਾਜਪੂਤ ਦਾ ਦਾਅ ਲੱਗ ਸਕਦਾ ਹੈ।

ਕਰਜ਼ਾ ਮੁਆਫੀ ਦੇ ਇਸ਼ਤਿਹਾਰਾਂ ਤੋਂ ਖਬਰਦਾਰ ਰਹਿਣ ਦਾ ਸੱਦਾ

ਮੁੰਬਈ : ਭਾਰਤੀ ਰਿਜ਼ਰਵ ਬੈਂਕ ਨੇ ਪ੍ਰਿੰਟ ਮੀਡੀਆ ਦੇ ਨਾਲ-ਨਾਲ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਕਰਜ਼ਾ ਮੁਆਫੀ ਦੀਆਂ ਪੇਸ਼ਕਸ਼ਾਂ ਨਾਲ ਸੰਬੰਧਤ ਗੁੰਮਰਾਹਕੁੰਨ ਇਸ਼ਤਿਹਾਰਾਂ ਤੋਂ ਲੋਕਾਂ ਨੂੰ ਸਾਵਧਾਨ ਕੀਤਾ ਹੈ। ਉਸ ਨੇ ਕਰਜ਼ਾ ਮੁਆਫੀ ਦੀ ਪੇਸ਼ਕਸ਼ ਕਰਕੇ ਕਰਜ਼ਦਾਰਾਂ ਨੂੰ ਲੁਭਾਉਣ ਵਾਲੇ ਕੁਝ ਗੁੰਮਰਾਹਕੁੰਨ ਇਸ਼ਤਿਹਾਰਾਂ ਦਾ ਨੋਟਿਸ ਲਿਆ ਹੈ। ਇਹ ਸੰਸਥਾਵਾਂ ਪ੍ਰਿੰਟ ਮੀਡੀਆ ਦੇ ਨਾਲ-ਨਾਲ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵੀ ਅਜਿਹੀਆਂ ਕਈ ਮੁਹਿੰਮਾਂ ਦਾ ਸਰਗਰਮੀ ਨਾਲ ਪ੍ਰਚਾਰ ਕਰ ਰਹੀਆਂ ਹਨ। ਅਜਿਹੀਆਂ ਰਿਪੋਰਟਾਂ ਵੀ ਹਨ ਕਿ ਅਜਿਹੀਆਂ ਸੰਸਥਾਵਾਂ ਬਿਨਾਂ ਕਿਸੇ ਅਧਿਕਾਰ ਦੇ ਕਰਜ਼ਾ ਮੁਆਫੀ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ/ ਕਾਨੂੰਨੀ ਫੀਸਾਂ ਵਸੂਲਦੀਆਂ ਹਨ। ਕੇਂਦਰੀ ਬੈਂਕ ਨੇ ਕਿਹਾ ਕਿ ਜਨਤਾ ਨੂੰ ਸਾਵਧਾਨ ਕੀਤਾ ਜਾਂਦਾ ਹੈ ਕਿ ਉਹ ਅਜਿਹੀਆਂ ਝੂਠੀਆਂ ਅਤੇ ਗੁੰਮਰਾਹਕੁੰਨ ਮੁਹਿੰਮਾਂ ਦਾ ਸ਼ਿਕਾਰ ਨਾ ਹੋਣ ਅਤੇ ਅਜਿਹੀਆਂ ਘਟਨਾਵਾਂ ਦੀ ਸੂਚਨਾ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਦੇਣ।

ਆਸਟ੍ਰੇਲੀਆ ਪ੍ਰਵਾਸੀਆਂ ਦੀ ਗਿਣਤੀ ਘਟਾਉਣ ਲਈ ਵੀਜ਼ਾ ਨਿਯਮ ਸਖਤ ਕਰੇਗਾ

ਮੈਲਬੋਰਨ : ਆਸਟ੍ਰੇਲੀਆ ਨੇ ਸੋਮਵਾਰ ਕਿਹਾ ਕਿ ਉਹ ਕੌਮਾਂਤਰੀ ਵਿਦਿਆਰਥੀਆਂ ਅਤੇ ਘੱਟ ਹੁਨਰ ਵਾਲੇ ਕਾਮਿਆਂ ਲਈ ਵੀਜ਼ਾ ਨਿਯਮਾਂ ਨੂੰ ਸਖਤ ਕਰ ਰਿਹਾ ਹੈ। ਇਸ ਦਾ ਉਦੇਸ਼ ਅਗਲੇ ਦੋ ਸਾਲਾਂ 'ਚ ਆਸਟ੍ਰੇਲੀਆ 'ਚ ਪ੍ਰਵਾਸੀਆਂ ਦੀ ਗਿਣਤੀ ਨੂੰ ਅੱਧਾ ਕਰਨਾ ਹੈ। ਨਵੀਂ ਨੀਤੀਆਂ ਦੇ ਤਹਿਤ ਕੌਮਾਂਤਰੀ ਵਿਦਿਆਰਥੀਆਂ ਨੂੰ ਅੰਗਰੇਜ਼ੀ ਪ੍ਰੀਖਿਆਵਾਂ 'ਚ ਉੱਚ ਰੇਟਿੰਗ ਪ੍ਰਾਪਤ ਕਰਨ ਦੀ ਲੋੜ ਹੋਵੇਗੀ। ਇਸ ਦੇ ਨਾਲ ਹੀ ਜਿਹੜੇ ਵਿਦਿਆਰਥੀ ਲੰਬੇ ਸਮੇਂ ਤੱਕ ਆਸਟ੍ਰੇਲੀਆ 'ਚ ਰਹਿਣਾ ਚਾਹੁੰਦੇ ਹਨ, ਉਨ੍ਹਾਂ ਦੀ ਦੂਸਰੀ ਵਾਰ ਵੀਜ਼ਾ ਅਪਲਾਈ ਕਰਨ 'ਤੇ ਪੂਰੀ ਤਰ੍ਹਾਂ ਨਾਲ ਜਾਂਚ ਕੀਤੀ ਜਾਵੇਗੀ। ਆਸਟ੍ਰੇਲੀਆ ਦੇ ਗ੍ਰਹਿ ਮੰਤਰੀ ਕਲੇਰ ਓ'ਨੀਲ ਨੇ ਕਿਹਾ-ਸਾਡੀ ਰਣਨੀਤੀ ਵਧਦੀ ਮਾਈਗ੍ਰੇਸ਼ਨ ਗਿਣਤੀ ਨੂੰ ਆਮ ਸਥਿਤੀ 'ਚ ਲਿਆਏਗੀ। ਇਹ ਆਸਟ੍ਰੇਲੀਆ ਦੇ ਭਵਿੱਖ ਬਾਰੇ ਹੈ। ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਐਲਬਨੀਜ਼ ਨੇ ਪਿਛਲੇ ਹਫਤੇ ਕਿਹਾ ਸੀ ਕਿ ਆਸਟ੍ਰੇਲੀਆ 'ਚ ਪ੍ਰਵਾਸੀਆਂ ਦੀ ਗਿਣਤੀ ਨੂੰ ਟਿਕਾਊ ਪੱਧਰ 'ਤੇ ਵਾਪਸ ਲਿਆਉਣ ਦੀ ਲੋੜ ਹੈ। ਪ੍ਰਵਾਸ ਸੰਬੰਧੀ ਇੱਕ ਸਿਸਟਮ ਬਣਾਇਆ ਗਿਆ ਸੀ, ਜੋ ਟੁੱਟ ਗਿਆ ਹੈ। 2022-23 'ਚ ਇਮੀਗ੍ਰੇਸ਼ਨ ਦੇ ਰਿਕਾਰਡ 510,000 ਤੱਕ ਪਹੁੰਚਣ ਤੋਂ ਬਾਅਦ ਆਸਟ੍ਰੇਲੀਆ ਨੇ ਆਪਣੇ ਵੀਜ਼ਾ ਨਿਯਮਾਂ ਨੂੰ ਸਖਤ ਕਰਨ ਦਾ ਫੈਸਲਾ ਕੀਤਾ ਹੈ। 2022-23 'ਚ ਪ੍ਰਵਾਸ 'ਚ ਇਹ ਵਾਧਾ ਕੌਮਾਂਤਰੀ ਵਿਦਿਆਰਥੀਆਂ ਕਾਰਨ ਹੋਇਆ ਹੈ। ਹਰ ਸਾਲ ਭਾਰਤ ਤੋਂ ਵੱਡੀ ਗਿਣਤੀ 'ਚ ਵਿਦਿਆਰਥੀ ਪੜ੍ਹਾਈ ਲਈ ਆਸਟ੍ਰੇਲੀਆ ਜਾਂਦੇ ਹਨ। ਗਲੋਬਲ ਡਾਟਾ ਅਤੇ ਬਿਜ਼ਨਸ ਇੰਟੈਲੀਜੈਂਸ ਪਲੇਟਫਾਰਮ ਸਟੈਟਿਸਟਾ ਦੀ ਇੱਕ ਰਿਪੋਰਟ ਦੇ ਅਨੁਸਾਰ ਜੁਲਾਈ 2023 ਤੱਕ 118,869 ਭਾਰਤੀ ਵਿਦਿਆਰਥੀ ਆਸਟ੍ਰੇਲੀਆ 'ਚ ਪੜ੍ਹ ਰਹੇ ਸਨ। ਆਸਟ੍ਰੇਲੀਆ ਦੇ ਗ੍ਰਹਿ ਮੰਤਰਾਲੇ ਦੀ ਵੈੱਬਸਾਈਟ ਮੁਤਾਬਕ ਜੂਨ 2021 ਦੇ ਅੰਤ ਤੱਕ ਭਾਰਤੀ ਮੂਲ ਦੇ 710,380 ਲੋਕ ਆਸਟ੍ਰੇਲੀਆ 'ਚ ਰਹਿ ਰਹੇ ਸਨ। 30 ਜੂਨ 2011 ਨੂੰ ਇਹ ਗਿਣਤੀ 337,120 ਸੀ। ਬ੍ਰਿਟੇਨ ਤੋਂ ਬਾਅਦ ਆਸਟ੍ਰੇਲੀਆ 'ਚ ਭਾਰਤੀ ਮੂਲ ਦੇ ਸਭ ਤੋਂ ਜ਼ਿਆਦਾ ਲੋਕ ਹਨ।

ਮਹੂਆ ਸੁਪਰੀਮ ਕੋਰਟ ਪੁੱਜੀ

ਨਵੀਂ ਦਿੱਲੀ : ਟੀ ਐੱਮ ਸੀ ਆਗੂ ਮਹੂਆ ਮੋਇਤਰਾ ਨੇ ਪੈਸੇ ਲੈ ਕੇ ਸਵਾਲ ਪੁੱਛਣ ਦੇ ਦੋਸ਼ 'ਚ ਲੋਕ ਸਭਾ ਮੈਂਬਰੀ ਰੱਦ ਕਰਨ ਦੇ ਫੈਸਲੇ ਨੂੰ ਸੋਮਵਾਰ ਸੁਪਰੀਮ ਕੋਰਟ 'ਚ ਚੁਣੌਤੀ ਦੇ ਦਿੱਤੀ।

ਸੋਰੇਨ ਨੂੰ ਛੇਵਾਂ ਨੋਟਿਸ

ਰਾਂਚੀ : ਈ ਡੀ ਨੇ ਕਥਿਤ ਜ਼ਮੀਨ ਘਪਲੇ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਮੰਗਲਵਾਰ ਪੁੱਛ-ਪੜਤਾਲ ਲਈ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੂੰ ਨਵਾਂ ਸੰਮਨ ਭੇਜਿਆ ਹੈ। ਸੋਰੇਨ ਨੂੰ ਜਾਰੀ ਕੀਤਾ ਗਿਆ ਇਹ ਛੇਵਾਂ ਨੋ

12-DEC-PAGE-1.qxd 12/11/2023 11:16 PM Page 2

ਪੇਂਡੂ ਸਾਹਿਤ ਸਭਾ ਬਾਲਿਆਂਵਾਲੀ (ਰਜਿ.) ਦੀ ਮਾਸਿਕ ਮੀਟਿੰਗ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ (ਰਜਿ.) ਦੀ ਮਾਸਿਕ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਅਤੇ ਕੰਪਿਊਟਰ ਸੈਂਟਰ ਵਿਖੇ ਹੋਈ। ਸਾਹਿਤਕ ਦੌਰ ਵਿੱਚ ਜੀਤ ਸਿੰਘ ਚਹਿਲ ਨੇ ਬਾਬੇ ਨਾਨਕ ਦੀ ਜੀਵਨੀ ਨਾਲ ਸਬੰਧਤ ਕਵਿਤਾ ਪੇਸ਼ ਕੀਤੀ। ਹਰਜਿੰਦਰ ਕੌਰ ਨੇ ਨਵੀਂ ਕਵਿਤਾ ਸੁਣਾਈ। ਜਗਨ ਨਾਥ ਨੇ ਲੇਖਕਾਂ ਦੀ ਜ਼ਿੰਦਗੀ ਬਾਰੇ ਲੇਖ ਪੜ੍ਹਿਆ। ਦਰਸ਼ਨ ਸਿੰਘ ਸਿੱਧੂ ਨੇ ਵਿਅੰਗਮਈ ਟੋਟਕੇ ਸੁਣਾਏ। ਸੱਤਪਾਲ ਸਿੰਘ ਗਿੱਲ ਨੇ ਬਾਬੇ ਨਾਨਕ ਦੇ ਜਨਮ ਦਿਹਾੜੇ ਨਾਲ ਸਬੰਧਤ ਵਿਚਾਰ ਚਰਚਾ ਕੀਤੀ। ਪੜੀਆਂ ਰਚਨਾਵਾਂ ਬਾਰੇ ਅਜਮੇਰ ਦੀਵਾਨਾ ਤੇ ਸੁਖਦਰਸ਼ਨ ਗਰਗ ਨੇ ਆਪਣੇ ਵਿਚਾਰ ਪ੍ਰਗਟਾਏ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਮੇਲ ਸਿੰਘ ਮੇਲਾ, ਨਸੀਬ ਚੰਦ ਸ਼ਰਮਾ ਤੇ ਗੁਰਤੇਜ ਸਿੰਘ ਆਦਿ ਹਾਜ਼ਰ ਸਨ।

ਬੱਚਿਆਂ ਨੂੰ ਅੱਗ ਬੁਝਾਉਣ ਸੰਬੰਧੀ ਦਿੱਤੀ ਜਾਣਕਾਰੀ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਯੂ. ਕੇ ਇੰਟਰਨੈਸ਼ਨਲ ਸਕੂਲ ਦੇ ਬੱਚਿਆਂ ਨੂੰ ਫਾਇਰ ਬ੍ਰਿਗੇਡ ਦੇ ਅਫਸਰ ਸਬ ਇੰਸਪੈਕਟਰ ਵਰਿੰਦਰ ਕੁਮਾਰ, ਉਨ੍ਹਾਂ ਦੇ ਸਾਥੀ ਸੁਨੀਲ ਕੁਮਾਰ ਵੱਲੋਂ ਅੱਗ ਬੁਝਾਉਣ ਸੰਬੰਧੀ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਉਨ੍ਹਾਂ ਨੇ ਬੱਚਿਆਂ ਨੂੰ ਅੱਗ ਲੱਗਣ ਉਪਰੰਤ ਕੋਈ ਵੀ ਆਉਣ ਵਾਲੀ ਮੁਸੀਬਤ ਵਿੱਚ ਆਪਣੇ ਆਪ ਨੂੰ ਅਤੇ ਆਪਣੇ ਆਸ-ਪਾਸ ਦੇ ਲੋਕਾਂ ਨੂੰ ਬਚਾਉਣ ਲਈ ਸਿਲੰਡਰ ਦਾ ਉਪਯੋਗ ਕਰਨ ਲਈ ਜਾਣਕਾਰੀ ਦਿੱਤੀ ਅਤੇ ਬੱਚਿਆਂ ਨੂੰ ਇਸ ਦਾ ਉਪਯੋਗ ਕਰਨ ਬਾਰੇ ਵਿਸਥਾਰ ਪੂਰਵਕ ਪ੍ਰੈਕਟੀਕਲ ਦੇ ਦੁਆਰਾ ਸਮਝਾਇਆ। ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਸਾਡੇ ਆਸ-ਪਾਸ ਹਰ ਸਥਾਨ ਤੇ ਅੱਗ ਬੁਝਾਉਣ ਵਾਲੇ ਸਿਲੰਡਰ ਮੌਜੂਦ ਹੁੰਦੇ ਹਨ, ਸਾਨੂੰ ਇਨ੍ਹਾਂ ਦਾ ਉਪਯੋਗ ਕਰਕੇ ਮੁਸੀਬਤ ਦਾ ਸਾਹਮਣਾ ਕਰਨਾ ਚਾਹੀਦਾ ਹੈ। ਯੂ ਕੇ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਮੈਡਮ ਕੋਮਲ ਅਗਰਵਾਲ ਨੇ ਅਤੇ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਨੇ ਆਏ ਹੋਏ ਮੁਲਾਜ਼ਮਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸੰਤ ਬਾਬਾ ਗੁਰਮੀਤ ਸਿੰਘ ਵੱਲੋਂ ਬੇਸਬਾਲ ਖਿਡਾਰੀ ਸਨਮਾਨਤ

ਕੋਟ ਈਸੇ ਖਾਂ (ਅਰੋੜਾ)-36ਵੀਂ ਬੇਸਬਾਲ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ, ਜੋ ਮਸਤੂਆਣਾ ਸਾਹਿਬ ਵਿਖੇ ਕਰਾਈ ਗਈ, ਜਿਸ ਵਿੱਚ ਪੰਜਾਬ ਬੇਸਬਾਲ ਲੜਕਿਆਂ ਦੀ ਟੀਮ ਵੱਲੋਂ ਬਰਾਊਨਸ ਮੈਡਲ ਪ੍ਰਾਪਤ ਕੀਤਾ ਗਿਆ। ਇਸ ਵਿੱਚ ਮੋਗਾ ਜ਼ਿਲ੍ਹੇ ਵੱਲੋਂ ਬੇਸਬਾਲ ਦੇ ਖਿਡਾਰੀ ਸਤਿੰਦਰ ਸਿੰਘ ਨੇ ਵੀ ਭਾਗ ਲਿਆ ਅਤੇ ਬਰਾਊਨ ਮੈਡਲ ਹਾਸਲ ਕੀਤਾ। ਇਸ ਪ੍ਰਾਪਤੀ 'ਤੇ ਮੋਗਾ ਜ਼ਿਲ੍ਹਾ ਬੇਸਬਾਲ ਐਸੋਸੀਏਸ਼ਨ ਦੇ ਸਰਪ੍ਰਸਤ ਸੰਤ ਬਾਬਾ ਗੁਰਮੀਤ ਸਿੰਘ ਵੱਲੋਂ ਸਤਿੰਦਰ ਸਿੰਘ ਦਾ 10 ਹਜ਼ਾਰ ਰੁਪਏ ਦਾ ਨਕਦ ਰਾਸ਼ੀ ਨਾਲ ਸਨਮਾਨ ਕੀਤਾ ਗਿਆ। ਮੋਗਾ ਜ਼ਿਲ੍ਹਾ ਬੇਸਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਪਲਵਿੰਦਰ ਸਿੰਘ ਨੇ ਦੱਸਿਆ ਕਿ ਇਹ ਖਿਡਾਰੀ ਪਿਛਲੇ ਸਾਲਾਂ ਤੋਂ ਬੇਸਬਾਲ ਅਤੇ ਸਾਫ਼ਟਬਾਲ ਗੇਮ ਵਿੱਚ ਵੱਡੀਆਂ ਪ੍ਰਾਪਤੀਆਂ ਕਰ ਚੁੱਕਾ ਹੈ। ਇਸ ਖਿਡਾਰੀ ਨੇ ਮੋਗੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ, ਜਿਸ ਨੂੰ ਸਨਮਾਨਤ ਕੀਤਾ ਗਿਆ। ਸੰਤ ਬਾਬਾ ਗੁਰਮੀਤ ਸਿੰਘ ਨੇ ਖਿਡਾਰੀ ਨੂੰ ਹੋਰ ਵੱਧ ਮਿਹਨਤ ਕਰਕੇ ਵੱਡੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ। ਇਸ ਪ੍ਰਾਪਤੀ ਉੱਤੇ ਵਿਸ਼ੇਸ਼ ਤੌਰ 'ਤੇ ਲੈਕਚਰਾਰ ਮਨਦੀਪ ਸਿੰਘ, ਪਰਮਜੀਤ ਕੌਰ, ਰਾਜਵਿੰਦਰਜੀਤ ਕੌਰ, ਹਰਜੀਤ ਕੌਰ, ਸੰਜੀਵ ਕੁਮਾਰ, ਦੀਪਕ ਸ਼ਰਮਾ, ਗੁਰਜੰਟ ਸਿੰਘ ਸੰਧੂ, ਸਵਰਨ ਦਾਸ, ਸਤਨਾਮ ਸਿੰਘ ਤੂਰ, ਨਿਰਮਲ ਸਿੰਘ ਕਲੇਰ, ਅੰਗਰੇਜ਼ ਸਿੰਘ ਖੋਸਾ, ਪ੍ਰਿੰਸੀਪਲ ਚੰਦਰ ਸ਼ੇਖਰ ਵਰਮਾ, ਹਰਜੀਤ ਸਿੰਘ, ਕੋਚ ਨਵਤੇਜ ਸਿੰਘ, ਰੁਪਿੰਦਰ ਸਿੰਘ ਤੇ ਜਸਪ੍ਰੀਤ ਸਿੰਘ ਨੇ ਵਧਾਈ ਦਿੱਤੀ।

ਰਿਟਾਇਰਡ ਟੀਚਰ ਤੇ ਪੈਨਸ਼ਨਰਜ਼ ਦੀ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਰਿਟਾਇਰਡ ਟੀਚਰ ਤੇ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਕਾਰਜਕਾਰੀ ਕਮੇਟੀ ਦੀ ਮੀਟਿੰਗ ਕ੍ਰਿਸ਼ਨ ਕੁਮਾਰ ਸੈਦਕਾ ਸਟੇਟ ਬਾਡੀ ਦੇ ਪ੍ਰਧਾਨ ਦੀ ਅਗਵਾਈ ਵਿੱਚ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਵਿੱਚ 17 ਦਸੰਬਰ 2023 ਨੂੰ ਪੈਨਸ਼ਨਰਜ਼ ਦਿਵਸ ਮਨਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੈਨਸ਼ਨਰਜ਼ ਦਿਵਸ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀ ਖਾਨਾ ਰੋਡ (ਲੜਕੀਆਂ) ਫਿਰੋਜ਼ਪੁਰ ਸ਼ਹਿਰ ਵਿਖੇ ਸਵੇਰੇ 11 ਵਜੇ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਰਮੇਸ਼ ਕੁਮਾਰ ਗਰੋਵਰ ਜਨਰਲ ਸਕੱਤਰ, ਦੀਵਾਨ ਚੰਦ ਸੁਖੀਜਾ ਮੀਤ ਸਕੱਤਰ, ਬਲਵਿੰਦਰ ਪਾਲ ਸ਼ਰਮਾ, ਸਵਦੇਸ਼ ਕੁਮਾਰ ਤੇ ਧਵਨ ਹਾਜ਼ਰ ਸਨ।

ਗੁਰਦੁਆਰਾ ਬਾਬਾ ਨੰਦ ਸਿੰਘ ਵਿਖੇ ਕਮੇਟੀ ਦੀ ਚੋਣ

ਕੋਟ ਈਸੇ ਖਾਂ (ਅਰੋੜਾ)-ਪਿੰਡ ਲੋਹਾਰਾ ਦੇ ਗੁਰਦੁਆਰਾ ਧੰਨ ਧੰਨ ਬਾਬਾ ਨੰਦ ਸਿੰਘ ਜੀ ਵਿਖੇ ਸਵੇਰੇ ਨਿਤਨੇਮ ਹੋਣ ਤੋਂ ਬਾਅਦ ਪਿੰਡ ਦੀਆਂ ਸੰਗਤਾਂ ਤੇ ਪੁਰਾਣੀ ਕਮੇਟੀ ਦੇ ਪ੍ਰਧਾਨ ਗੁਰਮੇਲ ਸਿੰਘ ਤੇ ਸਰਪੰਚ ਕਰਮਜੀਤ ਸਿੰਘ ਗਿੱਲ, ਸੁਰਜੀਤ ਸਿੰਘ ਲੋਹਾਰਾ ਜ਼ਿਲ੍ਹਾ ਸਕੱਤਰ ਤੋਂ ਇਲਾਵਾ ਨਹਿੰਗ ਸਿੰਘ ਜਥੇਬੰਦੀਆਂ ਦੀ ਸਹਿਮਤੀ ਨਾਲ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਦਿਲਬਾਗ ਸਿੰਘ ਨੂੰ ਚੇਅਰਮੈਨ, ਪ੍ਰਧਾਨ ਅਵਤਾਰ ਸਿੰਘ, ਮੀਤ ਪ੍ਰਧਾਨ ਚਰਨਪ੍ਰੀਤ ਸਿੰਘ, ਸਕੱਤਰ ਜਥੇਦਾਰ ਬਲਦੇਵ ਸਿੰਘ ਤੇ ਖਜ਼ਾਨਚੀ ਅਮਰਜੀਤ ਸਿੰਘ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਕਮੇਟੀ ਦੇ ਨਾਲ 15 ਮੈਂਬਰਾਂ ਦੀ ਵੀ ਚੋਣ ਹੋਈ। ਇਸ ਕਮੇਟੀ ਦੇ ਨਾਲ ਬਾਬਾ ਨੰਦ ਸਿੰਘ ਸੇਵਾ ਸੁਸਾਇਟੀ ਝਾੜੂ ਵਾਲੇ ਸੇਵਾਦਾਰਾਂ ਦਾ ਵਿਸ਼ੇਸ਼ ਸਹਿਯੋਗ ਰਹੇਗਾ।

ਸੁਪਰੀਮ ਇੰਟਰਨੈਸ਼ਨਲ ਸਕੂਲ ਵਿਖੇ ਖੇਡ ਮੁਕਾਬਲੇ ਕਰਵਾਏ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਖੇਡ ਮੁਕਾਬਲੇ ਸੰਸਥਾ ਦੇ ਮੁਖੀ ਮੈਨੇਜਿੰਗ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ ਤੇ ਪ੍ਰਿੰਸੀਪਲ ਸ਼ਿਆਮਾ ਨਾਇਰ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਵਿਦਿਆਰਥੀਆਂ ਨੇ ਬੜੇ ਜੋਸ਼ ਖਰੋਸ਼ ਨਾਲ ਹਿੱਸਾ ਲਿਆ। ਖੇਡ ਸਮਾਰੋਹ ਦਾ ਆਰੰਭ ਵਿਦਿਆਰਥੀਆਂ ਦੁਆਰਾ ਪ੍ਰੇਡ ਰਾਹੀਂ ਤੇ ਖੇਡ ਪ੍ਰਥਾ ਅਨੁਸਾਰ ਮੁੱਖ ਮਹਿਮਾਨਾਂ ਦੁਆਰਾ ਝੰਡਾ ਲਹਿਰਾ ਕੇ ਕੀਤਾ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਵਿੱਚ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ ਜਿਵੇਂ ਕਿ ਡੱਡੂ ਦੌੜ, ਜੰਪਿੰਗ ਦੌੜ, ਰਿਲੇਅ ਰੇਸ, ਲੌਂਗ ਜੰਪ ਤੇ ਦੌੜਾਂ ਆਦਿ। ਪ੍ਰਬੰਧਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਰੰਗ ਬੰਨ੍ਹਿਆ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਚਰਨ ਸਿੰਘ ਨੇ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦਾ ਵੀ ਆਪਣਾ ਮਹੱਤਵਪੂਰਨ ਸਥਾਨ ਹੈ। ਖੇਡਾਂ ਵਿਦਿਆਰਥੀਆਂ ਅੰਦਰ ਨੈਤਿਕ ਗੁਣ ਜਿਵੇਂ ਕਿ ਸਹਿਣਸ਼ੀਲਤਾ, ਅਨੁਸ਼ਾਸਨ, ਸਦਾਚਾਰ, ਜਿੱਤਣ ਦੀ ਤਾਂਘ, ਇਕਜੁੱਟਤਾ, ਸਕਾਰਾਤਮਕ ਸੋਚ ਪੈਦਾ ਕਰਦੀਆਂ ਹਨ। ਵਿਦਿਆਰਥੀਆਂ ਦੇ ਉਤਸ਼ਾਹ ਤੇ ਜੋਸ਼ ਨੂੰ ਦੇਖਦੇ ਹੋਏ ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਭਵਿੱਖ 'ਚ ਵੀ ਕਰਵਾਏ ਜਾਣਗੇ।

ਅਮਨਜੋਤ ਕੌਰ ਨੇ ਹਾਸਲ ਕੀਤੇ ਪੀ ਟੀ ਈ 'ਚੋਂ 62 ਸਕੋਰ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਬੈਟਰ ਸਕਿੱਲ ਇਮੀਗ੍ਰੇਸ਼ਨ ਕੋਟ ਈਸੇ ਖਾਂ ਸ਼ਹਿਰ ਦੀ ਪਹਿਲੀ ਸ਼੍ਰੇਣੀ ਦੀ ਸੰਸਥਾ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਪੀ ਟੀ ਈ ਦੀ ਹੋਈ ਪ੍ਰੀਖਿਆ ਵਿੱਚ ਅਮਨਜੋਤ ਕੌਰ ਵਾਸੀ ਮੰਦਰ ਨੇ ਓਵਰਆਲ 62 ਸਕੋਰ ਹਾਸਲ ਕਰਕੇ ਆਪਣੇ ਵਿਦੇਸ਼ ਜਾਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਰਾਹ ਪੱਧਰਾ ਕੀਤਾ ਹੈ। ਅਮਨਜੋਤ ਕੌਰ ਨੂੰ ਸਰਟੀਫਿਕੇਟ ਸੌਂਪਦਿਆਂ ਓਏ ਸਾਡੇ ਸਟਾਫ ਮੈਂਬਰ ਤੇ ਉਨ੍ਹਾਂ ਦੇ ਮਾਪੇ ਨੇ ਦੂਸਰੇ ਵਿਦਿਆਰਥੀਆਂ ਨੂੰ ਵੀ ਇਸ ਤੋਂ ਪ੍ਰੇਰਣਾ ਲੈ ਕੇ ਸਖ਼ਤ ਮਿਹਨਤ ਕਰਦਿਆਂ ਆਪਣੇ ਸੁਪਨੇ ਸਾਕਾਰ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਤਜਰਬੇਕਾਰ ਸਟਾਫ਼ ਵਿਦਿਆਰਥੀਆਂ ਨੂੰ ਪੂਰੀ ਮਿਹਨਤ ਕਰਵਾ ਕੇ ਆਈਲਟਸ ਤੇ ਪੀ ਟੀ ਈ ਦੀ ਤਿਆਰੀ ਕਰਵਾਉਂਦੇ ਹਨ ਤੇ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਵਧੀਆ ਕੋਚਿੰਗ ਲੇਟੈਸਟ ਮਟੀਰੀਅਲ ਇਕੱਲੇ ਇਕੱਲੇ ਵਿਦਿਆਰਥੀ ਦੀ ਸਪੀਕਿੰਗ ਰੀਡਿੰਗ ਲਿਸਨਿੰਗ ਰਾਈਟਿੰਗ ਦੀਆਂ ਕਲਾਸਾਂ ਲਗਾਈਆਂ ਜਾਂਦੀਆਂ ਹਨ। ਇਸ ਮੌਕੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਅਮਨਜੋਤ ਕੌਰ ਨੂੰ ਵਧਾਈ ਦਿੰਦਿਆਂ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਦੱਸਿਆ ਕਿ ਇਕੋ ਛੱਤ ਹੇਠ ਸਾਰੀਆਂ ਸਹੂਲਤਾਂ ਮਿਲ ਰਹੀਆਂ ਹਨ, ਸਟੱਡੀ ਵੀਜ਼ਾ, ਵਿਜ਼ਟਰ ਵੀਜ਼ਾ, ਵਰਕ ਪਰਮਿਟ ਅਤੇ ਆਈਲਟਸ ਤੇ ਪੀ ਟੀ ਈ ਦੀ ਕੋਚਿੰਗ ਵੀ ਦਿੱਤੀ ਜਾਂਦੀ ਹੈ।

ਨਿੱਜੀ ਸਕੂਲਾਂ 'ਚ ਪੰਜਾਬੀ ਬੋਲਣ 'ਤੇ ਪਾਬੰਦੀ ਵਿਰੁੱਧ ਮਾਲਵਾ ਲਿਖਾਰੀ ਸਭਾ ਅੱਗੇ ਆਈ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਨੇ ਸੰਗਰੂਰ ਦੇ ਵੱਖ- ਵੱਖ ਨਿੱਜੀ ਸਕੂਲਾਂ ਦੇ ਪ੍ਰਬੰਧਕਾਂ ਨੂੰ ਪੱਤਰ ਲਿਖ ਕੇ ਮਾਂ ਬੋਲੀ ਪੰਜਾਬੀ ਦੇ ਹੋ ਰਹੇ ਨਿਰਾਦਰ ਵੱਲ ਦਿਵਾਇਆ ਹੈ। ਸਭਾ ਦੇ ਪ੍ਰਧਾਨ ਸ੍ਰੀ ਕਰਮ ਸਿੰਘ ਜ਼ਖ਼ਮੀ ਨੇ ਕਿਹਾ ਕਿ ਕੁੱਝ ਨਿੱਜੀ ਸਕੂਲਾਂ ਵਿੱਚ ਬੱਚਿਆਂ ਨੂੰ ਪੰਜਾਬੀ ਬੋਲਣ ਉੱਤੇ ਜੁਰਮਾਨਾ ਲਾਇਆ ਜਾਂਦਾ ਹੈ ਅਤੇ ਧੱਕੇ ਨਾਲ ਹਿੰਦੀ ਬੋਲਣ ਲਈ ਮਜਬੂਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬੰਗਾਲ, ਮਹਾਰਾਸ਼ਟਰ, ਗੁਜਰਾਤ, ਤਾਮਿਲਨਾਡੂ ਤੇ ਹੋਰਨਾਂ ਕਈ ਰਾਜਾਂ ਵਿਚਲੇ ਸਕੂਲਾਂ ਦੇ ਬੱਚੇ ਆਪਣੀ ਮਾਂ ਬੋਲੀ ਵਿ ਗੱਲ ਕਰਦੇ ਹਨ ਤਾਂ ਪੰਜਾਬ ਵਿਚ ਮਾਂ ਬੋਲੀ ਦਾ ਨਿਰਾਦਰ ਕਿਉਂ ਕੀਤਾ ਜਾਂਦਾ ਹੈ। ਸ੍ਰੀ ਜ਼ਖ਼ਮੀ ਨੇ ਕਿਹਾ ਕਿ ਪੰਜਾਬ ਭਾਸ਼ਾ ਐਕਟ ਵਿੱਚ ਸਪੱਸ਼ਟ ਹੈ ਕਿ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਆਪਣੀ ਮਾਂ ਬੋਲੀ ਉੱਤੇ ਸਕੂਲ ਪ੍ਰਬੰਧਕਾਂ ਵਲੋਂ ਪਾਬੰਦੀ ਲਗਾਉਣਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਜੋ ਇਸ ਪੱਤਰ ਦੇ ਲਿਖਣ ਤੋਂ ਬਾਅਦ ਵੀ ਸਥਿਤੀ ਠੀਕ ਨਾ ਹੋਈ ਤਾਂ ਉਹ ਇਸ ਮਾਮਲੇ ਨੂੰ ਮਨੁੱਖੀ ਅਧਿਕਾਰ ਕਮਿਸਨ, ਸਿੱਖਿਆ ਵਿਭਾਗ ਪੰਜਾਬ ਅਤੇ ਬਾਲ ਭੁਲਾਈ ਕਮਿਸ਼ਨ ਵਿੱਚ ਲੈ ਕੇ ਜਾਣਗੇ। ਸ੍ਰੀ ਜ਼ਖ਼ਮੀ ਨੇ ਮਾਂ ਬੋਲੀ ਦਾ ਸਤਿਕਾਰ ਕਰਨ ਵਾਲੀਆਂ ਸੰਸਥਾਵਾਂ ਅਤੇ ਸ਼ਖ਼ਸੀਅਤਾਂ ਨੂੰ ਇਸ ਮੁੱਦੇ ਉੱਤੇ ਪਹਿਰਾ ਦੇਣ ਦਾ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਨਾਲ ਡਾ. ਮੀਤ ਖਟੜਾ, ਡਾ. ਇਕਬਾਲ ਸਿੰਘ ਸਕਰੌਦੀ, ਰਜਿੰਦਰ ਸਿੰਘ ਰਾਜਨ, ਸੁਖਵਿੰਦਰ ਸਿੰਘ ਲੋਟੇ, ਜਗਜੀਤ ਸਿੰਘ ਲੱਡਾ, ਕੁਲਵੰਤ ਖਨੌਰੀ, ਬਾਲੀ ਰੇਤਗੜ੍ਹ ਤੇ ਸੁਰਜੀਤ ਸਿੰਘ ਮੌਜੀ ਆਦਿ ਸਾਹਿਤਕਾਰ ਵੀ ਮੌਜੂਦ ਸਨ।

ਦੱਖਣੀ ਏਸ਼ੀਆਈ ਡਾਕਟਰਾਂ ਨੇ ਗਾਜ਼ਾ 'ਚ ਤੁਰੰਤ ਜੰਗਬੰਦੀ ਦੀ ਕੀਤੀ ਮੰਗ

ਲਧਿਆਣਾ (ਐੱਮ ਐੱਸ ਭਾਟੀਆ)

ਦੱਖਣੀ ਏਸ਼ੀਆ ਤੋਂ ਪ੍ਰਮਾਣੂ ਯੁੱਧ ਦੀ ਰੋਕਥਾਮ ਲਈ ਡਾਕਟਰਾਂ ਦੀ ਅੰਤਰਰਾਸ਼ਟਰੀ ਜਥੇਬੰਦੀ ਇੰਟਰਨੈਸ਼ਨਲ ਫਿਜੀਸ਼ੀਅਨ ਫੌਰ ਦੀ ਪ੍ਰੀਵੈਂਸ਼ਨ ਆਫ ਨਿਊਕਲੀਅਰ ਵਾਰ (ਆਈ ਪੀ ਪੀ ਐੱਨ ਡਬਲਯੂ) ਦੇ ਸਹਿਯੋਗੀ ਸੰਗਠਨਾਂ ਦੀ ਇੱਕ ਵਰਚੁਅਲ ਮੀਟਿੰਗ ਨੇ ਗਾਜਾ ਵਿੱਚ ਤੁਰੰਤ ਜੰਗਬੰਦੀ ਦੀ ਮੰਗ ਕੀਤੀ। ਹਾਲਾਂਕਿ ਹਮਾਸ ਦੀ ਕਾਰਵਾਈ ਨੂੰ ਮੁਆਫ ਨਹੀਂ ਕੀਤਾ ਜਾ ਸਕਦਾ ਹੈ, ਪਰ ਗਾਜਾ 'ਤੇ ਇਜ਼ਰਾਈਲ ਦੁਆਰਾ ਪੂਰੀ ਤਰ੍ਹਾਂ ਨਾਲ ਗੈਰ-ਅਨੁਪਾਤਕ ਹਮਲਾ ਕਰਨਾ ਬਹੁਤ ਹੀ ਨਿੰਦਣਯੋਗ ਹੈ। ਗਾਜਾ ਵਿੱਚ ਇਸ ਸਮੇਂ ਸਥਿਤੀ ਭਿਆਨਕ ਹੈ। ਅਜਿਹਾ ਪ੍ਰਤੀਤ ਹੁੰਦਾ ਹੈ ਕਿ ਇਜ਼ਡਰਾਈਲ ਦਾ ਉਦੇਸ਼ ਹਮਾਸ ਨੂੰ ਸਜ਼ਾ ਦੇਣਾ ਨਹੀਂ, ਬਲਕਿ ਪੂਰੇ ਫਲਸਤੀਨੀਆਂ ਨੂੰ ਤਬਾਹ ਕਰਨਾ ਹੈ। ਜੰਗ ਤੁਰੰਤ ਖਤਮ ਹੋਣੀ ਚਾਹੀਦੀ ਹੈ ਤੇ ਗੱਲਬਾਤ ਮੁੜ ਸ਼ੁਰੂ ਹੋਣੀ ਚਾਹੀਦੀ ਹੈ। ਅੰਤਰਰਾਸ਼ਟਰੀ ਸਬੰਧਾਂ ਦੇ ਸੇਵਾਮੁਕਤ ਪ੍ਰੋਫੈਸਰ ਤੇ ਦਿੱਲੀ ਯ

12-Dec-PAGE-3.qxd 12/11/2023 11:06 PM Page 1

5 ਕਿੱਲੋ 20 ਗ੍ਰਾਮ ਹੈਰੋਇਨ ਬਰਾਮਦ, 1 ਮੁਲਜ਼ਮ ਗ੍ਰਿਫ਼ਤਾਰ

ਤਰਨ ਤਾਰਨ (ਪ੍ਰਿਤਪਾਲ ਸਿੰਘ)

ਆਈਪੀਐੱਸ ਐੱਸਐੱਸਪੀ ਤਰਨ ਤਾਰਨ ਵੱਲੋਂ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਸਬੰਧੀ ਮਨਿੰਦਰ ਸਿੰਘ ਆਈਪੀਐੱਸ ਐੱਸ.ਪੀ ਹੈੱਡਕੁਆਟਰ ਤਰਨ ਤਾਰਨ ਅਡੀਸ਼ਨਲ ਚਾਰਜ ਐੱਸਪੀ (ਡੀ) ਤਰਨ ਤਾਰਨ ਦੀ ਨਿਗਰਾਨੀ ਹੇਠ ਅਰੁਣ ਸ਼ਰਮਾ ਡੀਐੱਸਪੀ (ਡੀ) ਤਰਨ ਤਾਰਨ ਅਤੇ ਇੰਸਪੈਕਟਰ ਪ੍ਰਭਜੀਤ ਸਿੰਘ ਇੰਚਾਰਜ ਸੀ.ਆਈ.ਏ ਤਰਨ ਤਾਰਨ ਵੱਲੋਂ ਨਸਾ ਤਸਕਰਾਂ ਨੂੰ ਕਾਬੂ ਕਰਨ ਲਈ ਵੱਖ-ਵੱਖ ਟੀਮਾਂ ਤਿਆਰ ਕਰਕੇ ਭੇਜੀਆਂ ਗਈਆ ਸਨ ਜਿਸ ਤੇ ਪੁਲਸ ਪਾਰਟੀ ਗਸ਼ਤ ਵਾ ਤਲਾਸ਼ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੀਆਈਏ ਸੋਰੋਂ ਤੋਂ ਲਿੰਕ ਰੋਡ ਖੈਰਦੀਨਕੇ, ਬਾਬਾ ਬੁੱਢਾ ਸਾਹਿਬ ਪੁਲ ਸੂਆ ਰਸਤਾ ਐਮਾ ਪਰ ਮੌਜੂਦ ਆਉਣ-ਜਾਣ ਵਾਲੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਤਾਂ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਦੀ ਸਾਇਡ ਤੋਂ ਇੱਕ ਕਾਰ ਆਉਂਦੀ ਦਿਖਾਈ ਦਿੱਤੀ ਜਿਸਨੂੰ ਸ਼ੱਕ ਦੀ ਬਿਨਾਹ ਤੇ ਰੁਕਣ ਦਾ ਇਸ਼ਾਰਾ ਕੀਤਾ ਤਾਂ ਕਾਰ ਚਾਲਕ ਨੇ ਗੱਡੀ ਰੋਕਣ ਦੀ ਬਜਾਏ ਇੱਕ ਦਮ ਕਾਰ ਨੂੰ ਭਜਾਉਣ ਦੀ ਕੋਸ਼ਿਸ਼ ਕੀਤੀ ਤਾਂ ਕਾਰ ਬੰਦ ਹੋ ਗਈ ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਕਾਰ ਵਿਚੋ ਉਤਾਰ ਕੇ ਨਾਮ ਪਤਾ ਪੁਛਿਆ ਜਿਸਨੇ ਆਪਣਾ ਨਾਮ ਦੀਪਕ ਕੁਮਾਰ ਉਰਫ ਕੋਚਰ ਪੁੱਤਰ ਸਾਮ ਕੁਮਾਰ ਪੁੱਤਰ ਮਾਲਾਰਾਮ ਵਾਸੀ ਮਕਾਨ ਨੰਬਰ 60 ਵੈਕਟੋਰੀਆ ਇਨਕਲੇਵ, ਪਿੰਡ ਬੱਲੂਕੀ ਥਾਣਾ ਹੈਬੋਵਾਲਾ ਜ਼ਿਲ੍ਹਾ ਲੁਧਿਆਣਾ ਦੱਸਿਆ। ਐੱਸ. ਆਈ. ਤਰਸੇਮ ਸਿੰਘ ਵੱਲੋਂ ਅਰੁਣ ਸ਼ਰਮਾ ਡੀਐੱਸਪੀ (ਡੀ) ਤਰਨ ਤਾਰਨ ਦੀ ਹਾਜ਼ਰੀ ਵਿੱਚ ਉਕਤ ਦੋਸ਼ੀ ਦੀ ਕਾਰ ਆਈ-20 ਨੰਬਰੀ-10-5363 ਰੰਗ ਸਿਲਵਰ ਦੀ ਤਲਾਸ਼ੀ ਕੀਤੀ ਤਾਂ ਕਾਰ ਦੀ ਕੰਡਕਟਰ ਸੀਟ ਦੀ ਪੈਰਾਂ ਵਾਲੀ ਜਗ੍ਹਾ ਪਰ ਪਿਆ ਵਜ਼ਨਦਾਰ ਤੋੜਾ ਬਰਾਮਦ ਹੋਇਆ ਜਿਸਨੂੰ ਚੈੱਕ ਕਰਨ ਤੇ ਉਸ ਵਿਚੋਂ 09 ਪੈਕਟ ਟੇਪ ਨਾਲ ਲਪੇਟੇ ਹੋਏ ਬਰਾਮਦ ਹੋਏ ਜਿਨ੍ਹਾ ਨੂੰ ਵਾਰੀ ਵਾਰੀ ਖੋਲ ਕੇ ਚੈੱਕ ਕੀਤਾ ਤਾਂ 09 ਪੈਕਟਾਂ ਵਿਚੋਂ ਹੈਰੋਇਨ ਬ੍ਰਾਮਦ ਹੋਈ। ਕਾਬੂ ਕੀਤੇ ਨੌਜਵਾਨ ਦੀਪਕ ਕੁਮਾਰ ਉਰਫ ਕੋਚਰ ਉਕਤ ਦੇ ਕਬਜੇ ਵਿੱਚੋਂ 05 ਕਿਲੋ 20 ਗ੍ਰਾਮ ਹੈਰੋਇਨ ਬ੍ਰਾਮਦ ਹੋਈ ਜੋ ਇਸ ਉਕਤ ਦੋਸ਼ੀ ਪਾਸੋਂ ਕੁੱਲ 05 ਕਿਲੋ 20 ਗ੍ਰਾਮ ਹੈਰੋਇਨ ਅਤੇ ਇੱਕ ਆਈ-20 ਨੰਬਰੀ-10-5363 ਬ੍ਰਾਮਦ ਕਰਕੇ ਮੁਕੱਦਮਾ ਨੰਬਰ 170 ਮਿਤੀ 09-12- 2023 ਜੁਰਮ 21-ਸੀ/25/29 ਐਨ.ਡੀ.ਪੀ.ਐੱਸ ਐਕਟ ਥਾਣਾ ਝਬਾਲ ਦਰਜ ਰਜਿਸਟਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਦੌਰਾਨੇ ਰਿਮਾਂਡ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਲੁੱਟ-ਖੋਹ ਕਰਨ ਵਾਲੇ ਤਿੰਨ ਨੌਜਵਾਨ ਕਾਬੂ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਥਾਣਾ ਤਿੱਬੜ ਦੀ ਪੁਲਸ ਨੇ ਇਕ ਸਕੂਟਰੀ ਸਵਾਰ ਪਤੀ-ਪਤਨੀ ਪਿਸਤੌਲ ਨੁਮਾ ਚੀਜ਼ ਦਿਖਾ ਕੇ ਲੁੱਟ-ਖੋਹ ਕਰਨ ਵਾਲੇ ਤਿੰਨ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਥਾਣਾ ਤਿੱਬੜ ਦੇ ਮੁਖੀ ਦਵਿੰਦਰ ਸਿੰਘ ਨੇ ਦੱਸਿਆ ਕਿ ਕਾਹਨ ਚੰਦ ਪੁੱਤਰ ਸ਼ਾਮ ਲਾਲ ਵਾਸੀ ਤਿੱਬੜ ਨੇ ਪੁਲਸ ਨੂੰ ਦੱਸਿਆ ਕਿ ਉਹ ਅਤੇ ਉਸਦੀ ਪਤਨੀ ਪਰਵੀਨ ਕੁਮਾਰੀ ਆਪਣੀ ਐਕਟਿਵਾ ਨੰਬਰੀ ਪੀ ਬੀ 06 ਬੀ ਡੀ 7496 ਤੇ ਸਵਾਰ ਹੋ ਕੇ ਤਿੱਬੜੀ ਪੁੱਲ ਤੋਂ ਨਹਿਰ ਦੀ ਪੱਟੜੀ-ਪੱਟੜੀ ਆਪਣੇ ਪਿੰਡ ਤਿੱਬੜ ਨੂੰ ਜਾਂਦੇ ਸਮੇਂ ਬੱਬੇਹਾਲੀ ਦੀ ਹੱਦ ਵਿੱਚ ਪੁੱਜੇ ਤਾਂ ਨਹਿਰ ਦੀ ਪੱਟੜੀ ਦੇ ਖੱਬੇ ਪਾਸੇ ਤਿੰਨ ਨੌਜਵਾਨ ਮੋਟਰਸਾਇਕਲ ਸਪਲੈਂਡਰ ਨੰਬਰੀ ਪੀ ਬੀ 46 ਏ ਈ 3479 ਖੜਾ ਕਰਕੇ ਖੋਹ ਕਰਨ ਦੀ ਉਡੀਕ ਵਿੱਚ ਸਨ। ਜਦੋਂ ਉਹ (ਕਾਹਨ ਚੰਦ) ਅਤੇ ਉਸਦੀ ਪਤਨੀ ਪਰਵੀਨ ਲਾਗੇ ਪੁੱਜੇ ਤਾਂ ਉਨ੍ਹਾਂ ਦੀ ਐਕਟਿਵਾ ਰੋਕ ਕੇ ਪਿਸਤੌਲ ਨੁਮਾ ਦਿਖਾ ਕੇ ਡਰਾ ਧਮਕਾ ਕੇ ਉਸਦਾ ਮੋਬਾਇਲ ਫੋਨ ਮਾਰਕਾ ਰੈਡਮੀ ਅਤੇ ਪਰਸ ਵਿੱਚੋਂ 1080 ਰੁਪਏ ਖੋਹ ਲਏ। ਇਸ ਬਾਰੇ ਇਤਲਾਹ ਮਿਲਣ ਤੇ ਤਫਤੀਸੀ ਅਫਸਰ ਏਐੱਸਆਈ ਪਲਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਉੱਕਤ ਤਿੰਨਾਂ ਮਲਜ਼ਮਾਂ ਨੂੰ ਕਾਬੂ ਕਰ ਲਿਆ। ਮੁਲਜ਼ਮਾਂ ਦੀ ਪਛਾਣ ਸੁਖਪ੍ਰੀਤ ਸਿੰਘ ਪੁੱਤਰ ਕੇਵਲ ਸਿੰਘ, ਗੁਰਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀਆਂਨ ਦੀਵਾਨੀਵਾਲ ਅਤੇ ਬੂਟਾ ਮਸੀਹ ਪੁੱਤਰ ਗੱਗੂ ਮਸੀਹ ਵਾਸੀ ਲਖੋਰਾ ਥਾਣਾ ਸਿਵਲ ਲਾਈਨ ਬਟਾਲਾ ਵਜੋਂ ਹੋਈ। ਇਨ੍ਹਾਂ ਵਿੱਚੋਂ ਗੁਰਵਿੰਦਰ ਸਿੰਘ ਕੋਲੋਂ ਇੱਕ ਏਅਰ ਗੰਨ, ਸੁਖਪ੍ਰੀਤ ਸਿੰਘ ਕੋਲੋਂ ਇੱਕ ਮੋਬਾਇਲ ਫੋਨ ਮਾਰਕਾ ਰੈਡਮੀ ਅਤੇ ਬੂਟਾ ਮਸੀਹ ਕੋਲੋਂ 1080 ਰੁਪਏ ਬਰਾਮਦ ਹੋਏ ਹਨ। ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਧਾਰਾ 379-ਬੀ ਤਹਿਤ ਕੇਸ ਦਰਜ ਕੀਤਾ ਹੈ।

ਕਾਰਪੋਰੇਟ ਘਰਾਣਿਆਂ ਪੱਖੀ ਸਰਕਾਰੀ ਨੀਤੀਆਂ ਖਿਲਾਫ ਲੋਕਾਂ ਦੀ ਲਾਮਬੰਦੀ ਜ਼ਰੂਰੀ : ਦਿਆਲ ਮੀਆਂਵਿੰਡ

ਮੀਆਂਵਿੰਡ (ਰਵੀ ਖਹਿਰਾ)

ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਜੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਕੋਰ ਕਮੇਟੀ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਦੀ ਅਗਵਾਈ ਹੇਠ ਜੋਨ ਦੇ ਪਿੰਡਾਂ ਵਿਚ 15 ਦਿਨਾਂ ਵਾਲੀਆਂ ਮੀਟਿੰਗਾਂ ਅਰੰਭ ਕੀਤੀਆਂ ਗਈਆਂ। ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਦੌਰਾਨ ਕਾਰਪੋਰੇਟ ਘਰਾਣਿਆਂ ਦੀ ਕਠਪੁਤਲੀ ਬਣੀ ਸਰਕਾਰ ਜੋ ਲੋਕਾਂ ਦੇ ਹੱਕਾਂ ਤੇ ਡਾਕੇ ਮਾਰ ਕੇ ਲਾਭ ਪਹੁਚਾਉਣ ਅਤੇ ਲੋਕ ਮਾਰੂ ਨੀਤੀਆਂ ਵਿਰੁੱਧ ਵੱਡੇ ਸੰਘਰਸ਼ਾਂ ਵਾਸਤੇ ਲੋਕਾਂ ਨੂੰ ਲਾਮਬੰਦ ਕਰਨ ਲਈ ਪਿੰਡ ਪਿੰਡ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਪਿੰਡ ਹੋਠੀਆਂ, ਪਿੰਡੀਆਂ, ਬਿਹਾਰੀਪੁਰ, ਆਲਮਪੁਰ ਅਤੇ ਵੈਰੋਵਾਲ ਬਾਵਿਆਂ ਵਿਖੇ ਮੀਟਿੰਗਾਂ ਕੀਤੀਆਂ ਗਈਆਂ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਦਿਆਲ ਸਿੰਘ ਮੀਆਂਵਿੰਡ, ਮੁਖਤਾਰ ਸਿੰਘ ਬਿਹਾਰੀਪੁਰ, ਸਤਨਾਮ ਸਿੰਘ ਖੋਜਕੀਪੁਰ, ਮਨਜੀਤ ਸਿੰਘ ਵੈਰੋਵਾਲ, ਪਰਮਜੀਤ ਸਿੰਘ ਬਾਠ ਦਾਰਾਪੁਰ, ਸਾਹਿਬ ਸਿੰਘ ਨਰੋਤਮਪੁਰ ਅਤੇ ਹਰਜਿੰਦਰ ਸਿੰਘ ਘੱਗੇ ਨੇ ਆਉਣ ਵਾਲੇ ਦਿਨਾਂ ਵਿੱਚ ਵਿੱਢੇ ਜਾਣ ਵਾਲੇ ਸੰਘਰਸ਼ਾਂ ਪ੍ਰਤੀ ਜਾਣਕਾਰੀ ਦਿੱਤੀ ਅਤੇ ਪਿੰਡਾਂ ਵਿੱਚ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵੱਧ ਤੋਂ ਵੱਧ ਫੰਡ ਇਕੱਠਾ ਕਰਨ ਲਈ ਕਿਹਾ ਇਸ ਮੌਕੇ ਪਿੰਡਾਂ ਦੇ ਪ੍ਰਧਾਨ ਸਾਹਿਬਾਨ ਨੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਲੱਗਣ ਵਾਲੇ ਮੋਰਚਿਆਂ ਵਿੱਚ ਪਿੰਡਾਂ ਤੋਂ ਸੰਗਤਾਂ ਹਰ ਵਕਤ ਤਿਆਰ ਬਰ ਤਿਆਰ ਹਨ ਜਦ ਵੀ ਸੂਬਾ ਕਮੇਟੀ ਜਾਂ ਜ਼ਿਲ੍ਹਾ ਆਗੂਆਂ ਵੱਲੋਂ ਕਦੇ ਵੀ ਐਮਰਜੈਂਸੀ ਕਾਲ ਆਉਂਦੀ ਹੈ ਤਾਂ ਵੱਡੀ ਪੱਧਰ ਤੇ ਮੋਰਚਿਆਂ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਹਰਜੀਤ ਸਿੰਘ ਹੋਠੀਆ, ਜਸਬੀਰ ਸਿੰਘ ਪਿੰਡੀਆਂ, ਬਲਰਾਜ ਸਿੰਘ ਪਿੰਡੀਆਂ, ਪ੍ਰਧਾਨ ਸੁਖਦੇਵ ਸਿੰਘ ਬਿਹਾਰੀਪੁਰ, ਅਮਰਜੀਤ ਸਿੰਘ ਬਿਹਾਰੀਪੁਰ, ਸਰਦੂਲ ਸਿੰਘ, ਦਲਬੀਰ ਸਿੰਘ, ਕਰਮ ਸਿੰਘ, ਕਸ਼ਮੀਰ ਸਿੰਘ, ਵੀਰ ਸਿੰਘ, ਨਿਰਮਲ ਸਿੰਘ, ਬਲਜਿੰਦਰ ਸਿੰਘ ਆਲਮਪੁਰ, ਧਰਮਿੰਦਰ ਸਿੰਘ ਆਲਮਪੁਰ, ਰੂਪ ਸਿੰਘ ਵੈਰੋਵਾਲ ਬਾਵੇ, ਬਲਕਾਰ ਸਿੰਘ, ਰਾਮ ਸਿੰਘ, ਸੁਖਦੇਵ ਸਿੰਘ ਬਲਬੀਰ ਸਿੰਘ, ਬੀਬੀ ਬਲਵਿੰਦਰ ਕੌਰ, ਜਸਵਿੰਦਰ ਕੌਰ, ਸੁਖਵਿੰਦਰ ਕੌਰ, ਸਤਵੰਤ ਕੌਰ, ਸੁਖਪਾਲ ਕੌਰ, ਜਸਬੀਰ ਕੌਰ, ਕੁਲਵਿੰਦਰ ਕੌਰ, ਸੁਖਵਿੰਦਰ ਕੌਰ ਵੈਰੋਵਾਲ ਅਤੇ ਰਵਿੰਦਰ ਕੌਰ ਸਮੇਤ ਵੱਖ-ਵੱਖ ਪਿੰਡਾਂ ਤੋਂ ਕਿਸਾਨ ਮਜ਼ਦੂਰ ਅਤੇ ਬੀਬੀਆਂ ਹਾਜ਼ਰ ਸਨ।

ਸੰਯੁਕਤ ਕਿਸਾਨ ਮੋਰਚੇ ਵੱਲੋਂ 20 ਨੂੰ ਐੱਸ ਐੱਸ ਪੀ ਵਿਰੁੱਧ ਧਰਨਾ ਦੇਣ ਦਾ ਐਲਾਨ

ਤਰਨਤਾਰਨ (ਨਜ਼ਸ)

ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਿਲ ਜਥੇਬੰਦੀਆਂ ਦਾ ਵਫਦ ਏਡੀਸੀ ਤਰਨਤਾਰਨ ਨੂੰ ਮਿਲਿਆ ਤੇ ਨੋਟਿਸ ਦਿੱਤਾ ਕਿ ਤਰਨਤਾਰਨ ਜ਼ਿਲ੍ਹੇ ਦੀ ਪੁਲਸ ਅਪਰਾਧਿਕ ਤੇ ਕਾਤਲਾਨਾ ਕਾਰਵਾਈਆਂ ਕਰਨ ਵਾਲਿਆਂ ਪ੍ਰਤੀ ਨਾ ਸਿਰਫ ਨਰਮ ਰਵੱਈਆ ਰੱਖ ਰਹੀ ਹੈ ਸਗੋਂ ਪੀੜਤ ਧਿਰਾਂ ਨਾਲ ਗੈਰ-ਜਮਹੂਰੀ ਵਰਤਾਓ ਵੀ ਕਰ ਰਹੀ ਹੈ ਜਿਸ ਦੀ ਉੱਘੜਵੀਂ ਮਿਸਾਲ ਪਿੰਡ ਪੱਧਰੀ ਕਲਾਂ ਵਿੱਚ 13 ਸਤੰਬਰ ਨੂੰ ਸਲਵਿੰਦਰ ਸਿੰਘ ਉਤੇ ਹੋਏ ਕਾਤਲਾਨਾ ਹਮਲਾ ਹੈ। ਜਾਨੋਂ ਮਾਰਨ ਦੀ ਨੀਅਤ ਨਾਲ ਹੋਏ ਹਮਲੇ ਦੀ ਐੱਫਆਈਆਰ 0126 ਮਿਤੀ 14-09-2023 ਨੂੰ ਦਰਜ ਕਰਨ ਉਪਰੰਤ ਵੀ ਅੱਜ 90 ਦਿਨ ਤੱਕ ਕੋਈ ਗ੍ਰਿਫ਼ਤਾਰੀ ਨਹੀਂ ਹੋਈ ਸਗੋਂ ਕੇਸ ਦੀ ਪੈਰਵਾਈ ਕਰਨ ਵਾਲੇ ਉਸਦੇ ਭਰਾ ਅਤੇ ਜਮਹੂਰੀ ਅਧਿਕਾਰ ਸਭਾ ਦੇ ਆਗੂ ਨਰਭਿੰਦਰ ਸਿੰਘ ਨੂੰ ਦਹਿਸ਼ਤਜ਼ਦਾ ਕਰਨ ਦੀ ਕੋਸ਼ਿਸ਼ ਕੀਤੀ। ਵਫਦ ਵੱਲੋਂ 2 ਦਸੰਬਰ ਨੂੰ ਐੱਸਐੱਸਪੀ ਨੂੰ ਮੰਗ ਪੱਤਰ ਦਿੱਤਾ ਪਰ ਉਨ੍ਹਾਂ ਉਸ ਉੱਤੇ ਕੋਈ ਗੌਰ ਨਹੀਂ ਕੀਤੀ ਨਾ ਹੀ ਮੰਗ ਪੱਤਰ ਦਾ ਨੰਬਰ ਹੀ ਦਿੱਤਾ। ਵਫਦ ਨੇ ਇਹ ਵੀ ਨੋਟ ਕੀਤਾ ਕਿ ਜ਼ਿਲਾ ਪੁਲਸ ਦੀ ਨਰਮ ਨੀਤੀ ਕਾਰਨ ਜ਼ਿਲ੍ਹੇ ਵਿਚ ਕਤਲਾਂ, ਗੁੰਡਾਗਰਦੀ ਦੀਆਂ ਘਟਨਾਵਾਂ, ਚੋਰੀਆਂ, ਲੁੱਟਾਂ-ਖੋਹਾਂ ਤੇ ਡਕੈਤੀਆਂ ਅਦਿ ਦੀਆਂ ਕਾਰਵਾਈਆਂ ਲਗਾਤਾਰ ਵੱਧ ਰਹੀਆਂ ਹਨ। ਅਪਰਾਧਿਕ ਤੇ ਗੁੰਡਾ ਗਰੋਹ ਦਨਦਨਾਉਂਦੇ ਫਿਰ ਰਹੇ ਹਨ। ਵਫਦ ਨੇ ਨੋਟਿਸ 'ਚ ਕਿਹਾ ਕਿ ਪੁਲਸ ਦੇ ਤਾਨਾਸ਼ਾਹ ਅਤੇ ਮਨਮਾਨੇ ਰਵੱਈਏ ਵਿਰੁੱਧ ਜ਼ਿਲ੍ਹੇ ਭਰ ਦੇ ਜਮਹੂਰੀ ਲੋਕਾਂ ਵੱਲੋਂ 20 ਦਸੰਬਰ ਨੂੰ ਐੱਸਐੱਸਪੀ ਦੇ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਵਫਦ ਵਿਚ ਜਮਹੂਰੀ ਕਿਸਾਨ ਸਭਾ ਦੇ ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਕੁਲਵੰਤ ਸਿੰਘ, ਜਗੀਰ ਸਿੰਘ, ਕਿਰਤੀ ਕਿਸਾਨ ਯੂਨੀਅਨ ਵੱਲੋਂ ਮਾਸਟਰ ਨੱਛਤਰ ਸਿੰਘ, ਕਰਮਜੀਤ ਸਿੰਘ, ਨਾਜਰ ਸਿੰਘ, ਬਲਵਿੰਦਰ ਸਿੰਘ ਸਖੀਰਾ, ਪੰਜਾਬ ਕਿਸਾਨ ਯੂਨੀਅਨ ਦੇ ਦਲਵਿੰਦਰ ਸਿੰਘ ਪੰਨੂ, ਕੌਮੀ ਕਿਸਾਨ ਯੂਨੀਅਨ ਵੱਲੋਂ ਅਜੈਬ ਸਿੰਘ ਦੀਨਪੁਰ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਗੁਰਪ੍ਰੀਤ ਸਿੰਘ ਗੰਡੀਵਿੰਡ, ਦਵਿੰਦਰ ਸੋਹਲ, ਇੰਡੀਅਨ ਫਾਰਮਰ ਐਸੋਸੀਏਸ਼ਨ ਵੱਲੋਂ ਕੁਲਵੰਤ ਸਿੰਘ ਫਤਿਹਾਬਾਦ, ਜਮਹੂਰੀ ਅਧਿਕਾਰ ਸਭਾ ਵੱਲੋਂ ਬਲਬੀਰ ਪਰਵਾਨਾ, ਨਰਭਿੰਦਰ ਸਿੰਘ ਤੇ ਪਿੰਡ ਪੱਧਰੀ ਕਲਾਂ ਨਿਵਾਸੀ ਭਗਵੰਤ ਸਿੰਘ, ਰਣਬੀਰ ਸਿੰਘ ਰਾਣਾ, ਨਰਵਿੰਦਰ ਸਿੰਘ ਆਦਿ ਸ਼ਾਮਿਲ ਹੋਏ। ਜਥੇਬੰਦੀਆਂ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਸ ਨਾਲ ਵੀ ਵਧੀਕੀਆਂ ਹੋਈਆਂ ਹਨ ਅਤੇ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ ਉਹ ਧਰਨੇ ਵਿੱਚ ਸ਼ਾਮਿਲ ਹੋਣ ਤਾਂ ਕਿ ਉਨ੍ਹਾਂ ਨੂੰ ਵੀ ਨਿਆਂ ਮਿਲ ਸਕੇ।

ਪੰਜਾਬ ਦੀਆਂ 5 ਕਿਸਾਨ ਜਥੇਬੰਦੀਆਂ ਵੱਲੋਂ 8 ਜਨਵਰੀ ਨੂੰ ਚੰਡੀਗੜ੍ਹ ਵਿਖੇ ਪੱਕਾ ਮੋਰਚਾ

ਮੀਆਂਵਿੰਡ (ਰਵੀ ਖਹਿਰਾ)-ਅਜ਼ਾਦ ਕਿਸਾਨ ਸਘੰਰਸ਼ ਕਮੇਟੀ ਪੰਜਾਬ ਦੀ ਵਿਸ਼ੇਸ਼ ਮੀਟਿੰਗ ਸ੍ਰੀ ਖਡੂਰ ਸਾਹਿਬ ਭਾਈ ਜੋਧ ਹਾਲ 'ਚ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਦਿਲਬਾਗ ਸਿੰਘ ਬਾਣੀਆਂ ਜੋਨ ਪ੍ਰਧਾਨ ਸ਼ਹੀਦ ਬਾਬਾ ਡੱਲਾ ਅਤੇ ਸੁਖਦੇਵ ਸਿੰਘ ਤੁੜ ਜੋਨ ਪ੍ਰਧਾਨ ਛਾਪੜੀ ਸਾਹਿਬ ਦੇ ਅਧਾਰਤ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ੋਨ ਕਮੇਟੀਆਂ ਅਤੇ ਇਕਾਈ ਕਮੇਟੀਆਂ ਦੇ ਪ੍ਰਧਾਨਾਂ ਅਤੇ ਸਕੱਤਰਾਂ ਤੋਂ ਇਲਾਵਾ ਆਗੂ ਸਾਹਿਬਾਨ ਅਤੇ ਵਰਕਰ ਵੱਡੀ ਗਿਣਤੀ 'ਚ ਪਹੁੰਚੇ। ਇਸ ਮੀਟਿੰਗ ਦਾ ਮੁੱਖ ਏਜੰਡਾ 18 ਨੂੰ ਚੰਡੀਗੜ੍ਹ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਦੇ ਪਾਣੀਆਂ-ਸੰਘੀਢਾਂਚਾ-ਫੈਡਰਲ ਸਿਸ਼ਟਮ-ਵਾਤਾਵਰਣ, ਕਰਜਾ ਮੰਗਾਂ ਨੂੰ ਲੈ ਕੇ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ ਤੇ ਉਸ 'ਤੇ ਵਿਚਾਰ ਕੀਤਾ। ਇਸ ਮੀਟਿੰਗ ਵਿੱਚ ਵਿਸੇਸ਼ ਤੌਰ 'ਤੇ ਪਹੁੰਚੇ ਜਥੇਬੰਦੀ ਦੇ ਸੂਬਾ ਸਰਪ੍ਰਸ਼ਤ ਬਾਬਾ ਮਹਿੰਦਰ ਸਿੰਘ ਵੇਈਂਪੂਈਂ ਅਤੇ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਟਾਂਡਾ ਹਾਜ਼ਰ ਸਨ। ਇਸ ਮੌਕੇ ਹਰਜਿੰਦਰ ਸਿੰਘ ਟਾਂਡਾ ਨੇ ਮੀਟਿੰਗ ਨੂੰ ਸੰਬੋਧਨ ਹੁੰਦਿਆਂ ਅਤੇ ਸਮੂਹ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਅਤੇ ਉਨ੍ਹਾਂ ਕਿਹਾ ਕਿ 18 ਜਨਵਰੀ 2024 ਨੂੰ ਚੰਡੀਗੜ੍ਹ ਲਗਾ ਰਹੇ ਪੱਕਾ ਮੋਰਚੇ ਦਾ ਸਾਥ ਦਿਓ। ਇਸ ਮੌਕੇ ਪ੍ਰਮਜੀਤ ਸਿੰਘ ਖਡੂਰ ਸਾਹਿਬ, ਰਸਪਾਲ ਸਿੰਘ ਭੈਲ, ਰਣਜੀਤ ਸਿੰਘ ਕੋਟਲੀ, ਮਨਜਿੰਦਰ ਸਿੰਘ ਨਾਗੋਕੇ, ਸੁਖਵਿੰਦਰ ਸਿੰਘ ਮੰਡਾਲਾ, ਮੇਘ ਸਿੰਘ ਬਸੰਬਰਪੁਰ, ਜਗੀਰ ਸਿੰਘ ਸੰਘਰ ਕੋਟ, ਜੱਸਾ ਸਿੰਘ ਕੱਦ ਗਿੱਲ, ਹਰਭਾਜ ਸਿੰਘ ਗੋਰਖਾ, ਗੁਰਪਾਲ ਸਿੰਘ ਜਮਸਤਪੁਰ, ਅਮਨਦੀਪ ਸਿੰਘ ਕਲੇਰ, ਜਸਵਿੰਦਰ ਸਿੰਘ ਟਾਂਡਾ, ਵਰਿਆਮ ਸਿੰਘ ਮੱਲਾ, ਕੁਲਵੰਤ ਸਿੰਘ ਖਹਿਰਾ, ਸਕੱਤਰ ਸਿੰਘ ਖੇਲਾ ਆਦਿ ਆਗੂ ਹਾਜ਼ਰ ਸਨ।

ਲਿਟਲ ਫਲਾਵਰ ਕਾਨਵੈਂਟ ਸਕੂਲ ਪੁਰਾਣਾ ਸ਼ਾਲਾ ਵਿਖੇ 6ਵਾਂ ਸਾਲਾਨਾ ਦਿਵਸ ਮਨਾਇਆ

**ਗੁਰਦਾਸਪੁਰ,

12-Dec-PAGE-4.qxd 12/11/2023 10:56 PM Page 1

ਨਵਾਂ ਜ਼ਮਾਨਾ
ਮੰਗਲਵਾਰ, 12 ਦਸੰਬਰ 2023

ਸਿੱਖਿਆ ਬਾਰੇ ਸੰਘੀ ਏਜੰਡਾ

ਮੋਦੀ ਸਰਕਾਰ ਆਪਣੇ ਦੂਜੇ ਕਾਰਜਕਾਲ ਦੇ ਅੰਤਲੇ ਸਾਲ ਆਪਣੇ ਰਹਿੰਦੇ ਏਜੰਡਿਆਂ ਨੂੰ ਪੂਰਾ ਕਰਨ ਲਈ ਪੂਰੀ ਤੇਜ਼ੀ ਨਾਲ ਲੱਗੀ ਹੋਈ ਹੈ। ਪਿਛਲੇ ਸਾਢੇ ਨੌਂ ਸਾਲ ਦੇ ਸਮੇਂ ਦੌਰਾਨ ਉਸ ਨੇ ਲੱਗਭੱਗ ਸਾਰੀਆਂ ਸੰਵਿਧਾਨਕ ਸੰਸਥਾਵਾਂ ਨੂੰ ਆਪਣੀਆਂ ਗੁਲਾਮ ਬਣਾ ਲਿਆ ਹੈ। ਈ ਡੀ, ਸੀ ਬੀ ਆਈ ਤੇ ਆਮਦਨ ਟੈਕਸ ਵਿਭਾਗ ਨੇ ਵਿਰੋਧੀ ਪਾਰਟੀਆਂ ਵਿਰੁੱਧ ਉਹ ਹਰ ਹੱਥਕੰਡਾ ਵਰਤਿਆ, ਜੋ ਹਕੂਮਤ ਚਾਹੁੰਦੀ ਸੀ। ਇਨ੍ਹਾਂ ਏਜੰਸੀਆਂ ਦੀ ਵਰਤੋਂ ਕਰਕੇ ਭਾਜਪਾ ਸਰਕਾਰ ਨੇ ਵਿਰੋਧੀ ਸਰਕਾਰਾਂ ਨੂੰ ਤੋੜਣ ਲਈ ਵਿਧਾਇਕਾਂ ਨੂੰ ਡਰਾ ਕੇ ਆਪਣੇ ਪਾਲੇ ਵਿੱਚ ਲਿਆਂਦਾ ਤੇ ਸਰਕਾਰਾਂ ਬਣਾਈਆਂ। ਇਹ ਸਿਲਸਿਲਾ ਹਾਲੇ ਤੱਕ ਵੀ ਜਾਰੀ ਹੈ। ਚੋਣ ਕਮਿਸ਼ਨ ਦੀ ਨਿਰਪੱਖ ਭੂਮਿਕਾ ਵੀ ਖ਼ਤਮ ਕਰ ਦਿੱਤੀ ਗਈ ਹੈ। ਨਿਆਂਪਾਲਿਕਾ ਨੂੰ ਨੱਥ ਪਾਉਣ ਦੇ ਲਗਾਤਾਰ ਯਤਨ ਜਾਰੀ ਹਨ।

ਹੁਣ ਯੂਨੀਅਨ ਗਰਾਂਟਸ ਕਮਿਸ਼ਨ (ਯੂ ਜੀ ਸੀ) ਤੇ ਨੈਸ਼ਨਲ ਕੌਂਸਲ ਆਫ਼ ਐਜੂਕੇਸ਼ਨ ਰਿਸਰਚ ਐਂਡ ਟਰੇਨਿੰਗ (ਐੱਨ ਸੀ ਈ ਆਰ ਟੀ) ਵਿਭਾਗ ਪੂਰੀ ਤਨਦੇਹੀ ਨਾਲ ਪਾਠਕ੍ਰਮਾਂ ਵਿੱਚ ਤਬਦੀਲੀ ਕਰਨ ਵਿੱਚ ਰੁਝੇ ਹੋਏ ਹਨ, ਜਿਹੜੀ ਸੱਤਾਧਾਰੀ ਧਿਰ ਦੀ ਵਿਚਾਰਧਾਰਾ ਲਈ ਲਾਹੇਵੰਦ ਹੈ।

ਨਵੀਂ ਸਿੱਖਿਆ ਨੀਤੀ ਸਾਡੇ ਸਿੱਖਿਆ ਢਾਂਚੇ ਦੇ ਬੁਨਿਆਦੀ ਸਰੂਪ ਨੂੰ ਪੂਰੀ ਤਰ੍ਹਾਂ ਬਦਲਣ ਵਾਲੀ ਹੈ। ਇਸ ਰਾਹੀਂ ਵਿਦਿਆਰਥੀਆਂ ਦੇ ਦਿਮਾਗਾਂ ਵਿੱਚ ਹਿੰਦੂ ਰਾਸ਼ਟਰ ਦਾ ਕੂੜਾ-ਕਰਕਟ ਭਰਨ ਦੀ ਕੋਸ਼ਿਸ਼ ਹੋਵੇਗੀ।

ਯੂ ਜੀ ਸੀ ਵੱਲੋਂ ਇੱਕ ਸਰਕੂਲਰ ਜਾਰੀ ਕਰਕੇ ਕਿਹਾ ਗਿਆ ਹੈ ਕਿ ਸਭ ਕਾਲਜਾਂ ਵਿੱਚ 'ਸੈਲਫੀ ਪੁਆਇੰਟ' ਬਣਾਏ ਜਾਣ, ਜਿਸ ਦੇ ਪਿਛੋਕੜ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਸਵੀਰ ਹੋਵੇ। ਇਹ ਸਿੱਧੇ ਤੌਰ ਉਤੇ ਲੋਕਤੰਤਰਿਕ ਅਸੂਲਾਂ ਦੀ ਉਲੰਘਣਾ ਹੈ। ਇਹ ਉਦੋਂ ਕੀਤਾ ਜਾ ਰਿਹਾ ਹੈ, ਜਦੋਂ 2024 ਦੀਆਂ ਲੋਕ ਸਭਾ ਚੋਣਾਂ ਸਿਰ ਉੱਤੇ ਹਨ।

ਇਸ ਦੇ ਨਾਲ ਹੀ ਇਹ ਨਿਰਦੇਸ਼ ਵੀ ਦਿੱਤਾ ਗਿਆ ਹੈ ਕਿ ਸੱਤਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪਾਠਕ੍ਰਮ ਦੇ ਹਿੱਸੇ ਵਜੋਂ 'ਮਹਾਂਭਾਰਤ' ਤੇ 'ਰਮਾਇਣ' ਦੀ ਪੜ੍ਹਾਈ ਕਰਾਈ ਜਾਵੇ। ਸਵਾਲ ਇਹ ਵੀ ਹੈ ਕਿ ਕਿਹੜੀ ਰਮਾਇਣ। ਏ ਕੇ ਰਾਮਾਨੁਜਨ ਦੇ ਇੱਕ ਲੇਖ ਮੁਤਾਬਕ ਵੱਖ-ਵੱਖ ਭਾਸ਼ਾਵਾਂ ਤੇ ਇਲਾਕਿਆਂ ਵਿੱਚ 300 ਦੇ ਕਰੀਬ ਰਮਾਇਣਾਂ ਹਨ। ਇਹ ਲੇਖ ਦਿੱਲੀ ਯੂਨੀਵਰਸਿਟੀ ਦੇ ਸਿਲੇਬਸ ਦਾ ਹਿੱਸਾ ਸੀ, ਪਰ ਏ ਬੀ ਵੀ ਪੀ ਦੇ ਵਿਰੋਧ ਤੋਂ ਬਾਅਦ ਇਸ ਨੂੰ ਹਟਾ ਦਿੱਤਾ ਗਿਆ ਸੀ। ਅਸਲ ਵਿੱਚ ਹਿੰਦੂਤਵੀ ਇੱਕ ਵਿਸ਼ੇਸ਼ ਰਮਾਇਣ ਦੀ ਹੀ ਵਕਾਲਤ ਕਰਦੇ ਹਨ, ਜੋ ਉਨ੍ਹਾਂ ਦੀ ਸਨਾਤਨੀ ਵਿਚਾਰਧਾਰਾ ਨੂੰ ਮਜ਼ਬੂਤ ਕਰਦੀ ਹੈ।

ਹੁਣ ਇਹ ਵੀ ਹੁਕਮ ਜਾਰੀ ਹੋ ਗਿਆ ਹੈ ਕਿ 'ਇੰਡੀਆ' ਸ਼ਬਦ ਦੀ ਥਾਂ ਉਤੇ ਭਾਰਤ ਲਿਖਿਆ ਜਾਵੇ। ਇਸ ਲਈ ਇਹ ਕਿਹਾ ਜਾ ਰਿਹਾ ਹੈ ਕਿ ਇੰਡੀਆ ਨਾਂਅ ਅੰਗਰੇਜ਼ਾਂ ਨੇ ਦਿੱਤਾ ਸੀ, ਇਸ ਲਈ ਇਹ ਗੁਲਾਮੀ ਦਾ ਪ੍ਰਤੀਕ ਹੈ। ਹਾਲਾਂਕਿ ਸੱਚਾਈ ਇਹ ਹੈ ਕਿ ਅੰਗਰੇਜ਼ਾਂ ਤੋਂ ਪਹਿਲਾਂ ਵੀ ਭਾਰਤ ਨੂੰ ਇੰਡੀਆ ਨਾਲ ਮਿਲਦੇ-ਜੁਲਦੇ ਨਾਵਾਂ ਨਾਲ ਸੰਬੋਧਨ ਕੀਤਾ ਜਾਂਦਾ ਸੀ। ਈਸਾ ਪੂਰਬ 303 ਵਿੱਚ ਮੈਗਜਥਨੀਜ਼ ਨੇ ਇਸ ਦੇਸ਼ ਨੂੰ ਇੰਡਿਕਾ ਕਿਹਾ ਸੀ।

ਸਿੱਖਿਆ ਖੇਤਰ ਨਾਲ ਜੁੜੀਆਂ ਯੂ ਜੀ ਸੀ ਤੇ ਐੱਨ ਸੀ ਈ ਆਰ ਟੀ ਦਾ ਇੱਕੋ ਏਜੰਡਾ ਹੈ ਹਿੰਦੂ ਰਾਸ਼ਟਰਵਾਦ। ਇਨ੍ਹਾਂ ਸੰਸਥਾਵਾਂ ਵਿੱਚ ਬੈਠੇ ਸੰਘੀ ਅਗਿਆਨੀਆਂ ਦਾ ਇੱਕੋ-ਇੱਕ ਕੰਮ ਸਮੁੱਚੇ ਇਤਿਹਾਸ ਨੂੰ ਬਦਲ ਕੇ ਅਜਿਹੇ ਗੈਰ-ਵਿਗਿਆਨਕ ਤੇ ਅੰਧ-ਵਿਸ਼ਵਾਸੀ ਸਮਾਜ ਦੀ ਸਿਰਜਣਾ ਹੈ, ਜਿਹੜਾ ਸੋਚਣ ਤੋਂ ਅਸਮਰੱਥ ਹੋ ਜਾਵੇ।

...ਬਦਲ ਦਿੱਤਾ !

ਇਸ ਦੇਸ ਦੀ ਕੱਚੀ ਆਜ਼ਾਦੀ ਨੂੰ,
ਉਨ੍ਹਾਂ ਪੱਕੀ ਦੇ ਵਿੱਚ ਬਦਲ ਦਿੱਤਾ।
ਪੰਜ ਸਾਲਾ ਸਿਸਟਮ ਵਿੱਚ ਪਾ ਕੇ,
ਉਨ੍ਹਾਂ ਚੱਕੀ ਦੇ ਵਿੱਚ ਬਦਲ ਦਿੱਤਾ।
ਬਦਕਿਸਮਤੀ ਵਾਲੇ ਚੈਪਟਰ ਨੂੰ,
ਉਨ੍ਹਾਂ ਲੱਕੀ ਦੇ ਵਿੱਚ ਬਦਲ ਦਿੱਤਾ।
ਜੋ ਸੱਚ ਉਜਾਗਰ ਕਰਦਾ ਹੈ,
ਉਹਨੂੰ ਸ਼ੱਕੀ ਦੇ ਵਿੱਚ ਬਦਲ ਦਿੱਤਾ।
ਕੁਝ ਕੱਚੀਆਂ, ਪੱਕੀਆਂ ਜੇਲ੍ਹਾਂ ਨੂੰ,
ਉਨ੍ਹਾਂ ਪੱਕੀ ਦੇ ਵਿੱਚ ਬਦਲ ਦਿੱਤਾ।
ਮਰ ਮੁੱਕੀਆਂ ਜਿਹੀਆਂ ਟਾਇਰਾਂ ਨੂੰ,
ਉਨ੍ਹਾਂ ਬੱਕੀ ਦੇ ਵਿੱਚ ਬਦਲ ਦਿੱਤਾ।

-ਗੁਲਪੁਰ

ਕਿੱਥੇ ਗੁਆਚੇ ਦੇਸ਼ ਵਾਸੀਆਂ ਦੇ ਮਨੁੱਖੀ ਅਧਿਕਾਰ

ਗੁਰਮੀਤ ਸਿੰਘ ਪਲਾਹੀ

ਗੱਲ ਆਪਣੇ ਦੇਸ਼ ਤੋਂ ਹੀ ਕਰਨੀ ਬਣਦੀ ਹੈ। ਦੇਸ਼ ਭਾਰਤ ਵਿੱਚ ਮਨੁੱਖੀ ਅਧਿਕਾਰਾਂ ਦੇ ਹਾਲਾਤ ਕਿਹੋ ਜਿਹੇ ਹਨ? ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਅਕਤੂਬਰ 1993 'ਚ ਆਜ਼ਾਦੀ ਦੇ 46 ਸਾਲਾਂ ਬਾਅਦ ਹੋਂਦ 'ਚ ਆਇਆ। ਇਸ ਦਾ ਮੁੱਖ ਮੰਤਵ ਦੇਸ਼ ਵਿੱਚ ਹੋ ਰਹੇ ਮਨੁੱਖੀ ਹੱਕਾਂ ਦੇ ਘਾਣ ਨੂੰ ਰੋਕਣਾ ਸੀ, ਕਿਉਂਕਿ ਦੇਸ਼ ਵਿੱਚ ਘੱਟ-ਗਿਣਤੀਆਂ ਮਹਿਫੂਜ਼ ਨਹੀਂ ਸਨ ਰਹੀਆਂ, ਔਰਤਾਂ ਨਾਲ ਧੱਕਾ ਵਧ ਰਿਹਾ ਸੀ। ਜਾਤ-ਪਾਤ, ਧਰਮ, ਫਿਰਕੇ ਦੇ ਨਾਂਅ ਉੱਤੇ ਵੰਡੀਆਂ ਪੈ ਰਹੀਆਂ ਸਨ, ਪਰ ਇਹ ਕਮਿਸ਼ਨ ਕਾਰਗਰ ਸਾਬਤ ਨਾ ਹੋ ਸਕਿਆ। ਕਿਸੇ ਵੀ ਕੇਂਦਰੀ ਸਰਕਾਰ ਨੇ ਭਾਵੇਂ ਉਹ ਕਾਂਗਰਸ ਦੀ ਸੀ ਜਾਂ ਕਿਸੇ ਹੋਰ ਵਿਰੋਧੀ ਧਿਰ ਦੀ, ਸਿਰਫ਼ ਆਪਣੀ ਕੁਰਸੀ ਦੀ ਸਲਾਮਤੀ ਲਈ ਯਤਨ ਕੀਤੇ, ਲੋਕਾਂ ਦੇ ਹੱਕਾਂ ਨੂੰ ਅੱਖੋਂ-ਪਰੋਖੇ ਕਰਕੇ, ਆਪਣੇ ਹਿੱਤ ਪੂਰਤੀ ਕੀਤੀ। ਇਹ ਕਮਿਸ਼ਨ ਕੋਈ ਸਾਰਥਕ ਭੂਮਿਕਾ ਨਾ ਨਿਭਾਅ ਸਕਿਆ।

ਸਿੱਟੇ ਵਜੋਂ ਅੱਜ ਦੇਸ਼ 'ਚ ਮਨੁੱਖੀ ਹੱਕਾਂ ਪ੍ਰਤੀ ਹਾਲਾਤ ਬੇਹੱਦ ਨਾਜ਼ੁਕ ਹਨ । ਆਪਣੇ ਮਨੁੱਖੀ ਹੱਕਾਂ ਲਈ ਬੋਲਣ-ਲਿਖਣ ਵਾਲੇ ਲੇਖਕਾਂ, ਬੁੱਧੀਜੀਵੀਆਂ ਜਾਂ ਚਿੰਤਕਾਂ ਨੂੰ ਜੇਲ੍ਹਾਂ 'ਚ ਡੱਕਿਆ ਗਿਆ ਹੈ, ਉਥੇ ਉਹਨਾ ਨਾਲ ਅਣਮਨੁੱਖੀ ਵਰਤਾਓ ਕੀਤਾ ਜਾਂਦਾ ਹੈ। ਬਿਨਾਂ ਮੁਕੱਦਮਾ ਚਲਾਇਆਂ ਉਹਨਾ ਨੂੰ ਸਾਲਾਂ ਬੱਧੀ ਜੇਲ੍ਹਾਂ 'ਚ ਹੀ ਰੱਖਿਆ ਜਾ ਰਿਹਾ ਹੈ।

ਔਰਤਾਂ ਉੱਤੇ ਜ਼ੁਲਮ ਵਧੇ ਹਨ। ਘੱਟ-ਗਿਣਤੀਆਂ ਡਰ-ਸਹਿਮ 'ਚ ਹਨ। ਧਰਮ, ਜਾਤ ਦੇ ਨਾਂਅ 'ਤੇ ਹੋ ਰਹੀ ਰਾਜਨੀਤੀ ਨੇ ਦੇਸ਼ 'ਚ ਅਜਬ ਮਾਹੌਲ ਸਿਰਜਿਆ ਹੋਇਆ ਹੈ। ਬਹੁ-ਗਿਣਤੀ ਫਿਰਕਿਆਂ ਦੀ ਧੌਂਸ ਅਤੇ ਦਬਾਅ, ਮਨੁੱਖੀ ਹੱਕਾਂ ਦੇ ਘਾਣ ਦਾ ਧੁਰਾ ਹੈ ਅੱਜ ਦੇਸ਼ 'ਚ।

ਆਖ਼ਰ ਮਨੁੱਖ ਦਾ ਮੁਢਲਾ ਅਧਿਕਾਰ ਹੈ ਕੀ? ਮਨੁੱਖ ਦੀਆਂ ਮੁਢਲੀਆਂ ਲੋੜਾਂ ਕੁੱਲੀ, ਗੁੱਲੀ, ਜੁੱਲੀ ਅਰਥਾਤ ਮਕਾਨ, ਕੱਪੜਾ, ਰੋਟੀ ਮਨੁੱਖ ਦੀਆਂ ਲੋੜਾਂ ਹਨ। ਜੇਕਰ ਉਹ ਉਸ ਦੇ ਪੱਲੇ ਨਹੀਂ ਪੈਂਦੀਆਂ, ਇਹਨਾ ਪ੍ਰਤੀ ਉਹਨਾ ਨੂੰ ਹੱਕ ਨਹੀਂ ਮਿਲਦੇ ਤਾਂ ਫਿਰ ਉਸ ਦੇ ਪੱਲੇ ਆਖ਼ਰ ਰਹਿ ਕੀ ਜਾਂਦਾ ਹੈ?

ਵੇਖੋ ਅਜਬ ਗੱਲ, ਦੇਸ਼ ਭਾਰਤ ਮਹਾਨ ਦੀ 80 ਕਰੋੜ ਤੋਂ ਵੱਧ ਆਬਾਦੀ ਅੱਜ ਸਰਕਾਰੀ ਰਹਿਮੋ-ਕਰਮ 'ਤੇ ਹੈ, ਪੰਜ ਕਿਲੋ ਪ੍ਰਤੀ ਜੀਅ ਪ੍ਰਤੀ ਮਹੀਨਾ ਸਰਕਾਰੀ ਅਨਾਜ 'ਤੇ ਨਿਰਭਰ ਹੈ। ਕਾਰਨ ਸਪੱਸ਼ਟ ਹੈ ਉਹਨਾ ਪੱਲੇ ਰੁਜ਼ਗਾਰ ਨਹੀਂ, ਰੋਟੀ ਲਈ ਦਰ-ਦਰ ਧੱਕੇ ਹਨ, ਰਹਿਣ ਬਸੇਰੇ ਦੀ ਤਾਂ ਗੱਲ ਹੀ ਛੱਡ ਦਿਓ, ਤਨ 'ਤੇ ਕੱਪੜੇ ਵੀ ਪੂਰੇ ਨਹੀਂ। ਤਾਂ ਫਿਰ ਅਸੀਂ ਕਿਹੜੀ ਬਰਾਬਰੀ ਦੀ ਗੱਲ ਕਰਦੇ ਹਾਂ? ਕਿਹੜੇ ਅਧਿਕਾਰਾਂ ਨੂੰ ਪੱਲੇ ਬੰਨ੍ਹ ਕੇ ਬੈਠੇ ਹਾਂ?

ਮਨੁੱਖ ਨੂੰ ਆਜ਼ਾਦੀ ਹੋਵੇ। ਨਸਲ, ਰੰਗ, ਲਿੰਗ, ਭਾਸ਼ਾ, ਧਰਮ, ਵਿਸ਼ਵਾਸ਼ 'ਚ ਭੇਦ-ਭਾਵ ਨਾ ਹੋਵੇ। ਉਹ ਕਿਸੇ ਵੀ ਵਿਚਾਰਧਾਰਾ ਨੂੰ ਅਪਨਾਏ। ਕੋਈ ਬੰਦਿਸ਼ ਨਾ ਹੋਵੇ। ਉਹ ਇਸ ਧਰਤੀ 'ਤੇ ਵਿਚਰਦਿਆਂ ਸਮਾਜਿਕ ਸੁਰੱਖਿਆ ਦਾ ਹੱਕਦਾਰ ਬਣੇ। ਭੁੱਖ ਤੋਂ ਮੁਕਤੀ ਮਿਲੇ ਉਸ ਨੂੰ । ਸਿੱਖਿਆ, ਸਿਹਤ ਦੀਆਂ ਬਰਾਬਰ ਸਹੂਲਤਾਂ ਹੋਣ ਉਸ ਨੂੰ। ਕੰਮ ਦਾ ਅਧਿਕਾਰ ਉਸ ਨੂੰ ਮਿਲੇ। ਉਸ ਦੀ ਸ਼ਖ਼ਸੀਅਤ ਦਾ ਸਾਂਵਾਂ ਵਿਕਾਸ ਹੋਵੇ।

ਪਰ ਉਪਰੋਕਤ ਗੱਲਾਂ ਅੱਜ ਦੇਸ਼ 'ਚ ਸਿਰਫ਼ ਨਾਂਅ ਦੀਆਂ ਹਨ। ਗਰੀਬੀ-ਅਮੀਰੀ ਦੇ ਪਾੜੇ ਨੇ ਦੇਸ਼ ਭਾਰਤ ਦਾ ਇੱਕ ਵੱਖਰਾ ਬਿੰਬ ਦੁਨੀਆ 'ਚ ਸਿਰਜ ਦਿੱਤਾ ਹੈ। ਅਸੀਂ ਮਨੁੱਖੀ ਅਧਿਕਾਰਾਂ ਦੀ ਰੱਖਿਆ, ਸੁਰੱਖਿਆ ਦੇ ਵੱਡੇ ਦਾਅਵੇ ਸੰਸਾਰ 'ਚ ਵਾਹ-ਵਾਹ ਖੱਟਣ ਲਈ ਕਰਦੇ ਹਾਂ, ਪਰ ਅਸਲ ਅਰਥਾਂ 'ਚ ਅਸੀਂ ਉਦੋਂ ਕੱਖੋਂ ਹੌਲੇ ਪੈ ਜਾਂਦੇ ਹਾਂ, ਜਦੋਂ ਮਨੀਪੁਰ 'ਚ ਮਨੁੱਖੀ ਅਧਿਕਾਰਾਂ ਦਾ ਹਨਨ ਹੁੰਦਾ ਹੈ, ਜਦੋਂ '84 ਵਾਪਰਦਾ ਹੈ, ਜਦੋਂ ਦਿੱਲੀ, ਗੁਜਰਾਤ 'ਚ ਦੰਗੇ ਹੁੰਦੇ ਹਨ। ਜਦੋਂ ਦੇਸ਼ 'ਚ ਕਾਨੂੰਨ ਨੂੰ ਸਹੀ ਅਰਥਾਂ 'ਚ ਲਾਗੂ ਕਰਨ ਦਾ ਯਤਨ ਹੀ ਨਹੀਂ ਹੁੰਦਾ। ਜਦੋਂ ਲੋਕਤੰਤਰ ਦੇ ਨਾਂਅ ਹੇਠ ਲੋਕਤੰਤਰ ਦਾ ਜਨਾਜ਼ਾ ਕੱਢਿਆ ਜਾਂਦਾ ਹੈ। ਜਦੋਂ ਦੇਸ਼ 'ਚ ਧਰਮ ਦੇ ਨਾਂਅ 'ਤੇ ਦੰਗੇ ਫੈਲਦੇ ਹਨ, ਜਦੋਂ ਔਰਤਾਂ ਨਾਲ ਬਲਾਤਕਾਰ ਦੀਆਂ ਘਟਨਾਵਾਂ 'ਚ ਵਾਧਾ ਹੁੰਦਾ ਹੈ। ਜਦੋਂ ਧੱਕੜ ਲੋਕ, ਕਮਜ਼ੋਰ ਲੋਕਾਂ ਨੂੰ ਮਨੁੱਖ ਹੀ ਨਹੀਂ ਮੰਨਦੇ, ਸਿਰਫ਼ ਇੱਕ ਜੀਅ ਜੰਤੂ ਜਾਂ ਇੱਕ ਵੋਟ ਸਮਝ ਕੇ ਉਹਨਾ ਦੀ ਬੇਸ਼ਰਮੀ ਨਾਲ ਵਰਤੋਂ ਕਰਦੇ ਹਨ।

ਕੀ ਰੁਜ਼ਗਾਰ ਦੀ ਥਾਂ ਮੁਫ਼ਤ ਰਿਆਇਤਾਂ ਦੇਣ ਦੀ ਰਾਜਨੀਤੀ ਕਰਨਾ, ਮਨੁੱਖੀ ਅਧਿਕਾਰਾਂ ਦਾ ਹਨਨ ਨਹੀਂ? ਕੀ ਲਾਲਚ ਦੇ ਕੇ ਵੋਟਾਂ ਹਥਿਆਉਣਾ ਮਨੁੱਖੀ ਹੱਕ ਖੋਹਣ ਦੇ ਤੁਲ ਨਹੀਂ? ਜੇਕਰ ਹੈ ਤਾਂ ਸਭ ਤੋਂ ਵੱਡਾ ਮਨੁੱਖੀ ਹੱਕ ਦਾ ਘਾਣ ਕਰਨ ਵਾਲਾ ਦੇਸ਼ ਸਾਡਾ ਹੈ।

ਮਨੁੱਖੀ ਹੱਕ ਖੋਹਣ ਸੰਬੰਧੀ ਅੰਤਰਰਾਸ਼ਟਰੀ ਰਿਪੋਰਟਾਂ ਨਿਰਾਸ਼ਾਜਨਕ ਹਨ। ਸ਼ਾਂਤੀਪੂਰਨ ਅਸਹਿਮਤ ਲੋਕਾਂ ਉਤੇ ਕਾਰਵਾਈ ਵਧੀ ਹੈ। ਹਾਸ਼ੀਏ 'ਤੇ ਪਹੁੰਚੇ ਸਮੂਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਬੁਲਡੋਜ਼ਰ ਨਾਲ ਘਰ ਢਾਹੁਣ ਵਾਲੀ ਕਾਰਵਾਈ ਆਖ਼ਿਰ ਕੀ ਹੈ? ਨਿਆਂ ਪ੍ਰਣਾਲੀ ਤੋਂ ਬਿਨਾਂ ਸਿੱਧੀ ਕਾਰਵਾਈ। ਮਨੁੱਖੀ ਹੱਕਾਂ ਦਾ ਸਿੱਧਾ ਘਾਣ। ਹਿਊਮਨ ਰਾਈਟਸ ਵਾਚ ਨੇ ਵਰਲਡ ਰਿਪੋਰਟ-2020 ਛਾਪੀ ਹੈ। ਉਸ 'ਚ ਕਿਹਾ ਗਿਆ ਕਿ 2019 ਵਿੱਚ ਜੰਮੂ-ਕਸ਼ਮੀਰ 'ਚ ਭਾਰਤ ਸਰਕਾਰ ਨੇ ਵੱਡੇ ਪੈਮਾਨੇ 'ਤੇ ਕਾਰਵਾਈ ਕਰਕੇ ਕਸ਼ਮੀਰੀ ਲੋਕਾਂ ਦੇ ਅਧਿਕਾਰਾਂ ਦੀ ਉਲੰਘਣਾ ਕੀਤੀ ਹੈ। ਭਾਜਪਾ ਦੀ ਕੇਂਦਰ ਸਰਕਾਰ ਨੇ ਕਸ਼ਮੀਰ ਦਾ ਵਿਸ਼ੇਸ਼ ਸੰਵਿਧਾਨਿਕ ਦਰਜ਼ਾ ਰੱਦ ਕਰਕੇ ਉਸ ਨੂੰ ਦੋ ਵੱਖਰੇ-ਵੱਖਰੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ ਵੰਡ ਦਿੱਤਾ। ਵਿਰੋਧ ਕਰਨ ਵਾਲੇ ਕਸ਼ਮੀਰੀਆਂ ਨੂੰ ਦੰਡਿਤ ਕੀਤਾ ਗਿਆ। ਉਹਨਾ ਨੂੰ ਹਿਰਾਸਤ 'ਚ ਲਿਆ ਗਿਆ। ਇਸ ਰਿਪੋਰਟ ਅਨੁਸਾਰ ਦੇਸ਼ 'ਚ ਆਤੰਕੀ ਹਿੰਦੂ ਸੰਗਠਨਾਂ ਦੇ ਸਮੂਹ ਵੱਲੋਂ ਘੱਟ-ਗਿਣਤੀਆਂ ਨਾਲ ਸਬੰਧਤ 50 ਲੋਕ ਮਾਰ ਦਿੱਤੇ ਗਏ ਅਤੇ 250 ਜ਼ਖ਼ਮੀ ਹੋਏ। ਉਹਨਾ ਨੂੰ ਹਿੰਦੂ ਨਾਹਰੇ ਲਾਉਣ ਲਈ ਮਜਬੂਰ ਕੀਤਾ ਗਿਆ।

ਭਾਰਤ ਸਰਕਾਰ ਨੇ ਸੰਯੁਕਤ ਰਾਸ਼ਟਰ ਵੱਲੋਂ ਜਾਰੀ 10 ਦਸੰਬਰ 1948 ਦੇ ਐਲਾਨਨਾਮੇ ਨੂੰ ਆਪਣੇ ਸੰਵਿਧਾਨ ਵਿੱਚ 1950 ਵਿੱਚ ਦਰਜ ਕੀਤਾ। ਸਿਵਲ ਅਧਿਕਾਰਾਂ, ਸਮਾਜਿਕ ਤੇ ਆਰਥਿਕ ਅਧਿਕਾਰਾਂ ਨੂੰ ਪੂਰੀ ਤਰਤੀਬ ਨਾਲ ਪ੍ਰਵਾਨ ਕੀਤਾ। ਭਾਰਤ ਦੇ ਸਾਰੇ ਨਾਗਰਿਕਾਂ ਨੂੰ ਬਰਾਬਰ ਦੇ ਅਧਿਕਾਰ ਦਿੱਤੇ, ਪਰ ਇੱਥੇ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਭਾਰਤ ਦੀ ਉੱਚ ਸ਼੍ਰੇਣੀ ਅਤੇ ਵੱਡੀਆਂ ਢੁੱਠਾਂ ਵਾਲੇ ਧੰਨ ਕੁਬੇਰਾਂ, ਜਿਹੜੇ ਸਿਆਸੀ ਆਗੂਆਂ ਨਾਲ ਇੱਕਜੁੱਟ ਹਨ, ਆਮ ਲੋਕਾਂ ਨੂੰ ਬਰਾਬਰ ਦੇ ਹੱਕ ਦਿੰਦੇ ਹਨ? ਆਜ਼ਾਦੀ ਘਟ ਰਹੀ ਹੈ, ਅਸਮਾਨਤਾ ਵਧ ਰਹੀ ਹੈ। ਮਨੁੱਖੀ ਹੱਕਾਂ ਉੱਤੇ ਲਗਾਤਾਰ ਵਾਰ ਹੋ ਰਹੇ ਹਨ ਅਤੇ ਲੋਕਾਂ ਨਾਲ ਜ਼ਿਆਦਤੀਆਂ ਅਤੇ ਅਨਿਆਂ ਲਗਾਤਾਰ ਵਧ ਰਿਹਾ ਹੈ।

ਔਰਤ ਸਮਾਜ ਦਾ ਮਹੱਤਵਪੂਰਨ ਅੰਗ ਹੈ, ਪਰ ਦੇਸ਼ 'ਚ ਔਰਤਾਂ ਸਭ ਤੋਂ ਵੱਧ ਪੀੜਤ ਹਨ। ਕਿੱਥੇ ਗੁੰਮ ਜਾਂਦੇ ਹਨ, ਉਸ ਦੇ ਹੱਕ, ਜਦੋਂ ਉਹ ਕੁੱਖ 'ਚ ਹੀ ਮਾਰ ਦਿੱਤੀ ਜਾਂਦੀ ਹੈ, ਜਦੋਂ ਉਸ ਨਾਲ ਬਲਾਤਕਾਰ ਹੁੰਦਾ ਹੈ, ਜਦੋਂ ਉਹ ਦਾਜ-ਦਹੇਜ ਦੀ ਬਲੀ ਚੜ੍ਹਦੀ ਹੈ।

ਔਰਤਾਂ ਖਿਲਾਫ਼ ਅਪਰਾਧ ਤਾਂ ਦੇਸ਼ 'ਚ ਇੰਨਾ ਵਧ ਗਿਆ ਹੈ ਕਿ ਰਾਸ਼ਟਰੀ ਅਪਰਾਧ ਬਿਊਰੋ (ਐੱਨ.ਸੀ.ਆਰ.ਬੀ.) ਵੱਲੋਂ ਜਾਰੀ ਅੰਕੜਿਆਂ ਅਨੁਸਾਰ 2022 'ਚ ਔਰਤਾਂ ਖਿਲਾਫ ਅਪਰਾਧ ਦੇ ਸਿਲਸਿਲੇ 'ਚ ਹਰ ਘੰਟੇ ਲੱਗਭੱਗ 51 ਐੱਫ ਆਈ ਆਰ ਦਰਜ ਕੀਤੀਆਂ ਗਈਆਂ। ਔਰਤਾਂ ਖਿਲਾਫ ਅਪਰਾਧ ਮੁੱਖ ਤੌਰ 'ਤੇ ਉਹਨਾ ਦੇ ਪਤੀ ਜਾਂ ਰਿਸ਼ਤੇਦਾਰ ਕਰਦੇ ਹਨ। ਔਰਤਾਂ ਦਾ ਅਪਹਰਣ ਹੁੰਦਾ ਹੈ। ਉਹਨਾ ਨਾਲ ਬਲਾਤਕਾਰ ਹੁੰਦਾ ਹੈ। 2022 'ਚ ਔਰਤਾਂ ਖਿਲਾਫ ਅਪਰਾਧ ਦੇ ਕੁੱਲ 4,45,256 ਮੁਕੱਦਮੇ ਦਰਜ ਹੋਏ।

2021 'ਚ ਇਹਨਾ ਦੀ ਗਿਣਤੀ, 4,28,270 ਸੀ, ਜਦਕਿ 2020 'ਚ ਇਹ ਗਿਣਤੀ 3,71,503 ਸੀ। ਇਹ ਹੈਰਾਨੀਜਨਕ ਵਾਧਾ ਮਨੁੱਖੀ ਅਧਿਕਾਰਾਂ 'ਚ ਵਾਧੇ ਦੀ ਮੂੰਹ ਬੋਲਦੀ ਤਸਵੀਰ ਹੈ। ਹਾਲਾਂਕਿ ਇਹ ਗਿਣਤੀ ਲੱਖਾਂ 'ਚ ਹੈ, ਪਰ ਇਸ ਤੋਂ ਵੀ ਕਿਤੇ ਵੱਧ ਅਪਰਾਧ ਔਰਤਾਂ ਖਿਲਾਫ ਹੁੰਦੇ ਹਨ, ਜਿਹੜੇ ਕਿਧਰੇ ਦਰਜ ਹੀ ਨਹੀਂ ਹੁੰਦੇ।

ਭਾਰਤੀ ਸਮਾਜ ਵਿੱਚ ਮਨੁੱਖੀ ਅਧਿਕਾਰਾਂ ਦੇ ਹਨਨ ਦਾ ਸ਼ਿਕਾਰ ਮੁੱਖ ਰੂਪ 'ਚ ਔਰਤਾਂ ਅਤੇ ਗਰੀਬ ਵਿਅਕਤੀ ਹਨ। ਪੁਲਸ ਵਿ

12-DEC-PAGE-5.qxd 12/11/2023 10:46 PM Page 1

ਮਨਿਸਟਰੀਅਲ ਕਾਮਿਆਂ ਦੀ ਹੜਤਾਲ 34ਵੇਂ ਦਿਨ 'ਚ

■ ਕਰਮਚਾਰੀਆਂ ਖਜ਼ਾਨਾ ਦਫ਼ਤਰ ਅੱਗੇ ਕੀਤੀ ਰੋਸ ਰੈਲੀ

ਮੋਗਾ (ਅਮਰਜੀਤ ਬੱਬਰੀ)-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਮੋਗਾ ਦੀ ਚੱਲ ਰਹੀ ਹੜਤਾਲ ਅੱਜ 34ਵੇਂ ਦਿਨ ਵਿੱਚ ਦਾਖਲ ਹੋ ਗਈ ਹੈ।ਇਸ ਹੜਤਾਲ ਨੂੰ ਮੁੱਖ ਰੱਖਦੇ ਹੋਏ ਆਗੂਆਂ ਨੇ ਦੱਸਿਆ ਕਿ ਸਾਡੀ ਜਥੇਬੰਦੀ ਲਗਾਤਾਰ ਮੁਲਾਜ਼ਮ ਮੰਗਾਂ ਦੀ ਸਰਕਾਰ ਵੱਲੋਂ ਪੂਰਤੀ ਨਾ ਕਰਨ ਕਰਕੇ ਰੋਸ ਜ਼ਾਹਰ ਕਰ ਰਹੀ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਮੁਲਾਜ਼ਮ ਮੰਗਾਂ ਸਬੰਧੀ ਬਿੱਲਕੁੱਲ ਸੰਜੀਦਾ ਨਹੀਂ ਹੈ, ਜਿਸ ਕਰਕੇ ਪੰਜਾਬ ਦੇ ਮੁਲਾਜ਼ਮ ਸੜਕਾਂ 'ਤੇ ਆਏ ਹੋਏ ਹਨ।ਸਰਕਾਰ ਸਾਡਾ ਸੰਘਰਸ਼ ਤਾਰਪੀਡੋ ਕਰਨ ਲਈ ਕੋਝੀਆਂ ਚਾਲਾਂ ਚੱਲ ਰਹੀ ਹੈ। ਸਰਕਾਰ ਸਾਡੇ ਸੰਘਰਸ਼ ਨੂੰ ਦਬਾਉਣ 'ਤੇ ਤੁਲੀ ਹੈ, ਜਿਸ ਦੀ ਤਾਜ਼ੀ ਉਦਾਹਰਣ ਇਹ ਹੈ ਕਿ ਮੁਲਾਜ਼ਮਾਂ ਦੀਆਂ ਨਵੰਬਰ ਮਹੀਨੇ ਦੀਆਂ ਤਨਖਾਹਾਂ ਧੱਕੇ ਨਾਲ ਅਫ਼ਸਰਸ਼ਾਹੀ ਤੋਂ ਆਨਲਾਈਨ ਕਰਵਾ ਕੇ ਜ਼ਿਲ੍ਹਾ ਖ਼ਜਾਨਾ ਅਫ਼ਸਰਾਂ 'ਤੇ ਦਬਾਅ ਪਾ ਕੇ ਬਿਨਾਂ ਹਾਰਡ ਕਾਪੀਆਂ ਤੋਂ ਕਰਮਚਾਰੀਆਂ ਦੇ ਖਾਤਿਆਂ ਵਿੱਚ ਪਾਈਆਂ ਜਾ ਰਹੀਆਂ ਹਨ।ਇਸ ਤੋਂ ਸਾਫ ਜ਼ਾਹਰ ਹੋ ਰਿਹਾ ਹੈ ਕਿ ਸਰਕਾਰ ਮੁਲਾਜ਼ਮਾਂ ਦੇ ਸੰਘਰਸ਼ ਨੂੰ ਦੇਖ ਕੇ ਬੌਖਲਾਈ ਹੋਈ ਹੈ।ਆਗੂਆਂ ਨੇ ਦੱਸਿਆ ਕਿ ਹੁਣ ਇਸ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਸੂਬਾ ਬਾਡੀ ਵੱਲੋਂ ਤੇ ਜ਼ਿਲ੍ਹਿਆਂ ਦੀਆਂ ਬਾਡੀਆਂ ਵੱਲੋਂ ਹੋਰ ਭਰਾਤਰੀ ਜਥੇਬੰਦੀਆਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ, ਤਾਂ ਜੋ ਹੁਣ ਇਸ ਸੰਘਰਸ਼ ਵਿੱਚ ਵੱਡੇ ਇਕੱਠ ਕਰਕੇ ਸਰਕਾਰ ਨੂੰ ਘੇਰਿਆ ਜਾ ਸਕੇ।ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਤੋਂ ਟੈਕਸ ਰਾਹੀਂ ਇਕੱਠਾ ਕੀਤਾ ਗਿਆ ਪੈਸਾ ਪੰਜਾਬ ਦੇ ਲੋਕਾਂ 'ਤੇ ਖਰਚਣ ਦੀ ਬਜਾਏ ਦੂਜੀਆਂ ਸਟੇਟਾਂ ਵਿੱਚ ਜਾ ਕੇ ਫੋਕੀ ਇਸ਼ਤਿਹਾਰਬਾਜ਼ੀ ਕਰਕੇ ਲੁਟਾਇਆ ਜਾ ਰਿਹਾ ਹੈ, ਜੋ ਕਿ ਪੰਜਾਬ ਦੇ ਲੋਕਾਂ ਨਾਲ ਸਰਾਸਰ ਧੋਖਾ ਹੈ। ਰੋਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਨੇ ਦੱਸਿਆ ਕਿ ਅੱਜ ਸਾਡੀ ਸੂਬਾ ਬਾਡੀ ਦੀ ਬਾਅਦ ਦੁਪਹਿਰ ਜ਼ਿਲ੍ਹਿਆਂ ਦੀਆਂ ਬਾਡੀਆਂ ਨਾਲ ਅਗਲਾ ਤਿੱਖਾ ਸੰਘਰਸ਼ ਉਲੀਕਣ ਲਈ ਮੀਟਿੰਗ ਕੀਤੀ ਜਾ ਰਹੀ।ਇਸ ਮੀਟਿੰਗ ਵਿੱਚ ਪੰਜਾਬ ਬਾਡੀ ਵੱਲੋਂ ਉਲੀਕੇ ਗਏ ਸੰਘਰਸ਼ ਨੂੰ ਮੋਗਾ ਜ਼ਿਲ੍ਹੇ ਵੱਲੋਂ ਇੰਨ-ਬਿੰਨ ਲਾਗੂ ਕੀਤਾ ਜਾਵੇਗਾ। ਇਸ ਰੋਸ ਰੈਲੀ ਵਿੱਚ ਕਾਮਰੇਡ ਸੁਰਜੀਤ ਸਿੰਘ ਗਗੜਾ ਸੂਬਾ ਪ੍ਰਧਾਨ ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਪੰਜਾਬ, ਸਚਿਨ ਵਡੇਰਾ, ਗੁਰਚਰਨ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਸਮਰਥਨ ਦੇਣ ਲਈ ਹਾਜ਼ਰ ਹੋਏ।

ਇਸ ਰੋਸ ਰੈਲੀ ਵਿੱਚ ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ, ਮੇਵਾ ਸਿੰਘ ਜ਼ਿਲਾ ਚੇਅਰਮੈਨ, ਗੁਰਮੀਤ ਰੱਖਰਾ ਕੜਿਆਲ ਸੀਨੀਅਰ ਮੀਤ ਪ੍ਰਧਾਨ, ਗੁਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਡੀ ਸੀ ਦਫ਼ਤਰ, ਰਾਜਦੀਪ ਜੈਦਕਾ ਸੀਨੀਅਰ ਮੀਤ ਪ੍ਰਧਾਨ, ਹਰਜੀਤ ਜ਼ੀਰਾ ਸੀਨੀਅਰ ਮੀਤ ਪ੍ਰਧਾਨ, ਮਨਦੀਪ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਵਿਸ਼ਾਲ ਗੋਇਲ, ਕਮਲਦੀਪ ਸਿੰਘ, ਬਲਜੀਤ ਕੌਰ, ਖੁਸ਼ਪਾਲ ਕੌਰ, ਪੀ ਡਬਲਯੂ ਡੀ, ਕੁਲਦੀਪ ਸਿੰਘ ਘਾਲੀ, ਗੌਰਵ ਚਾਵਲਾ ਸਟੈਨੋ ਡੀ ਸੀ ਦਫ਼ਤਰ, ਹਰਿੰਦਰਜੀਤ ਕੌਰ, ਕੁਲਵੰਤ ਕੌਰ, ਹਰਪ੍ਰੀਤ ਸਿੰਘ, ਬਲਤੇਜ ਸਿੰਘ, ਗੁਰਪ੍ਰੀਤ ਕੌਰ ਵਾਟਰ ਸਪਲਾਈ, ਕਮਲਪ੍ਰੀਤ ਸਿੰਘ, ਸੰਦੀਪ ਕੁਮਾਰ, ਖਜ਼ਾਨਾ ਦਫ਼ਤਰ, ਗੁਰਪ੍ਰੀਤ ਸਿੰਘ ਸੁਪਰਡੈਂਟ, ਕਵਿਤਾ ਸ਼ਰਮਾ, ਗੁਰਪ੍ਰੀਤ ਕੌਰ, ਗੁਰਸ਼ਰਨ ਸਿੰਘ ਕਰ ਵਿਭਾਗ ਤੋਂ ਇਲਾਵਾ ਹੋਰ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਨਰੇਗਾ ਮਜਜ਼ੂਰ 13,14 ਤੇ 15 ਨੂੰ ਦੇਣਗੇ ਧਰਨੇ : ਗੋਰਾ ਪਿੱਪਲੀ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੇ ਫੈਸਲੇ ਅਨੁਸਾਰ ਨਰੇਗਾ ਮੰਗਾਂ ਨੂੰ ਲੈ ਕੇ ਪੂਰੇ ਪੰਜਾਬ ਵਿੱਚ 13, 14 ਤੇ 15 ਨੂੰ ਸਾਰੇ ਬੀਡੀਪੀਓ ਦਫਤਰਾਂ ਤੇ ਡੀ ਸੀ ਦਫਤਰਾਂ ਸਾਹਮਣੇ ਧਰਨੇ ਦਿੱਤੇ ਜਾਣਗੇ ਅਤੇ ਨਰੇਗਾ ਮੰਗਾਂ ਲਈ ਮੰਗ ਪੱਤਰ ਦਿੱਤੇ ਜਾਣਗੇ। ਵੱਖ-ਵੱਖ ਪਿੰਡਾਂ ਵਿੱਚ ਤਿਆਰੀ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਔਲਖ ਜ਼ਿਲ੍ਹਾ ਸਕੱਤਰ ਗੋਰਾ ਸਿੰਘ ਪਿੱਪਲੀ ਨੇ ਦੱਸਿਆ ਕਿ ਪੰਜਾਬ ਤੇ ਕੇਂਦਰ ਸਰਕਾਰ ਲਗਾਤਾਰ ਨਰੇਗਾ ਮਜ਼ਦੂਰਾਂ ਨੂੰ ਅਣਦੇਖਿਆ ਕਰ ਰਹੀ ਹੈ। ਨਵੇਂ ਨਵੇਂ ਮੇਟ ਭਰਤੀ ਕਰਕੇ ਨਰੇਗਾ ਕਾਨੂੰਨ ਨੂੰ ਰੋਲਣ ਦੀ ਕੋਸ਼ਿਸ਼ ਕੀਤੀ ਹੈ। ਨਵੇਂ ਮੇਟ ਦਿਲਚਸਪੀ ਨਾਲ ਕੰਮ ਨਹੀਂ ਚਲਾ ਰਹੇ, ਜਿਸ ਕਰਕੇ ਮਜ਼ਦੂਰ ਭੁੱਖੇ ਮਰਨ ਲਈ ਮਜਬੂਰ ਹਨ। ਨਰੇਗਾ ਦਿਹਾੜੀ ਘੱਟੋ ਘੱਟ ਉਜ਼ਰਤ ਦੇ ਕਾਨੂੰਨ ਮੁਤਾਬਕ ਬਿਨਾਂ ਰੋਟੀ ਵਾਲੀ 431 ਰੁਪਏ ਦੇਣੀ ਬਣਦੀ ਹੈ, ਪੰਜਾਬ ਸਰਕਾਰ ਵੱਲੋਂ 303 ਦਿਹਾੜੀ ਦੇ ਕੇ ਮਜ਼ਦੂਰਾਂ ਦਾ ਹੱਕ ਮਾਰਿਆ ਜਾ ਰਿਹਾ ਹੈ, ਨਰੇਗਾ ਮਜ਼ਦੂਰਾਂ ਨੂੰ ਕੰਮ ਕਰਨ ਲਈ ਸੰਦ ਵੀ ਨਹੀਂ ਦਿੱਤੇ ਜਾ ਰਹੇ, ਕੰਮ ਦੀਆਂ ਅਰਜ਼ੀਆਂ ਫੜ ਕੇ ਰਸੀਦਾਂ ਨਹੀਂ ਦਿੱਤੀਆਂ ਜਾਂਦੀਆਂ।ਉਨ੍ਹਾਂ ਮੰਗ ਕੀਤੀ ਕਿ ਨਰੇਗਾ ਮਜ਼ਦੂਰਾਂ ਨੂੰ 200 ਦਿਨ ਕੰਮ ਤੇ 1000 ਰੁਪਏ ਪ੍ਰਤੀ ਦਿਹਾੜੀ ਦਿੱਤੀ ਜਾਣੀ ਚਾਹੀਦੀ ਹੈ। ਪੰਜ ਕਿਲੋਮੀਟਰ ਤੋਂ ਦੂਰ ਕੰਮ ਕਰਨ 'ਤੇ ਕਿਰਾਇਆ ਭੱਤਾ ਵੀ ਦੇਣਾ ਬਣਦਾ ਹੈ, ਨਰੇਗਾ ਮਜ਼ਦੂਰਾਂ ਨੂੰ ਸਰਕਾਰੀ ਸੰਦ ਦਿੱਤੇ ਜਾਣ। ਆਗੂਆਂ ਨੇ ਫੈਸਲਾ ਕੀਤਾ ਹੈ ਕਿ 13 ਤਰੀਕ ਨੂੰ ਜੈਤੋ, 14 ਨੂੰ ਕੋਟਕਪੂਰਾ ਤੇ 15 ਤਰੀਕ ਨੂੰ ਫਰੀਦਕੋਟ ਵਿਖੇ ਮੰਗ ਪੱਤਰ ਦਿੱਤੇ ਜਾਣਗੇ ਅਤੇ ਧਰਨੇ ਦੇ ਕੇ ਸਰਕਾਰ ਨੂੰ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾਵੇਗਾ। ਇਸ ਸਮੇਂ ਤਿਆਰੀ ਮੀਟਿੰਗਾਂ ਰਾਮ ਸਿੰਘ ਚੈਨਾ, ਪੱਪੀ ਸਿੰਘ ਢਿੱਲਵਾਂ, ਮਨਜੀਤ ਕੌਰ ਨੱਥੇਵਾਲਾ ਆਗੂਆਂ ਨੇ ਸੰਬੋਧਨ ਕੀਤਾ।

ਵਿਦਿਆਰਥੀ ਆਪਣਾ ਭਵਿੱਖ ਆਪ ਤੈਅ ਕਰਨ : ਚਾਹਲ

ਸੋਸ਼ਲ ਮੀਡੀਆ 'ਤੇ ਨਿੱਜੀ ਜਾਣਕਾਰੀ ਸ਼ੇਅਰ ਨਾ ਕਰੋ : ਐੱਸ ਐੱਸ ਪੀ

ਧੂਰੀ (ਬਿੰਨੀ ਗਰਗ)-ਕੈਂਬ੍ਰਿਜ ਸਕੂਲ ਧੂਰੀ ਦੀ ਸੱਤਵੀਂ ਫੇਟ ਚੈਅਰਮੈਨ ਮੱਖਣ ਲਾਲ ਗਰਗ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਬ੍ਰਜੇਸ਼ ਸਕਸੈਨਾ ਦੀ ਅਗਵਾਈ ਵਿੱਚ ਬੜੀ ਹੀ ਧੂਮਧਾਮ ਨਾਲ ਕਰਵਾਈ ਗਈ, ਜਿਸ ਵਿੱਚ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਤੇ ਰਾਈਸੀਲਾ ਗਰੁੱਪ ਦੇ ਚੇਅਰਮੈਨ ਪੁਰਸਕਾਰ ਵਿਜੇਤਾ ਡਾ: ਏ ਆਰ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਦੁਆਰਾ ਜਯੋਤੀ ਪ੍ਰਜਵਲਿਤ ਕਰਕੇ ਕੀਤੀ ਗਈ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਜ਼ਿੰਦਗੀ ਵਿੱਚ ਆਪਣਾ ਮੁਕਾਮ ਹਾਸਲ ਕਰਨ ਲਈ ਇਕ ਟੀਚਾ ਨਿਰਧਾਰਤ ਕਰਨਾ ਚਾਹੀਦਾ ਹੈ। ਉਨ੍ਹਾ ਨੇ ਬੱਚਿਆਂ ਦੇ ਮਾਪਿਆਂ ਨੂੰ ਕਿਹਾ ਕਿ ਸੋਸ਼ਲ ਮੀਡੀਆ 'ਤੇ ਆਪਣੀ ਨਿੱਜੀ ਜਾਣਕਾਰੀ ਸ਼ੇਅਰ ਨਾ ਕਰ, ਯਾਤਾਯਾਤ ਦੇ ਨਿਯਮਾਂ ਦਾ ਪਾਲਣ, ਨਸ਼ਿਆਂ ਤੋਂ ਦੂਰ ਰਹਿਣ ਤੇ ਆਪਣੀ ਸਿਹਤ ਦਾ ਖਿਆਲ ਰੱਖਣ ਦੀ ਅਪੀਲ ਕੀਤੀ। ਉਨ੍ਹਾ ਨੇ ਸਕੂਲ ਮੈਨੇਜਮੈਂਟ ਵੱਲੋਂ ਕਰਵਾਏ ਗਏ ਫੰਕਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਬਚਿਆ ਦੀ ਬਹੁ-ਮੁਖੀ ਪ੍ਰਤਿਭਾ ਨੂੰ ਉਜਾਗਰ ਕਰਨਾ ਇਕ ਵਧੀਆ ਕਦਮ ਹੈ। ਇਸ ਮੌਕੇ ਡਾ: ਏ ਆਰ ਸ਼ਰਮਾ ਨੇ ਬੱਚਿਆਂ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਤੋਂ ਪ੍ਰਭਾਵਿਤ ਹੋ ਕੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਦੇਸ਼ ਦੀ ਤਰੱਕੀ ਵਿੱਚ ਵਿਦਿਆਰਥੀਆਂ ਆਪਣਾ ਵਧੀਆ ਯੋਗਦਾਨ ਪਾਉਣਗੇ। ਉਨ੍ਹਾ ਕਿਹਾ ਕਿ ਬੱਚਿਆਂ ਦੀ ਪ੍ਰਾਇਮਰੀ ਦੀ ਸਿੱਖਿਆ ਨਾਲ ਹੀ ਇੱਕ ਮਜ਼ਬੂਤ ਪ੍ਰਤਿਭਾ ਦੀ ਨੀਂਹ ਰੱਖੀ ਜਾ ਸਕਦੀ ਹੈ। ਸਮਾਰੋਹ ਵਿੱਚ ਜਿੱਥੇ ਬੱਚਿਆਂ ਦੁਆਰਾ ਵੱਖ-ਵੱਖ ਮਾਡਲਾਂ ਦੀ ਪ੍ਰਦਰਸ਼ਨੀ ਲਗਾਈ ਗਈ, ਉਥੇ ਹੀ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਵਿੱਚ ਮੇਲੇ ਵਾਲਾ ਮਾਹੌਲ ਸੀ ਤੇ ਖੇਡਾਂ ਦੇ ਨਾਲ ਨਾਲ ਖਾਣ-ਪੀਣ ਵਾਲੀਆਂ ਸਟਾਲਾਂ ਵੀ ਲਗਾਈਆਂ ਗਈਆਂ ਸਨ। ਇਸ ਮੌਕੇ ਚੇਅਰਮੈਨ ਮੱਖਣ ਲਾਲ ਗਰਗ ਤੇ ਪ੍ਰਿੰਸੀਪਲ ਬ੍ਰਿਜੇਸ਼ ਸਕਸੈਨਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਬੱਚਿਆਂ ਨੂੰ ਵਧੀਆ ਸਿੱਖਿਆ ਤੇ ਪ੍ਰਤਿਭਾਵਾਨ ਬੱਚਿਆਂ ਨੂੰ ਉਨ੍ਹਾ ਦੇ ਟੀਚੇ ਤੱਕ ਪਹੁੰਚਣ ਲਈ ਮਦਦ ਕਰਨਾ ਹੈ। ਡੀ ਐੱਸ ਪੀ ਧੂਰੀ ਤਲਵਿੰਦਰ ਸਿੰਘ ਗਿੱਲ, ਥਾਣਾ ਮੁਖੀ ਸੌਰਵ ਸਭਰਵਾਲ, ਜ਼ਿਲ੍ਹਾ ਸੰਗਰੂਰ ਇੰਡਸਟ੍ਰੀ ਦੇ ਪ੍ਰਧਾਨ ਕਿੱਟੀ ਚੋਪੜਾ, ਵਾਇਸ ਪ੍ਰਿੰਸੀਪਲ ਮਿਨਾਕਸ਼ੀ ਸਕਸੈਨਾ ਤੇ ਸਕੂਲ ਟੀਚਰ ਹਾਜ਼ਰ ਸਨ।

ਕਾਤਰਾਂ

ਭਾਈ ਮਨੀ ਸਿੰਘ ਦਾ ਸ਼ਹੀਦੀ ਜੋੜ ਮੇਲਾ ਅੱਜ ਤੋਂ ਸ਼ੁਰੂ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਗੁਰੂਦੁਆਰਾ ਯਾਦਗਾਰ ਸ਼ਹੀਦ ਭਾਈ ਮਨੀ ਸਿੰਘ ਜੀ ਪੱਤੀ ਰੰਧਾਵਾ ਤੇ ਸਮੂਹ ਸਾਧ ਸੰਗਤ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਜੋੜ ਮੇਲਾ 12, 13 ਤੇ 14 ਦਸੰਬਰ ਨੂੰ ਮਨਾਇਆ ਜਾਵੇਗਾ। ਜਾਣਕਾਰੀ ਦਿੰਦੇ ਹੋਏ ਗੁਰੂਦੁਆਰਾ ਸਾਹਿਬ ਦੇ ਪ੍ਰਬੰਧਕ ਮੇਲਾ ਸਿੰਘ ਸੂਬੇਦਾਰ ਕੌਂਸਲਰ ਨੇ ਦੱਸਿਆ ਕਿ ਇਸ ਜੋੜ ਮੇਲੇ ਸਬੰਧੀ 12 ਦਸੰਬਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਕਰਵਾਏ ਜਾਣਗੇ ਤੇ ਦੁਪਹਿਰ ਤੋਂ ਬਾਅਦ ਨਗਰ ਕੀਰਤਨ ਹੋਵੇਗਾ, 13 ਦਸੰਬਰ ਨੂੰ ਦਿਨ-ਰਾਤ ਦੇ ਭਾਰੀ ਦੀਵਾਨ ਸਜਣਗੇ ਤੇ 14 ਦਸੰਬਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਤੇ 15 ਦਸੰਬਰ ਨੂੰ ਇਸ ਸਥਾਨ ਤੇ ਭਾਰੀ ਅੰਮ੍ਰਿਤ ਸੰਚਾਰ ਹੋਵੇਗਾ।

ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਅਥਲੈਟਿਕ ਮੀਟ ਕਰਵਾਈ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਨਾਮਵਰ ਵਿਦਿਅਕ ਸੰਸਥਾ ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਦੋ ਰੋਜ਼ਾ ਬਾਰਵੀਂ ਅਥਲੈਟਿਕ ਮੀਟ ਸੰਸਥਾ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਨਿਰਦੇਸ਼ਕਾ ਨਵਰੀਤ ਕੌਰ ਚੀਮਾ, ਪ੍ਰਿੰਸੀਪਲ ਮੁਹੰਮਦ ਆਰਿਫ ਸੈਫੀ ਦੀ ਯੋਗ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਸਕੂਲ ਦੇ ਚਾਰ ਘਰਾਂ ਨੀਲਾ, ਪੀਲਾ, ਹਰਾ ਤੇ ਲਾਲ ਦੇ ਖਿਡਾਰੀਆਂ ਨੇ ਵੱਖ ਵੱਖ ਖੇਡਾਂ ਜਿਵੇਂ ਦੌੜਾਂ, ਰਿਲੇਅ ਰੇਸ, ਸ਼ਾਟਪੁੱਟ, ਫੁੱਟਬਾਲ, ਵਾਲੀਬਾਲ, ਬਾਸਕਟਬਾਲ ਆਦਿ 'ਚ ਭਾਗ ਲੈਂਦਿਆਂ ਆਪਣੀ ਕਲਾ ਦੇ ਜੌਹਰ ਦਿਖਾਏ। ਕਾਕ ਹਾਊਸ ਦੀ ਟਰਾਫੀ 'ਤੇ ਹਰੇ ਘਰ ਨੇ ਆਪਣੀ ਮੋਹਰ ਲਗਾਈ। ਬੈਸਟ ਐਥਲੀਟ ਅੰਸ਼ਦੀਪ ਸਿੰਘ, ਸਤਿਕਾਰ ਕੌਰ, ਰੁਪਿੰਦਰ ਸਿੰਘ ਤੇ ਅਰਸ਼ਦੀਪ ਕੌਰ ਨੂੰ ਚੁਣਿਆ ਗਿਆ। ਇਸ ਮੌਕੇ ਖੇਡਾਂ ਤੋਂ ਇਲਾਵਾ ਸ਼ੰਮੀ, ਭੰਗੜਾ, ਡਾਂਸ ਆਦਿ ਦੀਆਂ ਸਫਲਤਾਪੂਰਵਕ ਪੇਸ਼ਕਾਰੀਆਂ ਤੇ ਐੱਨ ਸੀ ਸੀ ਦੇ ਵਿਦਿਆਰਥੀਆਂ ਵੱਲੋਂ ਕੀਤੀ ਪਰੇਡ ਨੇ ਅਮਿੱਟ ਪ੍ਰਭਾਵ ਛੱਡਿਆ। ਜੇਤੂ ਵਿਦਿਆਰਥੀਆਂ ਨੂੰ ਚੇਅਰਮੈਨ ਰਣਜੀਤ ਸਿੰਘ ਚੀਮਾ, ਨਿਰਦੇਸ਼ਕਾ ਨਵਰੀਤ ਕੌਰ ਦੀ ਅਗਵਾਈ ਹੇਠ ਮੈਡਲ, ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਅਖੀਰ ਵਿੱਚ ਪ੍ਰਿੰਸੀਪਲ ਮੁਹੰਮਦ ਆਰਿਫ ਸੈਫੀ ਨੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

ਨਰੇਗਾ ਔਰਤਾਂ ਵੱਲੋਂ ਡੀ ਸੀ ਦਫਤਰ ਵਿਖੇ ਭੁੱਖ ਹੜਤਾਲ ਭਲਕੇ

ਨਰੇਗਾ ਮਜ਼ਦੂਰਾਂ ਨੂੰ ਇਸ ਭਾਰੀ ਇਕੱਠ ਵਿੱਚ ਪਹੁੰਚਣ ਦੀ ਅਪੀਲ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਬੀਤੇ ਦਿਨ ਆਪਣੀਆਂ ਹੱਕੀ ਮੰਗਾਂ ਸਬੰਧੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਬਰਾਂਚ ਛੱਤਿਆਣਾ ਵਿਖੇ ਸੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਸ ਮੀਟਿੰਗ ਨੂੰ ਸਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂ ਗੁਰਬਚਨ ਸਿੰਘ ਛੱਤਿਆਣਾ ਨੇ ਸਬੋਧਨ ਕਰਦਿਆਂ ਕਿਹਾ ਕਿ ਨਰੇਗਾ ਕਨੂੰਨ ਬਣੇ ਨੂੰ ਅਠਾਰਾਂ ਵਰ੍ਹੇ ਹੋ ਗਏ, ਪਰ ਅਜੇ ਨਰੇਗਾ ਕੰਮ ਪਾਰਦਰਸ਼ੀ ਢੰਗ ਨਾਲ ਨਹੀ ਚਲਾਇਆ ਗਿਆ। ਉਨ੍ਹਾ ਦੱਸਿਆ ਕਿ ਪੰਜਾਬ ਵਿੱਚ ਔਸਤ ਅੰਕੜਿਆਂ ਮੁਤਾਬਕ ਇੱਕ ਨਰੇਗਾ ਮਜ਼ਦੂਰ ਨੂੰ ਸਾਲ ਵਿੱਚ ਸਿਰਫ ਇਕੱਤੀ ਦਿਨ ਹੀ ਕੰਮ ਮਿਲਿਆ ਹੈ ਤੇ ਨਾ ਹੀ ਸਮੇਂ ਸਿਰ ਕਿਸੇ ਮਜ਼ਦੂਰ ਨੂੰ ਉ

page-6-12-(DEC)-2023-G-(BV).qxd 12/11/2023 10:51 PM Page 1

ਗੁ. ਝੰਡਾ ਬੁੰਗਾ ਸਾਹਿਬ ਦੀ ਡਿਓੜੀ ਉਪਰ ਤਿਆਰ ਕੀਤੇ ਕਮਰਿਆਂ 'ਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸਥਿਤ ਗੁਰਦੁਆਰਾ ਝੰਡਾ ਬੁੰਗਾ ਸਾਹਿਬ ਦੀ ਡਿਓੜੀ ਉੱਪਰ ਕਮਰੇ ਤਿਆਰ ਕੀਤੇ ਗਏ ਹਨ ਜਿਥੇ ਅਰਦਾਸ ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਿਥੇ ਰੋਜ਼ਾਨਾ ਵੱਡੀ ਗਿਣਤੀ 'ਚ ਸੰਗਤ ਨਤਮਸਤਕ ਹੁੰਦੀ ਹੈ, ਉਥੇ ਹੀ ਬਹੁਤ ਸਾਰੀਆਂ ਸੰਗਤਾਂ ਦੀ ਇਸ ਪਾਵਨ ਅਸਥਾਨ 'ਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦੀ ਵੀ ਭਾਵਨਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਸਨਮੁੱਖ ਰੱਖਦਿਆਂ ਗੁਰਦੁਆਰਾ ਸ੍ਰੀ ਝੰਡਾ ਬੁੰਗਾ ਸਾਹਿਬ ਦੀ ਡਿਓੜੀ ਦੇ ਉੱਪਰ ਵਾਲੇ ਅਸਥਾਨ ਵਿਚ ਸ੍ਰੀ ਅਖੰਡ ਪਾਠ ਸਾਹਿਬ ਲਈ ਇਹ ਕਮਰੇ ਤਿਆਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਕਾਰਜ ਦੀ ਸੇਵਾ ਪ੍ਰਭਜੋਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਕਰਵਾਈ ਗਈ ਹੈ। ਇਸ ਤੋਂ ਪਹਿਲਾਂ ਵੀ ਇਸ ਪਰਿਵਾਰ ਨੇ ਸਮੇਂ-ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੇਵਾਵਾਂ ਵਿਚ ਹਿੱਸਾ ਪਾਇਆ ਹੈ। ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਪ੍ਰਭਜੋਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸਮੇਂ-ਸਮੇਂ 'ਤੇ ਕੀਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਗਿਆਨੀ ਸੁਲਤਾਨ ਸਿੰਘ ਨੇ ਪ੍ਰਭਜੋਤ ਸਿੰਘ ਤੇ ਸੁਰਿੰਦਰਪਾਲ ਸਿੰਘ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਬਾਬਾ ਗੁਰਨਾਮ ਸਿੰਘ, ਬਾਬਾ ਰਣਜੀਤ ਸਿੰਘ ਗੋਨੇਆਣਾ, ਵਧੀਕ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਨਰਿੰਦਰ ਸਿੰਘ ਮਥਰੇਵਾਲ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ ਅਤੇ ਹੋਰ ਮੌਜੂਦ ਸਨ।

ਡਿੱਪੂ 'ਚ ਕਣਕ ਦੀ ਪਾਰਦਰਸ਼ੀ ਵੰਡ ਤੋਂ ਝਬਾਲ ਵਾਸੀ ਸੰਤੁਸ਼ਟ

ਝਬਾਲ (ਹਰਜਿੰਦਰ ਸਿੰਘ ਸੋਨੀ)-ਕਸਬਾ ਝਬਾਲ ਪੰਚਾਇਤ ਪੁਖਤਾ ਦੇ ਸਰਪੰਚ ਬਲਦੇਵ ਸਿੰਘ ਪੱਟੂ ਦੇ ਗ੍ਰਹਿ ਵਿਖੇ ਡਿਪੂ ਹੋਲਡਰ ਬੱਬਲਾ ਅਰੋੜਾ ਵੱਲੋਂ ਪਾਰਦਰਸ਼ੀ ਢੰਗ ਨਾਲ ਲੋੜਵੰਦ ਗਰੀਬ ਲੋਕਾਂ ਦੀਆਂ ਪਰਚੀਆਂ ਕੱਟੀਆਂ ਗਈਆਂ। ਪਰਚੀਆਂ ਕੱਟਣ ਦੇ ਨਾਲ-ਨਾਲ ਕਣਕ ਵੀ ਵੰਡੀ ਗਈ। ਸਰਪੰਚ ਪੱਟੂ ਨੇ ਕਿਹਾ ਕਿ ਬੜੇ ਨਿਰਪੱਖ ਢੰਗ ਨਾਲ ਲੋੜਵੰਦ ਗਰੀਬ ਲੋਕਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਣਕ ਵੰਡੀ ਜਾ ਰਹੀ ਹੈ। ਕਿਸੇ ਵੀ ਤਰ੍ਹਾਂ ਦਾ ਕਿਸੇ ਨਾਲ ਕੋਈ ਮੱਤਭੇਦ ਨਹੀਂ ਕੀਤਾ ਗਿਆ। ਕਿਸੇ ਨੂੰ ਵੀ ਰਾਸ਼ਨ ਤੋਂ ਵਾਂਝਾ ਨਹੀਂ ਰਹਿਣ ਦਿੱਤਾ। ਇਸ ਮੌਕੇ ਸਰਪੰਚ ਪੱਟੂ ਤੋਂ ਇਲਾਵਾਂ ਡਿੱਪੂ ਹੋਲਡਰ ਬੱਬਲਾ ਅਰੋੜਾ, ਨਗਰ ਦੇ ਲੋਕ ਤੇ ਸਮੂਹ ਮੈਂਬਰ ਪੰਚਾਇਤ ਹਾਜ਼ਰ ਸਨ।

ਖ਼ਾਲਸਾ ਕਾਲਜ ਆਫ ਨਰਸਿੰਗ ਵਿਖੇ ਮਨਾਇਆ ਅਰਦਾਸ ਦਿਵਸ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੀ ਯੋਗ ਅਗਵਾਈ ਅਧੀਨ ਚੱਲ ਰਹੀਆਂ ਖ਼ਾਲਸਾ ਕਾਲਜ ਸੰਸਥਾਵਾ ਦੀਆਂ ਰਵਾਇਤਾਂ ਅਨੁਸਾਰ ਖਾਲਸਾ ਕਾਲਜ ਆਫ਼ ਨਰਸਿੰਗ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੀ ਆਰੰਭਤਾ ਮੌਕੇ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਅਰਦਾਸ ਦਿਵਸ ਮਨਾਇਆ ਗਿਆ। ਇਸ ਮੌਕੇ 'ਸ੍ਰੀ ਸਹਿਜ ਪਾਠ' ਜੀ ਦੇ ਭੋਗ ਉਪਰੰਤ ਕਾਲਜ ਵਿਦਿਆਰਥਣਾਂ ਵੱਲੋਂ ਸਮੂਹ ਸੰਗਤ ਨੂੰ ਰਸਭਿੰਨੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ ਗਿਆ। ਇਸ ਮੌਕੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਗੁਰੂ ਚਰਨਾਂ 'ਚ ਹਾਜ਼ਰੀ ਲਵਾਈ। ਇਸ ਮੌਕੇ ਸ: ਛੀਨਾ ਨੇ ਨਰਸਿੰਗ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਕਾਮਨਾ ਕਰਦਿਆਂ ਕਿਹਾ ਕਿ ਗਵਰਨਿੰਗ ਕੌਂਸਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਖਾਲਸਾ ਕਾਲਜ ਅਦਾਰਿਆਂ ਦੀ ਰਵਾਇਤ ਸਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵਿਦਿਆਰਥਣਾਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਨਰਸਿੰਗ ਦਾ ਕਿੱਤਾ ਮਹਾਨ ਹੈ। ਇਸ ਲਈ ਹਰੇਕ ਵਿਦਿਆਰਥੀ ਨੂੰ ਇਸ ਕਿੱਤਾ ਨਾਲ ਜੁੜਨਾ ਚਾਹੀਦਾ ਹੈ, ਕਿਉਂਕਿ ਇਹ ਨਾਲੇ ਪੁੰਨ, ਨਾਲੇ ਫਲੀਆਂ ਵਾਲਾ ਇਕ ਅਜਿਹਾ ਕਿੱਤਾ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਨੇ ਅਰਦਾਸ ਦਿਵਸ 'ਤੇ ਪਹੁੰਚੇ ਸਮੂਹ ਮਹਿਮਾਨਾਂ ਦਾ ਸਵਾਗਤ ਕਰਦਿਆਂ ਨਵੇ ਸੈਸ਼ਨ ਦੇ ਵਿਦਿਆਰਥੀਆਂ ਨੂੰ ਪੜਾਈ ਲਈ ਪ੍ਰੇਰਿਤ ਕੀਤਾ ਅਤੇ ਸੁਨਿਹਰੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਇਸ ਉਪਰੰਤ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਡਾ: ਇੰਦਰਜੀਤ ਸਿੰਘ ਗੋਗੋਆਣੀ ਵੱਲੋਂ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਧਾਰਮਿਕ ਵਿਚਾਰ ਸਾਂਝੇ ਕੀਤੇ ਗਏ। ਇਸ ਪ੍ਰੋਗਰਾਮ 'ਚ ਸਮੂਹ ਕਾਲਜ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਸੰਤ ਚਾਨਣ ਰਾਮ ਸ਼ੇਰਗੜ੍ਹ ਦੀ 11ਵੀਂ ਬਰਸੀ ਤੇ ਮਾਤਾ ਹਰਨਾਮ ਕੌਰ ਦੀ ਯਾਦ 'ਚ ਸਮਾਗਮ 14 ਨੂੰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)— 108 ਸੰਤ ਚਾਨਣ ਰਾਮ ਜੀ ਸ਼ੇਰਗੜ੍ਹ ਵਾਲਿਆਂ ਦੀ 11ਵੀਂ ਬਰਸੀ ਅਤੇ ਮਾਤਾ ਹਰਨਾਮ ਕੌਰ ਦੀ ਯਾਦ ਵਿੱਚ ਸਾਲਾਨਾ ਸਮਾਗਮ 14 ਦਸੰਬਰ ਦਿਨ ਵੀਰਵਾਰ ਨੂੰ ਧਾਮ ਚਾਣਨਪੁਰੀ ਸ਼ੇਰਗੜ੍ਹ ਚੰਡੀਗੜ੍ਹ ਰੋਡ ਅਸਲਾਮਾਬਾਦ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਪੂਰਵਕ ਮਨਾਏ ਜਾਣਗੇ। ਡੇਰੇ ਦੇ ਮੌਜੂਦਾ ਸੰਚਾਲਕ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ) ਪੰਜਾਬ ਨੇ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ 10 ਵਜੇ ਪਹਿਲਾਂ ਆਰੰਭ ਸ੍ਰੀ ਸਹਿਜ ਪਾਠ ਦੇ ਭੋਗ ਪੈਣਗੇ ਉਪਰੰਤ ਖੁੱਲੇ ਦੀਵਾਨਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਰਤਨ ਦੇ ਦੀਵਾਨ ਸਜਾਏ ਜਾਣਗੇ,ਜਿਸ ਵਿਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼, ਰਾਗੀ,ਢਾਡੀ ਅਤੇ ਕਥਾਵਾਚਕ ਕੀਰਤਨ, ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਕੁੱਤੇ ਦੇ ਕੱਟਣ ਦੇ ਮਾਮਲੇ 'ਚ ਢੁੱਕਵੀਂ ਕਾਰਵਾਈ ਕੀਤੀ ਜਾਵੇ-ਡਿਪਟੀ ਕਮਿਸ਼ਨਰ

ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)- ਕੁੱਤਿਆਂ ਦੇ ਕੱਟਣ ਦੇ ਵੱਧ ਰਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਡਿਪਟੀ ਕਮਿਸਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਸਥਾਨਕ ਅਧਿਕਾਰੀਆਂ ਨੂੰ ਕੁੱਤਿਆਂ ਦੇ ਕੱਟਣ ਦੇ ਖਤਰੇ ਤੋਂ ਲੋਕਾਂ ਨੂੰ ਰਾਹਤ ਦਿਵਾਉਣ ਲਈ ਤੁਰੰਤ ਢੁਕਵੀਂ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ। ਖਰਡ ਅਤੇ ਜੀਰਕਪੁਰ ਦੇ ਹਾਲ ਹੀ ਦੇ ਕੇਸਾਂ ਦਾ ਜ਼ਿਕਰ ਕਰਦੇ ਹੋਏ, ਉਨ੍ਹਾਂ ਮਾਮਲਿਆਂ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਸਬੰਧਤ ਨਗਰ ਕੌਂਸਲਾਂ ਦੇ ਕਾਰਜਸਾਧਕ ਅਧਿਕਾਰੀਆਂ ਨੂੰ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰਨ ਲਈ ਕਿਹਾ।

COURT NOTICE

(Succession Case)
In the Court of
Ms. Prabhjot Kaur Addl.
Civil Judge (Senior Division),
Hoshiarpur.
CNR No. PBHO02-000523-2023
Next Date : 30.1.2024
Surinder Singh S/o Sohan Singh R/o Vill. Badala Pacca, P.O. Khanpur Sahota, Distt. Hoshiarpur and another
Petitioner
Versus
General Public
Respondent
Application U/S 372 of Indian Succession Act 1925 for grant of Succession Certificate
Notice to : General Public
In above titled case, the respondent could not be served. It is ordered that respondent should appear in person or through counsel on 30.1.2024 at 10.00 a.m.
For details logon to https://highcourtchd.gov.in/?trs=district notice & district=Hoshiarpur
Addl. Civil Judge (Senior Division), Hoshiarpur
Dated, this day of 5.12.2023

Change of Name

I, Kamaljit Kaur D/o Joginder Singh R/o VPO. Makno, Distt. Jalandhar, Punjab Have Changed My Name From Kamaljit Kaur To Kamaljit Kaur Heer. All please note.

I, Harpreet Singh Walia S/o Harbhajan Singh R/o Near New Shiv Mandir Khalwara Gate, Phagwara, Distt. Kapurthala have changed my name from Harpreet Singh Walia to Harpreet Singh. All please note.

I, Sukhwinder Singh S/o Nirmal Singh R/o VPO. Daulatpur Dhadda, Tehsil Shahkot, Distt. Jalandhar, Punjab have changed my name spelling from Sukhwinder Singh to Sukhvinder Singh. All please note.

I, Kuldeep Das W/o Gurcharan Dass R/o Garhi Mohalla, Ward No. 6, Urmar, Tehsil Dasuya, Distt. Hoshiarpur 144204, Punjab have changed my name to Das Kuldeep. (Given name as Kuldeep & Surname as Das) All Please Note.

COURT NOTICE

In the Court of
Ms. Minakshi Mahajan
Addl. Civil Judge (Senior Division), Payal.
CNR No. PBLDD0-000177-2023
Next Date : 4.1.2024
Parwinder Kaur W/o Rampreet Singh 2. Manreet Kaur 3. Gurleen Kaur D/o Rampreet Singh 4. Gulmoharpreet Singh (minor) S/o Rampreet Singh 5. Manjit Kaur W/o Rajinder Singh All R/o Vill. Jaipura, Tehsil Payal, Distt. Ludhiana.
Versus
General Public
Publication issued to : General Public, Punjab, India
In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 4.1.2024 at 10.00 a.m.
For details logon to https://highcourtchd.gov.in/?trs=district notice & district=Ludhiana
Addl. Civil Judge (Senior Division), Payal.
Dated, this day of 8.12.2023

Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 30.11.2023 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੰਦੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਓ ਡੀ ਟੀ, ਡਬਲਊ ਸੀ ਟੀ ਐੱਲ -1 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ 'ਚ ਕਰਜ਼ਦਾਰ) : ਮੈਸ: ਵਰਣਮ ਇੰਡਸਟਰੀਜ਼ 1740/3, ਭੂਸ਼ਣਪੁਰਾ, ਅੰਦਰੂਨ ਸੁਲਤਾਨਵਿੰਡ ਗੇਟ, ਅੰਮ੍ਰਿਤਸਰ ਰਾਹੀਂ ਇਸ ਦੇ ਮਾਲਕ ਸ੍ਰੀ ਸੰਜੇ ਸ਼ਰਮਾ।
2. (ਓ ਡੀ ਟੀ, ਡਬਲਯੂ ਸੀ ਟੀ ਐੱਲ-1 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ 'ਚ ਮਾਲਕ) : ਸ੍ਰੀ ਸੰਜੇ ਸ਼ਰਮਾ ਪੁੱਤਰ ਸ੍ਰੀ ਕਿਸ਼ਨ ਚੰਦ ਸ਼ਰਮਾ, ਵਾਸੀ ਬੀ-156, ਰਣਜੀਤ ਐਵੇਨਿਊ, ਅੰਮ੍ਰਿਤਸਰ-143001
3. (ਓ ਡੀ ਟੀ, ਡਬਲਯੂ ਸੀ ਟੀ ਐੱਲ-1 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ 'ਚ ਗਰੰਟਰ) : ਸ੍ਰੀ ਰਜੀਤ ਸ਼ਰਮਾ ਪੁੱਤਰ ਸੰਜੇ ਸ਼ਰਮਾ, ਵਾਸੀ ਬੀ-156, ਰਣਜੀਤ ਐਵੇਨਿਊ, ਬੀ-ਬਲਾਕ, ਅੰਮ੍ਰਿਤਸਰ-143001
4. (ਓ ਡੀ ਟੀ, ਡਬਲਯੂ ਸੀ ਟੀ ਐੱਲ-1 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ 'ਚ ਗਰੰਟਰ) : ਸ੍ਰੀਮਤੀ ਬਬੀਤਾ ਸ਼ਰਮਾ ਪਤਨੀ ਸ੍ਰੀ ਸੰਜੇ ਸ਼ਰਮਾ ਵਾਸੀ ਬੀ-156, ਰਣਜੀਤ ਐਵੇਨਿਊ, ਅੰਮ੍ਰਿਤਸਰ-143001

ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ	ਰਕਮ ਮਨਜ਼ੂਰ	ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.11.2023 ਤੋਂ ਬਿਨਾਂ ਵਿਆਜ)
ODT LIMIT/31400000045	Rs. 13,00,000/-	Rs. 13,76,928.18
WCTL/31612000015	Rs. 12,00,000/-	Rs. 9,49,086.16
WCTL-ECLGS/31612000041	Rs. 1,50,000/-	Rs. 1,19,807.00

ਪ੍ਰਾਇਮਰੀ ਸਕਿਉਰਿਟੀ : ਵਪਾਰਕ ਜਾਇਦਾਦ ਦਾ ਉਚਿਤ ਗਿਰਵੀਨਾਮਾ : ਰਜਿਸਟਰਡ ਬੈਨਾਮਾ ਨੰ: 12129 ਮਿਤੀ 24.1.2005 ਅਨੁਸਾਰ ਬਬੀਤਾ ਸ਼ਰਮਾ ਪਤਨੀ ਸੰਜੇ ਸ਼ਰਮਾ ਦੀ ਮਲਕੀਅਤ ਜਾਇਦਾਦ ਰਕਬਾ 10 ਮਰਲੇ, ਪਿੰਡ ਝੀਤਾ ਕਲਾਂ ਪਿੰਡ ਦੇ ਖੇਤਰ 'ਚ ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ।
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮਾਲ ਰੋਡ ਅੰਮ੍ਰਿਤਸਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕ

12-DEC-PAGE-7.qxd 12/11/2023 10:47 PM Page 1

ਐੱਨ ਐੱਚ ਐੱਮ ਕਾਮਿਆਂ ਨੇ ਸਿਹਤ ਸੇਵਾਵਾਂ ਰੱਖੀਆਂ ਠੱਪ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਸਿਹਤ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਅੱਜ ਸਿਹਤ ਸੇਵਾਵਾਂ ਠੱਪ ਰੱਖੀਆਂ।ਇਸ ਮੌਕੇ ਗੱਲਬਾਤ ਕਰਦਿਆਂ ਜਗਜੀਤ ਸਿੰਘ ਹਾਂਸ ਬਲਾਕ ਪ੍ਰਧਾਨ ਫਿਰੋਜ਼ਸ਼ਾਹ ਵੱਲੋਂ ਦੱਸਿਆ ਗਿਆ ਕਿ ਆਲ ਇੰਡੀਆ ਹੈਲਥ ਤੇ ਐੱਨ ਐੱਚ ਐੱਮ ਇੰਪਲਾਈਜ਼ ਫੈਡਰੇਸ਼ਨ ਵੱਲੋਂ ਦਿੱਲੀ ਵਿੱਚ ਵੱਖ ਵੱਖ ਰਾਜਾਂ ਤੋਂ ਨੈਸ਼ਨਲ ਹੈੱਲਥ ਮਿਸ਼ਨ ਦੇ ਕਰਮਚਾਰੀ ਵੱਲੋਂ ਵੱਧ-ਚੜ੍ਹ ਕੇ ਹਿੱਸਾ ਲੈ ਰਹੇ ਹਨ।ਉਸੇ ਤਹਿਤ ਬਲਾਕ ਫਿਰੋਜ਼ਸ਼ਾਹ ਦੇ ਨੈਸ਼ਨਲ ਹੈੱਲਥ ਮਿਸ਼ਨ ਦੇ ਕਮਚਾਰੀਆਂ ਵੱਲੋਂ ਸੀ ਐੱਚ ਸੀ ਫਿਰੋਜ਼ਸ਼ਾਹ ਵਿਖੇ ਧਰਨਾ ਲਗਾਇਆ ਗਿਆ ਅਤੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੂੰ ਮੰਗ ਕੀਤੀ ਕਿ ਪਿਛਲੇ ਲੰਮੇ ਸਮੇਂ ਤੋਂ ਕੰਮ ਕਰ ਰਹੇ ਕੱਚੇ ਮੁਲਾਜ਼ਮਾਂ ਨੂੰ ਜਲਦ ਤੋਂ ਜਲਦ ਪੱਕਾ ਕੀਤਾ ਜਾਵੇ ਅਤੇ ਉਨ੍ਹਾਂ 'ਤੇ ਸਰਵਿਸ ਰੂਲ ਲਾਗੂ ਕੀਤੇ ਜਾਣ, ਜਿਵੇਂ ਕਿ ਡੀ ਏ ਕਮਾਈ ਛੁੱਟੀ, ਐੱਲਟੀਸੀ, ਚਾਈਲਡ ਕੇਅਰ ਲੀਵ ਆਦਿ ਬਣਦੀਆਂ ਸਰਕਾਰੀ ਸਹੂਲਤਾਂ ਮੁਲਾਜ਼ਮਾਂ ਨੂੰ ਦਿੱਤੀਆਂ ਜਾਣ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਕੇਂਦਰ ਜਾਂ ਪੰਜਾਬ ਸਰਕਾਰ ਐੱਨ ਐੱਚ ਐੱਮ ਅਧੀਨ ਆਉਂਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕਰਦੀ ਤਾਂ ਇਸ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਕੇਂਦਰ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਸਮੂਹ ਐੱਨ ਐੱਚ ਐੱਮ ਬਲਾਕ ਫਿਰੋਜ਼ਸ਼ਾਹ ਦੇ ਕੱਚੇ ਕਾਮੇ ਜਿਵੇਂ ਕਿ ਦਫ਼ਤਰੀ ਸਟਾਫ, ਸੀ ਐੱਚ ਓ ਸਟਾਫ਼ ਨਰਸ, ਐੱਨ ਈ ਟੀ ਪੀ, ਆਰ ਬੀ ਐੱਸ ਕੇ, ਐੱਮ ਪੀ ਐੱਚ ਡਬਲਿਊ (ਵੀਮੇਲ) ਆਦਿ ਸ਼ਾਮਲ ਸਨ।

ਅੱਖਾਂ ਦਾ ਮੁਫ਼ਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਲਾਇਆ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਡੇਰਾ ਬਾਬਾ ਗੋਂਦੀਰਾਮ ਜੀ ਦੇ ਦਰਬਾਰ 'ਤੇ ਜਿੱਥੇ ਸਮੇਂ-ਸਮੇਂ 'ਤੇ ਲੋਕ ਭਲਾਈ ਅਤੇ ਸਮਾਜ ਭਲਾਈ ਦੇ ਕਾਰਜ ਨੇਪਰੇ ਚਾੜ੍ਹੇ ਜਾਂਦੇ ਹਨ, ਉਥੇ ਡੇਰੇ ਦੇ ਮੁੱਖ ਸੇਵਾਦਾਰ ਨਰੇਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਡੇਰੇ 'ਤੇ ਹਰ ਮਹੀਨੇ ਅੱਖਾਂ ਦਾ ਮੁਫ਼ਤ ਚੈੱਕ ਅਤੇ ਅਪ੍ਰੇਸ਼ਨ ਕੈਂਪ ਲਾਇਆ ਜਾਂਦਾ ਹੈ। ਇਨ੍ਹਾਂ ਕੈਂਪਾਂ ਰਾਹੀਂ ਸੈਂਕੜਿਆਂ ਦੀ ਤਾਦਾਦ ਵਿੱਚ ਅਪ੍ਰੇਸ਼ਨ ਵਾਲੇ ਮਰੀਜ਼ ਆਪਣੇ ਅਪ੍ਰੇਸ਼ਨ ਕਰਾ ਕੇ ਲਾਹਾ ਖੱਟ ਚੁੱਕੇ ਹਨ, ਉਥੇ ਹੀ ਅੱਜ ਡੇਰੇ 'ਤੇ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਗਿਆ। ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ ਦੀ ਡਾਕਟਰਾਂ ਦੀ ਮਾਹਿਰ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ ਉਨ੍ਹਾਂ ਨੂੰ ਮੁਫ਼ਤ ਦਵਾਈ ਅਤੇ ਐਨਕਾਂ ਭੇਟ ਕੀਤੀਆਂ ਗਈਆਂ। ਇਸ ਦੌਰਾਨ ਚਿੱਟੇ ਮੋਤੀਏ ਵਾਲੇ ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਸ ਵਿੱਚ 70 ਦੇ ਕਰੀਬ ਅਪ੍ਰੇਸ਼ਨ ਵਾਲੇ ਮਰੀਜ਼ਾਂ ਨੂੰ ਅਪ੍ਰੇਸ਼ਨ ਲਈ ਲੁਧਿਆਣਾ ਵਿਖੇ ਲਜਾਇਆ ਗਿਆ। ਕੈਂਪ ਦੇ ਮੁੱਖ ਮਹਿਮਾਨ ਐਸਡੀਐਮ ਧਰਮਕੋਟ ਮੈਡਮ ਚਾਰੂ ਮਿਤਾ ਸਨ। ਉਨ੍ਹਾਂ ਨੇ ਡੇਰਾ ਬਾਬਾ ਗੋਦੀ ਰਾਮ ਜੀ ਦੇ ਮੁੱਖ ਸੇਵਾਦਾਰ ਨਰੇਸ਼ ਕੁਮਾਰ ਸ਼ਰਮਾ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਅਤੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਡੇਰੇ ਵੱਲੋਂ ਸਮੇਂ-ਸਮੇਂ 'ਤੇ ਗ਼ਰੀਬਾਂ ਤੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਮੁਫ਼ਤ ਵਿਆਹ ਕਰਾ ਕੇ ਅਤੇ ਅੱਖਾਂ ਦੇ ਅਪ੍ਰੇਸ਼ਨ ਕੈਂਪ ਦਾ ਆਯੋਜਨ ਕਰਕੇ ਗਰੀਬਾਂ ਤੇ ਲੋੜਵੰਦ ਲੋਕਾਂ ਤੇ ਵੱਡਾ ਪਰਉਪਕਾਰ ਕੀਤਾ ਜਾ ਰਿਹਾ ਹੈ, ਕਿਉਂਕਿ ਅਜੋਕੇ ਯੁੱਗ ਵਿੱਚ ਕਈ ਗ਼ਰੀਬ ਵਿਅਕਤੀ ਆਪਣੀਆਂ ਅੱਖਾਂ ਦੇ ਅਪ੍ਰੇਸ਼ਨ ਕਰਾਉਣ ਤੋਂ ਅਸਮਰਥ ਹਨ, ਜਿਸ ਲਈ ਡੇਰੇ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਇਸ ਮੌਕੇ ਡੇਰੇ ਦੇ ਸੇਵਾਦਾਰ ਬਾਬਾ ਨਰੇਸ਼ ਕੁਮਾਰ ਸ਼ਰਮਾ ਨੇ ਐਸਡੀਐਮ ਦਾ ਡੇਰੇ ਵਿੱਚ ਆਉਣ 'ਤੇ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਭੇਟ ਕੀਤਾ। ਇਸ ਦੌਰਾਨ ਡਾਕਟਰਾਂ ਦੀ ਟੀਮ ਤੇ ਡੇਰੇ ਦੇ ਸੇਵਾਦਾਰਾਂ ਦਾ ਐਸਡੀਐਮ ਹੱਥੋਂ ਸਨਮਾਨ ਕਰਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਐਸਡੀਐਮ ਧਰਮਕੋਟ ਵੱਲੋਂ ਅਪ੍ਰੇਸ਼ਨ ਵਾਲੇ ਮਰੀਜ਼ਾਂ ਦੀ ਗੱਡੀ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਬਾਬਾ ਨਰੇਸ਼ ਕੁਮਾਰ ਸ਼ਰਮਾ, ਮਦਨ ਲਾਲ ਤਲਵਾੜ, ਧੀਰਜ ਕੁਮਾਰ ਗਰੋਵਰ, ਹਰੀਸ਼ ਕੁਮਾਰ ਗਰੋਵਰ, ਸੁਨੀਲ ਕੁਮਾਰ ਗਰੋਵਰ, ਸ਼ੁਭਮ ਮੋਲੜੀ, ਦੀਪਕ ਆਹੂਜਾ, ਗੋਪੀ ਰਾਜਾ ਲੋਹਗੜ੍ਹ, ਰਾਜ ਕੁਮਾਰ ਸ਼ਰਮਾ, ਜਤਿੰਦਰ ਸੂਦ, ਕੁਲਦੀਪ ਸਿੰਘ ਗੱਗੀ ਸਿਪੀ ਧਰਮਕੋਟ, ਸੋਨ ਲਾਲ ਤਲਵਾੜ, ਰਮੇਸ਼ ਕੁਮਾਰ ਸ਼ਰਮਾ ਤੂੰ ਇਲਾਵਾ ਵੱਡੀ ਗਿਣਤੀ ਵਿੱਚ ਡੇਰੇ ਦੇ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਪਹੁੰਚੇ ਮਰੀਜ਼ਾਂ ਲਈ ਲੰਗਰ ਦਾ ਅਤੁੱਟ ਪ੍ਰਬੰਧ ਕਰਾਇਆ ਗਿਆ।

20ਵੇਂ ਸਾਲਾਨਾ ਕੰਨਿਆਦਾਨ ਸਮਾਗਮ ਦਾ ਆਯੋਜਨ

ਜਲਾਲਾਬਾਦ (ਜੀਤ ਕੁਮਾਰ) ਮਾਨਵਤਾ ਭਲਾਈ ਦੇ ਕੰਮਾਂ ਵਿੱਚ ਸਰਗਰਮ ਸਮਾਜ ਸੇਵੀ ਸੰਸਥਾ 'ਸਚੈ ਮਾਰਗਿ ਚਲਦਿਆਂ ਉਸਤਤਿ ਕਰੈ ਜਹਾਨੁ ਸੇਵਾ ਸੁਸਾਇਟੀ' (ਰਜਿ.) ਪਿੰਡ ਫ਼ਿਰੋਜ਼ਸ਼ਾਹ ਵੱਲੋਂ ਸੱਚਖੰਡ ਵਾਸੀ ਸੰਤ ਬਾਬਾ ਅਮਰਜੀਤ ਸਿੰਘ ਦੀ ਯਾਦ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗਰੀਬ ਤੇ ਬੇਸਹਾਰਾ ਲੜਕੀਆਂ ਦੇ ਸਮੂਹਿਕ ਵਿਆਹ ਪਿੰਡ ਫਿਰੋਜ਼ਸ਼ਾਹ ਵਿਖੇ ਬੜੀ ਹੀ ਸ਼ਰਧਾ ਭਾਵਨਾ ਨਾਲ ਕੀਤੇ ਗਏ। 20ਵਾਂ ਸਾਲਾਨਾ ਮਹਾਨ ਕੰਨਿਆ ਦਾਨ ਸਮਾਗਮ ਮੁੱਖ ਸੇਵਾਦਾਰ ਬਾਬਾ ਹਰਜਿੰਦਰ ਸਿੰਘ ਫ਼ਿਰੋਜ਼ਸ਼ਾਹ ਦੀ ਦੇਖ-ਰੇਖ ਹੇਠ ਸੰਪੰਨ ਹੋਇਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਫ਼ਿਰੋਜ਼ਪੁਰ ਦਿਹਾਂਤੀ ਤੋਂ ਕਾਂਗਰਸ ਦੇ ਇੰਚਾਰਜ ਆਸ਼ੂ ਬਾਂਗੜ ਤੇ ਸੋਨੀ ਬਾਬਾ ਇੱਟਾਂਵਾਲਾ ਗੌਸ਼ਾਲਾ, ਡਾ. ਓਮ ਪ੍ਰਕਾਸ਼ ਹਿਸਾਨਵਾਲਾ, ਸੁਰਿੰਦਰ ਜ਼ੈਲਦਾਰ ਹਿਸਾਨਵਾਲਾ, ਕਰਿਆਨਾ ਯੂਨੀਅਨ ਜਲਾਲਾਬਾਦ ਦੇ ਜਨਰਲ ਸਕੱਤਰ ਮਨੂੰ ਛਾਬੜਾ, ਸਤਨਾਮ ਸਿੰਘ ਫ਼ਲੀਆਂਵਾਲਾ ਸਾਬਕਾ ਸਰਪੰਚ, ਸੁਰਿੰਦਰ ਸਿੰਘ ਜ਼ੈਲਦਾਰ, ਮਾ.ਸੁਖਵਿੰਦਰ ਸਿੰਘ, ਮਾ. ਸਤਨਾਮ ਚਾਂਦੀ ਵਾਲਾ, ਮਾ. ਸ਼ਮਸ਼ੇਰ ਸਿੰਘ ਪਾਲੀਵਾਲਾ, ਪੂਰਨ ਭੱਟੀ ਸਰਪੰਚ, ਸਟੇਜ ਸੈਕਟਰੀ ਗੁਰਪ੍ਰੀਤ ਸਿੰਘ ਇੱਟਾਂਵਾਲੀ, ਗਗਨ ਕੋਹਾਲਾ, ਜਗਰੂਪ ਸਿੰਘ ਸਰਪੰਚ, ਜਗਤਾਰ ਸਿੰਘ ਘਾਰੂ, ਪ੍ਰਬੰਧਕ ਸੁਰਿੰਦਰ ਸਿੰਘ ਬੀਤਾ ਫਿਰੋਜ਼ਸ਼ਾਹ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਸਮਾਗਮ 'ਚ ਗਰੀਬ ਅਤੇ ਲੋੜਵੰਦ ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕਰਾਏ ਗਏ। ਇਸ ਮੌਕੇ ਮੁੱਖ ਮਹਿਮਾਨ ਆਸ਼ੂ ਬਾਂਗੜ, ਬਾਬਾ ਸੋਨੀ ਅਤੇ ਵਿਸ਼ੇਸ਼ ਮਹਿਮਾਨਾਂ ਨੇ ਕਿਹਾ ਕਿ ਮਾਨਵਤਾ ਦੀ ਸੇਵਾ ਸਭ ਤੋਂ ਉਤਮ ਸੇਵਾ ਹੈ, ਜਿਸ ਤਹਿਤ ਸੇਵਾਦਾਰ ਬਾਬਾ ਹਰਜਿੰਦਰ ਸਿੰਘ ਜੋ ਪਿਛਲੇ 20 ਸਾਲਾਂ ਤੋਂ ਗਰੀਬ ਅਤੇ ਬੇਸਹਾਰਾ ਲੋੜਵੰਦ ਲੜਕੀਆਂ ਦੀਆਂ ਸ਼ਾਦੀਆਂ ਸੇਵਾ ਭਾਵਨਾ ਨਾਲ ਕਰ ਰਹੇ ਹਨ, ਇਹ ਵੀ ਇਕ ਸਭ ਤੋਂ ਉੱਤਮ ਸੇਵਾ ਹੈ। ਇਸ ਲਈ ਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਲੜਕੀਆਂ ਦੇ ਵਿਆਹ ਕਰਾਉਣ ਲਈ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇ। ਬਾਬਾ ਹਰਜਿੰਦਰ ਸਿੰਘ ਨੇ ਦੱਸਿਆ ਕਿ 11 ਲੜਕੀਆਂ ਦੇ ਵਿਆਹ ਕੀਤੇ ਗਏ ਹਨ ਤੇ ਲੜਕੇ ਵਾਲੇ ਬਰਾਤ ਦੇ ਰੂਪ ਵਿਚ ਪੁੱਜੇ, ਜਿਨ੍ਹਾਂ ਦੇ ਲਈ ਖਾਣ-ਪੀਣ ਲਈ ਮੁਕੰਮਲ ਪ੍ਰਬੰਧ ਵੀ ਕੀਤਾ ਗਿਆ। ਸਮੂਹਿਕ ਅਨੰਦ ਕਾਰਜ ਕਰਨ ਉਪਰੰਤ ਵਿਆਹ ਵਾਲੀਆਂ ਲੜਕੀਆਂ ਨੂੰ ਲੋੜੀਂਦਾ ਦਾਜ ਰੂਪੀ ਸਮਾਨ ਜਿਵੇਂ ਕਿ 1-1 ਪੇਟੀ, 1-1 ਬਕਸ ਬੈੱਡ, 2-2 ਮੰਜੇ, 1-1 ਸਟੈਂਡ ਵਾਲਾ ਵੱਡਾ ਪੱਖਾ, ਬਿਸਤਰੇ, ਡਿਨਰ ਸੈੱਟ, ਕੁਰਸੀਆਂ ਟੇਬਲ, ਲੜਕੀਆਂ ਨੂੰ ਪੰਜੇਬਾਂ ਤੇ ਲੜਕਿਆਂ ਨੂੰ ਘੜੀਆਂ ਅਤੇ ਸੂਟ ਕੱਪੜੇ ਆਦਿ ਦਿੱਤਾ ਗਿਆ ਹੈ। ਅੰਤ ਵਿੱਚ ਬਾਬਾ ਜੀ ਨੇ ਇਸ ਕੰਨਿਆ ਦਾਨ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿੱਚ ਸਹਿਯੋਗ ਸਮਾਜ ਸੇਵਕਾ ਦਾ ਧੰਨਵਾਦ ਕੀਤਾ ਅਤੇ ਸਮੂਹ ਮਹਿਮਾਨਾਂ ਨੂੰ ਸਨਮਾਨਤ ਵੀ ਕੀਤਾ।

ਕਾਤਰਾਂ

ਪ੍ਰੋ. ਉਪਲ ਡਾ. ਕਲਾਮ ਇੰਟਰਨੈਸ਼ਨਲ ਐਕਸੀਲੈਂਸ ਐਵਾਰਡ ਨਾਲ ਸਨਮਾਨਤ

ਮਲੋਟ (ਗੁਰਮੀਤ ਸਿੰਘ ਮੱਕੜ)-ਆਈ.ਸੀ.ਈ.ਆਰ.ਟੀ ਨੇ ਸਿੱਖਿਆ ਦੇ ਖੇਤਰ ਵਿਚ ਹੋ ਰਹੇ ਪਰਿਵਰਤਣ ਸਬੰਧੀ ਆਨਲਾਈਨ ਸੈਮੀਨਾਰ ਕਰਾਇਆ ਗਿਆ, ਜਿਸ ਵਿਚ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਸਿੱਖਿਆ ਮਾਹਿਰਾਂ ਨੇ ਭਾਗ ਲਿਆ ਅਤੇ ਸਿੱਖਿਆ ਵਿਚ ਹੋ ਰਹੇ ਪਰਿਵਰਤਨਾਂ ਬਾਰੇ ਆਪਣੇ ਬਹੁਮੁੱਲੇ ਵਿਚਾਰ ਪ੍ਰਗਟ ਕੀਤੇ। ਇਸ ਦੌਰਾਨ ਸਿੱਖਿਆ ਖੇਤਰ ਅਤੇ ਖੋਜ਼ ਖੇਤਰ ਵਿਚ ਵਧੀਆ ਕੰਮ ਕਰਨ ਵਾਲੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ, ਜਿਸ ਵਿਚ ਮਲੋਟ ਨਿਵਾਸੀ ਪ੍ਰੋ. ਉੱਪਲ ਨੂੰ ਡਾ. ਏ.ਪੀ.ਜੇ ਅਬਦੁੱਲ ਕਲਾਮ ਇੰਟਰਨੈਸ਼ਨਲ ਐਕਸੀਲੈਂਸ ਐਵਾਰਡ 2023 ਸਨਮਾਨਿਤ ਕੀਤਾ ਗਿਆ। ਪ੍ਰੋ. ਆਰ.ਕੇ ਉੱਪਲ ਜੋ ਕਿ ਬਾਬਾ ਫਰੀਦ ਕਾਲਜ ਆਫ ਮੈਨੇਜਮੈਂਟ ਅਤੇ ਟੈਕਨਾਲੋਜੀ ਵਿਖੇ ਬਤੌਰ ਪ੍ਰੋਫੈਸਰ ਦੇ ਤੌਰ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਦੀ ਇਸ ਪ੍ਰਾਪਤੀ ਲਈ ਸ਼ਹਿਰ ਦੇ ਪਤਵੰਤਿਆਂ ਅਤੇ ਬਾਬਾ ਫਰੀਦ ਕਾਲਜ ਦੀ ਮੈਨੇਜ਼ਮੈਂਟ ਅਤੇ ਸਮੂਹ ਸਟਾਫ਼ ਵਲੋਂ ਵਧਾਈ ਦਿੱਤੀ ਗਈ।

15 ਤੋਂ 24 ਤੱਕ ਪੂਰੇ ਸੂਬੇ 'ਚ ਚੱਲੇਗੀ 'ਆਪ' ਦੀ ਪਰਿਵਰਤਨ ਯਾਤਰਾ : ਗੁਦਰਾਣਾ

ਸਿਰਸਾ (ਸੁਰਿੰਦਰ ਪਾਲ ਸਿੰਘ)-ਆਮ ਆਦਮੀ ਪਾਰਟੀ ਦੇ ਲੋਕ ਸਭਾ ਪ੍ਰਭਾਰੀ ਕੁਲਦੀਪ ਸਿੰਘ ਗੁਦਰਾਣਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ 15 ਤੋਂ 24 ਦਸੰਬਰ ਤੱਕ ਰਾਜ ਦੇ 90 ਵਿਧਾਨ ਸਭਾ ਤੇ 10 ਲੋਕ ਸਭਾ ਹਲਕਿਆਂ ਵਿੱਚ ਪਰਿਵਰਤਨ ਯਾਤਰਾ ਸ਼ੁਰੂ ਕਰਨ ਜਾ ਰਹੀ ਹੈ। ਕੁਲਦੀਪ ਨੇ ਦੱਸਿਆ ਕਿ ਸਿਰਸਾ ਤੋਂ ਸ਼ੁਰੂ ਹੋਈ ਇਹ ਯਾਤਰਾ ਭਿਵਾਨੀ ਵਿੱਚ ਸਮਾਪਤ ਹੋਵੇਗੀ। ਕਾਲਕਾ ਤੋਂ ਸ਼ੁਰੂ ਹੋਈ ਯਾਤਰਾ ਪਾਣੀਪਤ ਵਿੱਚ ਸਮਾਪਤ ਹੋਵੇਗੀ ਤੇ ਮਹਿੰਦਰਗੜ੍ਹ ਤੋਂ ਸ਼ੁਰੂ ਹੋਈ ਯਾਤਰਾ ਕੈਥਲ ਵਿੱਚ ਸਮਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਯਾਤਰਾ ਦੌਰਾਨ ਹਰਿਆਣਾ ਦੀ ਮਾੜੀ ਹਾਲਤ ਬਾਰੇ ਸੂਬੇ ਦੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਦਾ ਬੁਰਾ ਹਾਲ ਹੈ ਤੇ ਅਧਿਆਪਕਾਂ ਦੀਆਂ 30 ਹਜ਼ਾਰ ਅਸਾਮੀਆਂ ਖਾਲੀ ਹਨ।ਖੱਟਰ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਪਿਛਲੇ 9 ਸਾਲਾਂ ਦੌਰਾਨ 30 ਤੋਂ ਵੱਧ ਵਾਰ ਪੇਪਰ ਲੀਕ ਹੋਏ ਹਨ।ਉਨ੍ਹਾਂ ਕਿਹਾ ਕਿ ਪੂਰੇ ਸੂਬੇ ਦੇ ਕਿਸਾਨ ਭਾਜਪਾ ਦੀਆਂ ਨੀਤੀਆਂ ਤੋਂ ਬੁਰੀ ਤਰ੍ਹਾਂ ਦੁਖੀ ਹਨ ਅਤੇ ਪੂਰੇ ਹਰਿਆਣਾ ਵਿੱਚ ਨਸ਼ਿਆਂ ਦਾ ਕਾਰੋਬਾਰ ਫੈਲ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸਵੇਰ ਤੋਂ ਸ਼ੁਰੂ ਹੋਈ ਯਾਤਰਾ ਪਿੰਡਾਂ ਵਿੱਚ ਜਾ ਕੇ ਰੁਕੇਗੀ।

ਸੈਂਟੀਨਲ ਇੰਟਰਨੈਸ਼ਨਲ ਸਕੂਲ ਦਾ ਸਾਲਾਨਾ ਸਮਾਗਮ

ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵੱਲੋਂ ਸਾਲਾਨਾ ਇਨਾਮ ਵੰਡ ਸਮਾਰੋਹ ਬੜੀ ਧੂਮਧਾਮ ਨਾਲ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮਹਿਮਾਨ ਵਜੋਂ ਅਮਰੀਕ ਸਿੰਘ ਢਿੱਲੋਂ, ਕੰਵਲਜੀਤ ਸਿੰਘ ਢਿੱਲੋਂ, ਕਰਨਵੀਰ ਸਿੰਘ ਢਿੱਲੋਂ ਤੇ ਅੰਮ੍ਰਿਤਪਾਲ ਕੌਰ ਢਿੱਲੋਂ ਨੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਬੱਚਿਆਂ ਨੇ ਧਾਰਮਿਕ ਗੀਤ ਨਾਲ ਕੀਤੀ। ਇਸ ਦੇ ਬਾਅਦ ਜੂਨੀਅਰ ਵਿੰਗ ਦੇ ਬੱਚਿਆਂ ਨੇ ਮਨਮੋਹਕ ਡਾਂਸ ਪੇਸ਼ ਕੀਤੇ। ਸੀਨੀਅਰ ਵਿੰਗ ਦੇ ਬੱਚਿਆਂ ਨੇ ਭਾਰਤ ਦੇ ਸੱਭਿਆਚਾਰ ਨੂੰ ਪੇਸ਼ ਕੀਤਾ। ਸਕੂਲ ਦੇ ਪ੍ਰਿੰਸੀਪਲ ਡਾ ਪੂਨਮ ਸ਼ਰਮਾ ਨੇ ਸਾਲਾਨਾ ਰਿਪੋਰਟ ਪੜ੍ਹੀ ਤੇ ਆਉਣ ਵਾਲੇ ਸੈਸ਼ਨ 2023-24 ਦੌਰਾਨ ਸਕੂਲ ਦੀਆਂ ਨੀਤੀਆਂ ਤੇ ਵਿੱਦਿਅਕ ਮਿਆਰ ਨੂੰ ਹੋਰ ਉੱਚਾ ਚੁੱਕਣ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਮੁੱਖ ਮਹਿਮਾਨਾਂ ਤੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਵੱਲੋਂ ਪਿਛਲੇ ਅਕੈਡਮਿਕ ਸੈਸ਼ਨ 2022-23 ਦੌਰਾਨ ਪੜ੍ਹਾਈ ਵਿੱਚ ਪੁਜ਼ੀਸ਼ਨਾਂ ਲੈਣ ਵਾਲੇ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਗਏ। ਫਿਰ ਮਾਪਿਆਂ ਤੇ ਬੱਚਿਆਂ ਨੂੰ ਦੁਪਹਿਰ ਦਾ ਖਾਣਾ ਖਵਾਇਆ ਗਿਆ। ਪ੍ਰੋਗਰਾਮ ਦੇ ਆਖਰ 'ਚ ਬੱਚਿਆਂ ਵੱਲੋਂ ਭੰਗੜਾ ਪੇਸ਼ ਕੀਤਾ ਗਿਆ। ਸਮਾਰੋਹ ਦੇ ਅੰਤ ਵਿੱਚ ਮੈਨੇਜਮੈਂਟ ਵੱਲੋਂ ਕਰਨਵੀਰ ਸਿੰਘ ਢਿੱਲੋਂ ਨੇ ਆਪਣੇ ਵਿਚਾਰ ਮਾਪਿਆਂ ਨਾਲ ਸ

12-Dec-PAGE-8.qxd 12/11/2023 11:05 PM Page 1

ਕਾਸੂਪੁਰ ਦਾ 29ਵਾਂ ਸਾਲਾਨਾ ਟੂਰਨਾਮੈਂਟ ਮਿੱਠੀਆਂ ਯਾਦਾਂ ਛੱਡਦਾ ਹੋਇਆ ਸਮਾਪਤ

ਐਸ. ਐਸ.ਪੀ. ਮੁਖਵਿੰਦਰ ਸਿੰਘ ਭੁੱਲਰ ਦਾ ਸਨਮਾਨ ਕਰਦੇ ਹੋਏ ਹਰਬੰਸ ਸਿੰਘ ਚੰਦੀ, ਸਵਰਨ ਸਿੰਘ ਚੰਦੀ ਤੇ ਹੋਰ ।

ਕਬੱਡੀ ਦੀ ਜੇਤੂ ਟੀਮ ਦਾ ਨਗਦ ਇਨਾਮ ਅਤੇ ਕੱਪ ਨਾਲ ਸਨਮਾਨ ਕਰਦੇ ਹੋਏ ਜਗਤਾਰ ਸਿੰਘ ਸੰਘੇੜਾ, ਹਰਬੰਸ ਸਿੰਘ ਚੰਦੀ ਤੇ ਹੋਰ।

ਸ਼ਾਹਕੋਟ, ਮਲਸੀਆ (ਗਿਆਨ ਸੈਦਪੁਰੀ, ਰੀਨਾ ਰਾਏ, ਯੋਗੇਸ਼ਵਰ)

ਚੰਨਣ ਸਿੰਘ ਚੰਦੀ ਤੇ ਪ੍ਰਦੁੱਮਣ ਸਿੰਘ ਚੰਦੀ ਸਪੋਰਟਸ ਕਲੱਬ (ਰਜਿ) ਕਾਸੂ ਪੁਰ ਵੱਲੋਂ ਕਰਵਾਇਆ ਗਿਆ 29ਵਾਂ ਸਾਲਾਨਾ ਟੂਰਨਾਮੈਂਟ ਮਿੱਠੀਆਂ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ। ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਸ਼ਹੀਦ ਊਧਮ ਸਿੰਘ ਨੂੰ ਸਮਰਪਿਤ ਇਸ ਟੂਰਨਾਮੈਂਟ ਵਿੱਚ ਦਰਜਨਾਂ ਕਬੱਡੀ ਅਤੇ ਵਾਲੀਬਾਲ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਬੱਡੀ ਦੇ 80 ਕਿਲੋ ਭਾਰ ਵਰਗ ਵਿੱਚ ਚਰਨ ਦਾਸ ਸਪੋਰਟਸ ਕਲੱਬ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੁਰਿੰਦਰ ਸਿੰਘ ਵਿਰਦੀ ਨੂੰ ਸਮਰਪਿਤ ਸ਼ਾਨਦਾਰ ਟਰਾਫੀ ਆਪਣੇ ਨਾਂਅ ਕਰਵਾਈ। ਕਲੱਬ ਨੇ ਇਕਾਹਟ ਹਜਾਰ ਰੁਪਏ ਵੀ ਪ੍ਰਾਪਤ ਕੀਤੇ। ਦੂਸਰੇ ਸਥਾਨ 'ਤੇ ਰਹਿਣ ਵਾਲੀ ਮੱਲ੍ਹੀਆ ਖੁਰਦ ਦੀ ਟੀਮ ਨੂੰ ਸ੍ਰੀਮਤੀ ਸੁਰਿੰਦਰ ਕੌਰ ਮਲਸੀਆ ਨੂੰ ਸਮਰਪਿਤ ਟਰਾਫੀ ਪ੍ਰਦਾਨ ਕੀਤੀ ਗਈ। ਇਸ ਨੂੰ ਪਬੰਧਕਾਂ ਨੇ ਇਕਵੰਜਾ ਹਜਾਰ ਰੁਪਏ ਨਾਲ ਵੀ ਨਿਵਾਜਿਆ। ਪਦੱਮਣ ਸਿੰਘ ਚੰਦੀ ਨੂੰ ਸਮਰਪਿਤ ਟਰਾਫੀ 70 ਕਿਲੋ ਭਾਰ ਵਰਗ ਵਿੱਚ ਪਹਿਲੇ ਸਥਾਨ 'ਤੇ ਆਉਣ ਵਾਲੀ ਟੋਡਰਵਾਲ ਦੀ ਟੀਮ ਨੂੰ ਪ੍ਰਦਾਨ ਕੀਤੀ ਗਈ ਅਤੇ ਨਾਲ ਹੀ ਇਕੱਤੀ ਹਜਾਰ ਰੁਪਏ ਨਕਦ ਇਨਾਮ ਦਿੱਤਾ ਗਿਆ। ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਕੁਲਾਰਾਂ ਦੀ ਟੀਮ ਨੂੰ ਮਾਸਟਰ ਸਵਰਨ ਸਿੰਘ ਕਲਿਆਣ ਦੇ ਨਾਂਅ 'ਤੇ ਬਣਾਈ ਗਈ ਟਰਾਫੀ ਅਤੇ ਇੱਕੀ ਹਜਾਰ ਰੁਪਏ ਭੇਂਟ ਕੀਤੇ ਗਏ। ਕਬੱਡੀ ਦੇ 48 ਕਿਲੋ ਭਾਰ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਚੂਹੜ ਚੱਕ ਦੀ ਟੀਮ ਨੂੰ ਮਾਤਾ ਕਿਸ਼ਨ ਕੌਰ ਚੰਦੀ ਨੂੰ ਸਮਰਪਿਤ ਟਰਾਫੀ ਅਤੇ ਪੰਦਰਾਂ ਹਜਾਰ ਰੁਪਏ ਸਨਾਮਨ ਵਜੋਂ ਦਿੱਤੇ। ਦੂਸਰਾ ਸਥਾਨ ਜਲਾਲਾਬਾਦ ਨੇ ਹਾਸਲ ਕਰਕੇ ਦਸ ਹਜਾਰ ਰੁਪਏ ਅਤੇ ਮਦਰ ਟਰੇਸਾ ਦੇ ਨਾਂਅ ਸਮਰਪਿਤ ਕੀਤੀ ਟਰਾਫੀ ਹਾਸਲ ਕੀਤੀ। ਖੇਡ ਮੇਲੇ ਵਿੱਚ ਵਾਲੀਬਾਲ ਦੇ ਮੁਕਾਬਲਿਆਂ ਦੌਰਾਨ ਸ਼ਹੀਦ ਮਨਦੀਪ ਸਿੰਘ ਸਪੋਰਟਸ ਕਲੱਬ ਕੋਟਲੀ ਗਾਜਰਾਂ ਨੇ ਪਹਿਲਾ ਸਥਾਨ ਹਾਸਲ ਕਰਕੇ ਪੱਚੀ ਹਜਾਰ ਰੁਪਏ ਨਕਦ ਅਤੇ ਚਾਨਣ ਸਿੰਘ ਚੰਦੀ ਨੂੰ ਸਮਰਪਿਤ ਟਰਾਫੀ 'ਤੇ ਕਬਜਾ ਕੀਤਾ। ਦੂਸਰਾ ਸਥਾਨ ਸਪੋਰਟਸ ਕਲੱਬ ਮਲਸੀਆ ਨੇ ਹਾਸਲ ਕਰਕੇ ਪੰਦਰਾਂ ਹਜਾਰ ਰੁਪਏ ਅਤੇ ਸ਼ਹੀਦ ਭਗਤ ਸਿੰਘ ਨੂੰ ਸਮਰਪਿਤ ਟਰਾਫੀ ਪ੍ਰਾਪਤ ਕੀਤੀ। ਤੀਸਰੇ ਸਥਾਨ 'ਤੇ ਆਉਣ ਵਾਲੀ ਜਲਾਲਪੁਰ ਦੀ ਟੀਮ ਦਾ ਦਸ ਹਾਜਰ ਰੁਪਏ ਨਾਲ ਸਨਮਾਨ ਕੀਤਾ। ਖੇਡ ਮੇਲੇ ਦੇ ਦੂਸਰੇ ਅਤੇ ਆਖਰੀ ਦਿਨ ਪੰਜਾਬ ਦੀਆਂ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਭਰਪੂਰ ਹਾਜਰੀ ਭਰੀ। ਇਨ੍ਹਾਂ ਪਦਮ ਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਜਗਤਾਰ ਸਿੰਘ ਸੰਘੇੜਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਜਲੰਧਰ, ਅਮਰਜੀਤ ਸਿੰਘ ਸਮਰਾ ਸਾਬਕਾ ਕੈਬਨਿਟ ਮੰਤਰੀ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਐਮ.ਐਲ.ਏ. ਸ਼ਾਹਕੋਟ, ਐਡਵੋਕੇਟ ਬਚਿੱਤਰ ਸਿੰਘ ਕੋਹਾੜ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ(ਬਾਦਲ) ਅਤੇ ਰਤਨ ਸਿੰਘ ਕਾਕੜ ਕਲਾਂ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਹਾਜਰ ਹੋਏ। ਇਸ ਮੌਕੇ ਮਖਵਿੰਦਰ ਸਿੰਘ ਭੁੱਲਰ ਐਸ. ਐਸ. ਪੀ ਜਲੰਧਰ ਦਿਹਾਤੀ ਅਤੇ ਜਗਵਿੰਦਰ ਪਾਲ ਸਿੰਘ ਸਹਾਇਕ ਡਾਇਰੈਕਟਰ ਈ.ਡੀ. ਵੀ ਉਚੇਚੇ ਤੌਰ 'ਤੇ ਹਾਜਰ ਹੋਏ। ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਚੰਦੀ ਨੇ ਆਏ ਹੋਏ ਮਹਿਮਾਨਾਂ ਦਾ ਗੁਲਦਸਤੇ ਦੇ ਕੇ ਅਤੇ ਕਲੱਬ ਦੇ ਜਥੇਬੰਧਕ ਸਕੱਤਰ ਕੰਵਰਜੀਤ ਸਿੰਘ ਲਵਲੀ ਚੰਦੀ ਨੇ ਭਾਵਪੂਰਤ ਸ਼ਬਦਾਂ ਨਾਲ ਸਵਾਗਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਰਨ ਸਿੰਘ ਚੰਦੀ (ਕਨੇਡਾ), ਭੁਪਿੰਦਰ ਸਿੰਘ ਥਿੰਦ ਸੇਵਾ ਮੁਕਤ ਡੀ. ਐਸ.ਪੀ., ਜਸਵਿੰਦਰ ਸਿੰਘ ਚੰਦੀ (ਅਮਰੀਕਾ), ਲਖਵਿੰਦਰ ਸਿੰਘ ਜੋਸਨ (ਅੰਮ੍ਰਿਤਸਰ), ਸੁਰਿੰਦਰਜੀਤ ਸਿੰਘ ਚੱਠਾ ਅਤੇ ਗੁਲਜਾਰ ਸਿੰਘ ਥਿੰਦ (ਦੋਵੇਂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ), ਤਜਿੰਦਰ ਸਿੰਘ ਰਾਮਪੁਰ ਆਪ ਆਗੂ, ਪਰਮਜੀਤ ਕੌਰ ਬਜਾਜ ਸਾਬਕਾ ਵਾਇਸ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਕਾਮਰੇਡ ਸੂਰਤ ਸਿੰਘ ਧਰਮਕੋਟ ਕਮਿਊਨਿਸਟ ਆਗੂ, ਨਰਿੰਦਰ ਸਿੰਘ ਬਹੁਗੁਣ, ਸੁਖਵਿੰਦਰ ਸਿੰਘ ਮੱਲੀ ਸਰਪੰਚ, ਪਿੰਦਰਜੀਤ ਸਿੰਘ ਥਿੰਦ (ਅਮਰੀਕਾ), ਰਛਪਾਲ ਸਿੰਘ ਥਿੰਦ (ਅਮਰੀਕਾ), ਜਸਬੀਰ ਸਿੰਘ ਬੱਗਾ (ਅਮਰੀਕਾ), ਤਰਲੋਕ ਸਿੰਘ (ਅਮਰੀਕਾ), ਕਿਸ਼ਨ ਸਿੰਘ ਮਠਾੜੂ (ਕਨੇਡਾ), ਮੰਗਲ ਸਿੰਘ (ਕਨੇਡਾ), ਕਪਿਲ ਗੁਪਤਾ ਸਾਬਕਾ ਵਾਇਸ ਚੇਅਰਮੈਨ ਮਾਰਕਿਟ ਕਮੇਟੀ ਸ਼ਾਹਕੋਟ, ਸੁਖਦੀਪ ਸਿੰਘ ਕੰਗ ਪੀਏ, ਡਾ. ਉਪਿੰਦਰਜੀਤ ਸਿੰਘ ਘਈ ਜਲੰਧਰ, ਅਰਵਿੰਦਰਜੀਤ ਸਿੰਘ ਬਵੇਜਾ ਜਲੰਧਰ, ਪਰਮਿੰਦਰ ਸਿੰਘ ਐਸ.ਸੀ. ਬਿਜਲੀ ਬੋਰਡ, ਕੇਵਲ ਸਿੰਘ ਈ. ਓ ਇਪਰੂਵਮੈਂਟ ਟਰੱਸਟ ਜਲੰਧਰ, ਦਲਜੀਤ ਸਿੰਘ ਈ. ਟੀ. ਓ ਐਕਸਾਇਜ, ਰਾਜੀਵ ਸ਼ਰਮਾ ਜਲੰਧਰ, ਮੇਜਰ ਸਿੰਘ ਪੰਚਾਇਤ ਅਫਸਰ ਸ਼ਾਹਕੋਟ, ਜਸਬੀਰ ਸਿੰਘ ਪੰਨੂੰ ਪੰਚਾਇਤ ਸਕੱਤਰ, ਡਾ. ਸਤਪਾਲ ਸਿੰਘ ਖਾਬਰਾ, ਡਾ. ਵਿਲੀਅਮ ਜੌਨ ਆਪ ਆਗੂ, ਸੁਪ੍ਰੀਤ ਸਿੰਘ ਰਾਣਾ, ਸਰਬਜੀਤ ਸਿੰਘ ਰਾਣਾ, ਸੰਜੇ ਅਰੋੜਾ, ਗੁਰਮੀਤ ਸਿੰਘ ਸਾਬਕਾ ਸਰਪੰਚ ਮੁਰੀਦਵਾਲ, ਹਰਬੰਸ ਸਿੰਘ ਬੁੱਢਣਵਾਲ, ਬਿੱਟੂ ਬੁੱਢਣਵਾਲ, ਮਾਸਟਰ ਮਹਿੰਦਰ ਪਾਲ ਉੱਗੀ, ਗੁਰਦੇਵ ਰਾਮ ਚਿੱਟੀ ਸੇਵਾ ਮੁਕਤ ਲੈਕਚਰਾਰ ਆਦਿ ਹਾਜਰ ਸਨ।

ਪਰਾਲੀ ਦੀ ਅਦਾਇਗੀ ਨਾ ਮਿਲਣ 'ਤੇ ਕਿਸਾਨਾਂ ਲਾਇਆ ਪੱਕਾ ਧਰਨਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਇਥੋਂ ਨਜਦੀਕ ਪਿੰਡ ਬਿੰਜੋਂ ਦੀ ਗਰੀਨ ਪਲੈਨਿਟ ਇਨਰਜੀ ਲਿਮਿਟਡ ਵਿਖੇ ਬੇਲਰ ਯੂਨੀਅਨ ਵਲੋਂ ਪ੍ਰਧਾਨ ਜਗਦੇਵ ਸਿੰਘ ਸੰਧੂ ਦੀ ਅਗਵਾਈ ਵਿਚ ਪਰਾਲੀ ਦੀ ਅਦਾਇਗੀ ਨਾ ਮਿਲਣ ਕਰਕੇ ਪੱਕਾ ਧਰਨਾ ਲਗਾਇਆ ਗਿਆ । ਜਗਦੇਵ ਸਿੰਘ ਤੇ ਹਰਜਿੰਦਰ ਸਿੰਘ ਨੇ ਦੱਸਿਆ ਕਿ ਪਲਾਂਟ ਵਲੋਂ ਚਲਦੇ ਸੀਜਨ ਵਿਚ 50 % ਅਤੇ ਬਾਕੀ ਕਿਸ਼ਤ ਦਸੰਬਰ ਮਹੀਨੇ ਪਾਉਣ ਲਈ ਕਿਹਾ ਗਿਆ ਸੀ,ਪਰ ਅਜੇ ਤੱਕ ਸਿਰਫ 15-20 % ਆਈ ਹੈ । ਇਸ ਕਰਕੇ ਬੇਲਰ ਮਾਲਕਾਂ ਨੇ ਪਲਾਂਟ ਬੰਦ ਕਰਕੇ ਜਦੋਂ ਤੱਕ ਅਦਾਇਗੀ ਨਹੀਂ ਹੁੰਦੀ ਉਦੋਂ ਤੱਕ ਪੱਕਾ ਧਰਨਾ ਲਾਇਆ ਹੈ । ਇਸ ਮੌਕੇ ਜਗਦੇਵ ਸਿੰਘ ਸੰਧਵਾਂ , ਮੱਖਣ ਸਿੰਘ ,ਰਵਿੰਦਰ ਸਿੰਘ , ਦਵਿੰਦਰ ਸਿੰਘ ਸੂੰਡ, ਉਂਕਾਰ ਸਿੰਘ ਸੰਧਵਾਂ, ਗੁਰਮੇਲ ਸਿੰਘ ਅਟਵਾਲ, ਸੰਦੀਪ ਸਿੰਘ ਟੋਡਰਪੁਰ , ਗੁਰਦੀਪ ਸਿੰਘ ਅਟਵਾਲ, ਪਰਦੀਪ ਸਿੰਘ ਟੋਡਰਪੁਰ , ਹਰਜਿੰਦਰ ਸਿੰਘ, ਤਰਨਵੀਰ ਸਿੰਘ , ਰਣਜੋਤ ਸਿੰਘ ਸਪਰੋੜ,ਪਰਗਣ ਸਿੰਘ , ਗੁਰਵਿੰਦਰ ਸਿੰਘ ਰਾਹੋਂ, ਸਤਵੀਰਪਾਲ ਸਿੰਘ ਸੰਧਵਾਂ, ਰਮਨਦੀਪ ਸਿੰਘ ਸਪਰੋੜ, ਜਗਦੀਪ ਸਿੰਘ ਗੁਜਰਪੁਰ, ਮਹਿੰਦਰ ਸਿੰਘ ਬਿੰਜੋਂ, ਸੁੱਖੀ ਨਾਭਾ ਆਦਿ ਹਾਜਰ ਸਨ।

30920 ਨਿਕੜਿਆਂ ਨੇ ਪੀਤੀਆਂ 'ਜ਼ਿੰਦਗੀ ਦੀਆਂ ਦੋ ਬੂੰਦਾਂ'

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)

ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਨੇ ਜ਼ਿਲ੍ਹੇ ਵਿਚ ਜੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਲਈ ਉਪ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਕੀਤੀ। ਸਿਵਲ ਸਰਜਨ ਨੇ ਸਮੂਹ ਸਿਹਤ ਅਧਿਕਾਰੀਆਂ ਤੇ ਕਰਮੀਆਂ ਨੂੰ ਹਦਾਇਤ ਕਰਦੇ ਹੋਏ ਕਿਹਾ ਕਿ ਜ਼ਿਲ੍ਹੇ ਵਿਚ 0 ਤੋਂ 5 ਸਾਲ ਤੱਕ ਦਾ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸਾਡਾ ਦੇਸ਼ ਪੋਲੀਓ ਮੁਕਤ ਹੈ। ਭਾਵੇਂ ਪਿਛਲੇ 12 ਸਾਲਾਂ ਤੋਂ ਸਾਡਾ ਦੇਸ਼ ਵਿੱਚ ਪੋਲੀਓ ਦਾ ਕੋਈ ਵੀ ਮਾਮਲਾ ਸਾਹਮਣੇ ਨਹੀਂ ਆਇਆ ਹੈ ਪਰ ਫਿਰ ਵੀ ਸਾਵਧਾਨੀ ਵਜੋਂ ਬੱਚਿਆਂ ਨੂੰ ਲਗਾਤਾਰ ਪੋਲੀਓ ਰੋਕੂ ਦਵਾਈ ਪਿਲਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਸਾਡੇ ਗੁਆਂਢੀ ਮੁਲਕ ਪਾਕਿਸਤਾਨ ਅਤੇ ਅਫਗਾਨਿਸਤਾਨ ਵਿੱਚ ਪੋਲੀਓ ਵਾਇਰਸ ਦਾ ਫੈਲਾਅ ਜਾਰੀ ਹੈ। ਇਹ ਪੋਲੀਓ ਵਾਇਰਸ ਸਾਡੇ ਦੇਸ਼ ਵਿੱਚ ਵੀ ਪ੍ਰਵੇਸ਼ ਕਰ ਸਕਦਾ ਹੈ। ਇਹ ਵਾਇਰਸ ਉਨ੍ਹਾਂ ਬੱਚਿਆਂ ਲਈ ਖ਼ਤਰਾ ਪੈਦਾ ਕਰ ਸਕਦਾ ਹੈ, ਜਿਨ੍ਹਾਂ ਨੇ ਪੋਲੀਓ ਰੋਕੂ ਬੂੰਦਾਂ ਨਹੀਂ ਪੀਤੀਆਂ ਹਨ। ਇਸ ਲਈ ਪੋਲੀਓ ਦੀਆਂ ਦੋ ਬੂੰਦਾਂ ਬੱਚਿਆਂ ਦੇ ਉੱਜਵਲ ਭਵਿੱਖ ਬੇਹੱਦ ਅਹਿਮ ਹਨ। ਮਾਪੇ ਆਪਣੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਜ਼ਰੂਰ ਪਿਲਾਉਣ ਭਾਵੇਂ ਬੱਚੇ ਦਾ ਜਨਮ ਕੁੱਝ ਘੰਟੇ ਪਹਿਲਾਂ ਹੀ ਕਿਉਂ ਨਾ ਹੋਇਆ ਹੋਵੇ ਜਾਂ ਬੇਸ਼ੱਕ ਬੱਚੇ ਨੂੰ ਖੰਘ, ਜ਼ੁਕਾਮ, ਬੁਖ਼ਾਰ, ਦਸਤ ਜਾਂ ਹੋਰ ਕੋਈ ਬਿਮਾਰੀ ਹੋਵੇ, ਕਿਉਂਕਿ ਇਹ ਦਵਾਈ ਪੀਣ ਨਾਲ ਬੱਚੇ ਦੀ ਸਿਹਤ 'ਤੇ ਕੋਈ ਮਾੜਾ ਅਸਰ ਨਹੀਂ ਹੁੰਦਾ। ਇਸ ਤਰ੍ਹਾਂ ਪਿੰਡ ਮਹਾਲੋਂ ਸਬ ਸੈਂਟਰ ਦੇ ਅਧੀਨ ਪੈਂਦੇ ਪਿੰਡ ਅਮਰਗੜ੍ਹ ਪਿੰਡ ਭੰਗਲ ਕਲਾ ਦੀ ਏ ਐਨ ਐਮ ਗੁਰਦੇਵ ਕੌਰ ਨੇ ਦੱਸਿਆ ਕਿ ਮਲਟੀਪਰਪਲਜ ਹੈਲਥ ਵਰਕਰ ਆਸ਼ਾ ਵਰਕ ਆਗਨਵਾੜੀ ਨੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਘਰ ਘਰ ਜਾ ਕਿ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਕਿ ਭਾਵੇਂ ਬੱਚਾ ਬਿਮਾਰ ਹੋਵੇ, ਦਵਾਈ ਪਹਿਲਾਂ ਪੀਤੀ ਹੋਈ ਹੋਵੇ ਜਾਂ ਬੱਚਾ ਨਵ ਜੰਮਿਆਂ ਹੋਵੇ ਤਾਂ ਵੀ ਉਹ ਬੱਚੇ ਨੂੰ ਪੋਲੀਓ ਦਵਾਈ ਦੀਆਂ ਬੂੰਦਾਂ ਜਰੂਰ ਪਿਲਾਉਣ, ਕਿਉਂਕਿ ਪੋਲੀਓ ਵੈਕਸੀਨ ਬੱਚੇ ਨੂੰ ਜੀਵਨ ਭਰ ਸੁਰੱਖਿਆ ਪ੍ਰਦਾਨ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ ਹੈ।

ਸਰਕਾਰੀ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੇ 'ਨਸ਼ਿਆਂ ਪ੍ਰਤੀ ਜਾਗਰੂਕਤਾ' ਸਮਾਰੋਹਾਂ 'ਚ ਹਿੱਸਾ ਲਿਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਦੇ ਇੰਚਾਰਜ ਵਿਜੇ ਕੁਮਾਰ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਕਰਵਾਏ ਗਏ "ਨਸ਼ਿਆਂ ਪ੍ਰਤੀ ਜਾਗਰੂਕਤਾ" ਫੈਲਾਉਣ ਦੇ ਉਦੇਸ਼ ਨਾਲ ਸਬੰਧਤ ਸਮਾਰੋਹਾ ਵਿੱਚ ਪ੍ਰੋ ਵਿਜੇ ਕੁਮਾਰ ਦੇ ਨਾਲ ਅਸਿਟੈਂਟ ਪ੍ਰੋਫੈਸਰ ਰਣਜੀਤ ਕੁਮਾਰ, ਡਾ.ਅਰੁਣਾ, ਡਾ.ਪਰਮਜੀਤ ਅਤੇ ਹਰਜਿੰਦਰ ਨੇ ਰੈੱਡ ਰਿਬਨ ਕਲੱਬ, ਐਨ.ਐਸ.ਐਸ., ਐਨ.ਸੀ.ਸੀ. ਤੇ ਸਰੀਰਕ ਸਿੱਖਿਆ ਨਾਲ ਸਬੰਧਤ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਨਸ਼ਿਆਂ ਪ੍ਰਤੀ ਜਾਗਰੂਕਤਾ ਫੈਲਾਉਣ ਨਾਲ ਸਬੰਧਤ ਦਿਖਾਏ ਗਏ ਪ੍ਰੋਗਰਾਮਾਂ ਦਾ ਯੁਵਾ ਵਰਗ 'ਤੇ ਅਜਿਹਾ ਪ੍ਰਭਾਵ ਪਿਆ ਕਿ ਉਨ੍ਹਾਂ ਨੇ ਦੂਜਿਆਂ ਨੂੰ ਵੀ ਇਨ੍ਹਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ ਤਾਂਕਿ ਨਸ਼ਿਆ ਦੀ ਲਾਹਨਤ ਤੋਂ ਸਮਾਜ ਨੂੰ ਮੁਕਤ ਕੀਤਾ ਜਾ ਸਕੇ। ਵਿਦਿਆਰਥੀਆਂ ਵੱਲੋਂ ਇਸ ਸਮੇਂ ਚੁਕਾਈ ਗਈ ਸਹੁੰ ਵਿੱਚ ਵੀ ਪ੍ਰਣ ਲਿਆ ਕਿ ਨਸ਼ਿਆ ਪ੍ਰਤੀ ਬਣਦੇ ਫਰਜ਼ ਨੂੰ ਉਹ ਇਨਾਮਨਾਦਰੀ ਨਾਲ ਨਿਭਾਉਣਗੇ। ਇਸ ਮੌਕੇ ਸ਼ਹਿਰ ਵਿੱਚ ਕੱਢੀ ਗਈ ਵਾਕਾਥੋਨ ਵਿੱਚ ਵੀ ਸਟਾਫ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ, ਨੋਡਲ ਅਫਸਰ ਕ੍ਰਿਸ਼ਨ ਗੋਪਾਲ, ਲੈਕਚਾਰਰ ਮਨੋਜ ਦੱਤਾ ਨੇ ਵੀ ਕਾਲਜ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਚੰਗਾ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ।

'ਗਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ' ਨੇ ਵਿਧਾਨ ਕਮੇਟੀ ਦਾ ਕੀਤਾ ਗਠਨ

ਖਰੜ (ਹਰਨਾਮ ਸਿੰਘ ਡੱਲਾ)

ਗਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਦੀ ਵਿਸ਼ੇਸ਼ ਇਕੱਤਰਤਾ ਮਿਉਂਸਪਲ ਪਾਰਕ ਖਰੜ ਵਿਖੇ ਹੋਈ। ਜਿਸ ਵਿੱਚ ਸੰਤਵੀਰ,ਕਮਲਜੀਤ ਸਿੰਘ,ਸੁਰਿੰਦਰ ਸਿੰਘ ਬਡਾਲਾ,ਸੇਵਾ ਸਿੰਘ ਭਾਗੋਮਾਜਰਾ, ਗੁਰਦੇਵ ਅਰਨੀਵਾਲਾ,ਯੋਗ ਰਾਜ,ਸਤਨਾਮ ਸਿੰਘ ਸੁਖਵਿੰਦਰ ਸਿੰਘ ਦੁੱਮਣਾ,ਕਰਨੈਲ ਸਿੰਘ ਜੀਤ,ਗੁਰਦੀਪ ਸਿੰਘ ਮੋਹਾਲੀ,ਸਤਵਿੰਦਰ ਸਿੰਘ ਮਜ਼ੇਲਵੀ, ਕੁਲਵਿੰਦਰ ਸਿੰਘ ਅਤੇ ਹਰਨਾਮ ਸਿੰਘ ਡੱਲਾ ਨੇ ਭਾਗ ਲਿਆ। ਜਿਸ ਵਿੱਚ ਮੰਚ ਦੀ ਮੈਂਬਰਸ਼ਿਪ ਵਧਾਉਣ ਅਤੇ ਮੰਚ ਦੀਆਂ ਅਗਲੇਰੀਆਂ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਤੋਂ ਬਾਅਦ ਮੰਚ ਦੇ ਜਨਰਲ ਸਕੱਤਰ ਸੰਤਵੀਰ ਨੇ ਗਦਰੀ

12-Dec-PAGE-9.qxd 12/11/2023 11:04 PM Page 1

ਬਲਕਾਰ ਸਿੰਘ ਵੱਲੋਂ ਭਰੋਸਾ ਦਿੱਤੇ ਜਾਣ 'ਤੇ ਮਜ਼ਦੂਰ ਜਥੇਬੰਦੀਆਂ ਧਰਨਾ ਚੁੱਕਿਆ

ਜਲੰਧਰ (ਗਿਆਨ ਸੈਦਪੁਰੀ)

ਮਜਦੂਰ ਜਥੇਬੰਦੀਆਂ ਦੇ ਸਾਂਝੇ ਧਰਨੇ 'ਚ ਪਹੁੰਚੇ ਵੱਡੀ ਗਿਣਤੀ ਮਜਦੂਰ ਮਰਦ ਔਰਤਾਂ ਨੇ ਆਖਿਰ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੂੰ ਲੋਕਾਂ ਨੇ ਆਪਣੇ ਇਕੱਠ 'ਚ ਆਉਣ ਲਈ ਮਜਬੂਰ ਕਰ ਦਿੱਤਾ। ਮੰਤਰੀ ਬਲਕਾਰ ਸਿੰਘ ਨੇ ਧਰਨੇ 'ਚ ਆ ਕੇ ਭਰੋਸਾ ਦਿਵਾਇਆ ਕਿ ਉਹ ਯਤਨ ਕਰਕੇ ਜਲਦੀ ਤੋਂ ਜਲਦੀ ਮੁੱਖ ਮੰਤਰੀ ਪੰਜਾਬ ਨਾਲ ਜਥੇਬੰਦੀਆਂ ਦੇ ਆਗੂਆਂ ਨਾਲ ਮੀਟਿੰਗ ਕਰਵਾਉਣਗੇ ਅਤੇ ਮੰਗਾਂ ਹੱਲ ਕੀਤੀਆਂ ਜਾਣਗੀਆਂ । ਇਸ ਮੌਕੇ ਮਜਦੂਰਾਂ ਨੂੰ ਸੰਬੋਧਨ ਕਰਦਿਆਂ ਗੁਰਨਾਮ ਸਿੰਘ ਦਾਊਦ , ਹਰਮੇਸ਼ ਮਾਲੜੀ , ਤਰਸੇਮ ਪੀਟਰ , ਰਸ਼ਪਾਲ ਕੈਲੇ ਅਤੇ ਗੁਰਮੇਸ਼ ਸਿੰਘ ਨੇ ਕਿਹਾ ਕਿ ਜਲੰਧਰ ਸਮੇਤ ਤਿੰਨ ਹੋਰ ਥਾਵਾਂ ,ਜੰਡਿਆਲਾ ਗੁਰੂ ,ਖੁਡੀਆ ਅਤੇ ਦ੍ਰਿੜਬਾ ਵਿਖੇ ਤਿੰਨ ਦਿਨ ਹਜਾਰਾਂ ਮਜਦੂਰਾਂ ਨੇ ਆਪਣੇ ਪਰਵਾਰਾਂ ਸਮੇਤ ਆਪਣੀਆਂ ਮੰਗਾਂ ਦੇ ਹੱਕ ਵਿੱਚ ਰੋਸ ਧਰਨਾ ਦਿੱਤਾ ਪਰ ਸਿਵਾਏ ਫੋਕੇ ਧਰਵਾਸੇ ਤੋਂ ਬਿਨਾਂ ਆਪ ਸਰਕਾਰ ਦੇ ਮੰਤਰੀਆਂ ਨੇ ਕੁੱਝ ਨਹੀਂ ਕੀਤਾ । ਮਜਦੂਰ ਆਗੂਆਂ ਨੇ ਕਿਹਾ ਕਿ ਆਮ ਆਦਮੀ ਦਾ ਰਾਜ ਹੋਣ ਦਾ ਭੁਲੇਖਾ ਦੇ ਕੇ ਅਸਲ ਵਿੱਚ ਭਗਵੰਤ ਮਾਨ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗੂੰ ਸਰਮਾਏਦਾਰਾਂ /ਜਾਗੀਰਦਾਰਾਂ ਦੀ ਸੇਵਾ ਕਰ ਰਹੀ ਹੈ ।ਆਗੂਆਂ ਨੇ ਲੋਕਾਂ ਨੂੰ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦੇਂਦਿਆਂ ਕਿਹਾ ਕਿ ਸਰਕਾਰ ਦੀ ਇਸ ਬੇਰੁਖੀ ਵਿਰੁੱਧ ,ਪਿੰਡ-ਪਿੰਡ ਲਾਮਬੰਦੀ ਕਰਕੇ ਜਲਦੀ ਹੀ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਜਿਥੇ ਧਰਨੇ 'ਚ ਵੱਡੀ ਗਿਣਤੀ 'ਚ ਮਜਦੂਰ ਆਏ ਉਥੇ ਕਿਸਾਨ ਅਤੇ ਨੌਜਵਾਨਾਂ ਦੀਆਂ ਜਥੇਬੰਦੀਆਂ ਵੀ ਜਥੇ ਲੈ ਕੇ ਪਹੁੰਚੀਆਂ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਮਨੋਹਰ ਸਿੰਘ , ਪੰਜਾਬ ਕਿਸਾਨ ਸਭਾ ਦੇ ਆਗੂ ਸੰਦੀਪ ਅਰੋੜਾ , ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਡਾਕਟਰ ਮੱਖਣ ਲਾਲ , ਮਜਦੂਰ ਆਗੂ ਕਸ਼ਮੀਰ ਸਿੰਘ ਘੁਗਸ਼ੋਰ, ਰਾਮ ਸਿੰਘ ਨੂਰਪੁਰੀ , ਦਰਸ਼ਨ ਨਾਹਰ , ਗਿਆਨ ਸੈਦਪੁਰੀ ਅਤੇ ਹਰਪਾਲ ਬਿੱਟੂ ਨੇ ਸੰਬੋਧਨ ਕੀਤਾ।

ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਦੋਨਾ 'ਚ ਸਪੋਰਟਸ ਮੀਟ ਕਰਵਾਈ

ਕਾਲਾ ਸੰਘਿਆਂ (ਮਨਜੀਤ ਮਾਨ)

ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਪਾਤਸਾਹੀ ਸੱਤਵੀਂ ਪਿੰਡ ਬਿੱਲੀ ਬੜੈਚ ਅਤੇ ਅਕੈਡਮੀ ਚੇਅਰਮੈਨ ਨਿਰਮਲ ਸਿੰਘ ਨੰਬਰਦਾਰ ਕਾਹਲਵਾਂ ਦੋਨਾਂ ਦੀ ਦੇਖ ਰੇਖ ਹੇਠ ਚੱਲ ਰਹੀ ਸੰਸਥਾ ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਜਿਲ੍ਹਾ ਕਪੂਰਥਲਾ ਵਿਖੇ ਸਾਲਾਨਾ ਸਪੋਰਟਸ ਮੀਟ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਦੇ ਇੰਟਰ ਹਾਊਸ ਮੁਕਾਬਲੇ ਕਰਵਾਏ ਗਏ। ਜਿਸ ਵਿੱਚ 100 ਮੀਟਰ ਦੌੜ, ਲੈਮਨ ਰੇਸ, ਬਿਸਕੁੱਟ ਰੇਸ, ਫਰੋਗ ਰੇਸ, ਵੰਨ ਲੈਗ ਰੇਸ, ਸਲੋ ਸਾਈਕਲ ਰੇਸ, ਬੈਲੂਨ ਰੇਸ, ਲੰਬੀ ਛਾਲ,ਗੋਲਾ ਸੁੱਟਣ ਆਦਿ ਸ਼ਾਮਲ ਸਨ। ਇਸ ਤੋਂ ਬਾਅਦ ਵਿਦਿਆਰਥੀਆਂ ਦੇ ਵਾਲੀਵਾਲ ਅਤੇ ਰੱਸਾਕੱਸੀ ਦੇ ਸੋ ਮੈਚ ਕਰਵਾਏ ਗਏ। ਇਸ ਇੰਵਟ ਦੀ ਜੱਜਮੈਂਟ ਮੈਡਮ ਸੰਦੀਪ ਕੌਰ ਅਤੇ ਮੈਡਮ ਰਮਨਪ੍ਰੀਤ ਕੌਰ ਦੁਆਰਾ ਬਾਖੂਬੀ ਨਿਭਾਈ ਗਈ। ਸਤਿੰਦਰ ਸਿੰਘ ਵਾਈਸ ਪ੍ਰਿੰਸੀਪਲ ਬਿੱਲੀ ਬੜੈਚ, ਮੈਡਮ ਕੁਲਬੀਰ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਜੇਤੂ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਆਖਿਆ ਕਿ ਹਰ ਵਿਦਿਆਰਥੀਆਂ ਲਈ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ। ਇਸ ਖੇਡ ਮੇਲੇ ਵਿੱਚ ਹਰ ਵਿਦਿਆਰਥੀ ਅੰਦਰ ਖੇਡਾਂ ਪ੍ਰਤੀ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਉਹਨਾਂ ਆਖਿਆ ਕਿ ਅਕੈਡਮੀ ਦਾ ਮੁੱਖ ਮੰਤਵ ਹੀ ਇਹ ਹੈ ਕਿ ਵਧੀਆ ਦੁਨਿਆਵੀ ਅਤੇ ਧਾਰਮਿਕ ਸਿੱਖਿਆ ਦੇ ਨਾਲ ਨਾਲ ਖੇਡ ਖੇਤਰ ਪ੍ਰਤੀ ਭਾਵਨਾ ਪੈਦਾ ਕਰਨਾ। ਖੇਡਾਂ ਹੀ ਵਿਦਿਆਰਥੀ ਜੀਵਨ ਵਿੱਚ ਸਾਕਾਰਾਤਮਕ ਭਾਵਨਾ, ਆਪਸੀ ਸਾਂਝ ਅਤੇ ਇਕਜੁੱਟ ਹੋ ਕੇ ਆਪਣੀ ਮੰਜ਼ਿਲ ਵੱਲ ਵੱਧਣ ਲਈ ਪ੍ਰੇਰਿਤ ਕਰਦੀਆਂ ਹਨ। ਉਹਨਾਂ ਆਖਿਆ ਕਿ ਹਰ ਵਿਦਿਆਰਥੀ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਖੇਡਾਂ ਬਹੁਤ ਜ਼ਰੂਰੀ ਹਨ ਅਤੇ ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਨੂੰ ਮੋਬਾਈਲ ਫੋਨ ਗੇਮ ਖੇਡਣ ਲਈ ਨਾ ਦਿੱਤੇ ਜਾਣ ਅਤੇ ਉਹਨਾਂ ਦਾ ਵੀ ਫਰਜ ਹੈ ਕਿ ਬੱਚਿਆਂ ਨੂੰ ਸਰੀਰਿਕ ਖੇਡਾਂ ਪ੍ਰਤੀ ਉਤਸਾਹਿਤ ਕੀਤਾ ਜਾਵੇ ਕਿਉਂਕਿ ਅੱਜ ਸਾਡੀ ਅਜੋਕੀ ਪੀੜ੍ਹੀ ਸਾਡੀਆਂ ਵਿਰਾਸਤੀ ਖੇਡਾਂ ਤੋਂ ਬਿਲਕੁਲ ਵਿਸਰ ਰਹੀ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਇਸ ਮੌਕੇ ਮੈਡਮ ਰਜਿੰਦਰ ਕੌਰ, ਮੈਡਮ ਨੇਹਾ ਸ਼ਰਮਾ, ਮੈਡਮ ਰਜਨੀ, ਮੈਡਮ ਮਮਤਾ ਅਤੇ ਐਕਟਵੀ ਇੰਚਾਰਜ ਮੈਡਮ ਰਜਨੀ ਰਾਣੀ ਕੁਲਾਰ ਆਦਿ ਸਮੂਹ ਸਟਾਫ ਹਾਜ਼ਰ ਸੀ।

ਮਨੁੱਖੀ ਅਧਿਕਾਰ ਦਿਵਸ ਮੌਕੇ ਕੈਦੀਆਂ ਲਈ ਜਾਗਰੂਕਤਾ ਸੈਮੀਨਾਰ

ਮੋਹਾਲੀ, (ਗੁਰਜੀਤ ਬਿੱਲਾ) ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਜਾਰੀ ਹਦਾਇਤਾਂ ਅਤੇ ਹਰਪਾਲ ਸਿੰਘ, ਜਿਲ੍ਹਾ ਅਤੇ ਸੈਸਨਜ ਜੱਜ, ਸਾਹਿਬਜਾਦਾ ਅਜੀਤ ਸਿੰਘ ਨਗਰ ਦੀ ਅਗਵਾਈ ਵਿਚ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਅ.ਸ. ਨਗਰ ਵਲੋਂ ਮਨੁੱਖੀ ਅਧਿਕਾਰ ਦਿਵਸ ਤੇ ਕੇਂਦਰੀ ਜੇਲ੍ਹ, ਪਟਿਆਲਾ ਅਤੇ ਜਿਲ੍ਹਾ ਜੇਲ੍ਹ, ਰੂਪਨਗਰ ਵਿਚ ਪੈਨਲ ਦੇ ਵਕੀਲਾਂ ਰਾਹੀਂ ਅਵੇਅਰਨੈਸ ਪ੍ਰੋਗਰਾਮ ਦਾ ਪ੍ਰਬੰਧ ਕੀਤਾ ਗਿਆ। ਇਸ ਪ੍ਰੋਗਰਾਮ ਰਾਹੀਂ ਜੇਲ੍ਹਾਂ ਵਿਚ ਬੰਦ ਕੈਦੀਆਂ/ਹਵਾਲਾਤੀਆਂ ਨੂੰ ਲੀਗਲ ਸਰਵਿਸਿਜ ਅਥਾਰਟੀਜ ਐਕਟ, 1987 ਦੀ ਧਾਰਾ 12 ਅਧੀਨ ਅਦਾਲਤਾਂ ਵਿਚ ਚਲਦੇ ਅਪੀਲੀ ਕੇਸਾਂ ਵਿਚ ਦਿੱਤੀ ਜਾਣ ਵਾਲੀ ਮੁਫਤ ਕਾਨੂੰਨੀ ਸਹਾਇਤਾ, ਹਿਰਾਸਤ ਅਧੀਨ ਵਿਅਕਤੀ ਦੇ ਅਧਿਕਾਰ, ਅਗੇਤੀ ਰਿਹਾਈ, ਪਲੀਅ-ਬਾਰਗੇਨਿੰਗ ਅਤੇ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਸੰਬੰਧੀ ਜਾਣਕਾਰੀ ਦਿੱਤੀ ਗਈ।

ਪੁਲਸ ਥਾਣਾ ਹੋਇਆ ਬੱਸ ਅੱਡੇ 'ਚ ਤਬਦੀਲ !

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)

ਭੋਗਪੁਰ ਸ਼ਹਿਰ 'ਚ ਢਾਈ ਕਰੋੜ ਦੀ ਲਾਗਤ ਨਾਲ ਉਸਾਰੇ ਗਏ ਬੱਸ ਅੱਡੇ ਦੇ ਚਾਲੂ ਹੋਣ ਤੋਂ ਬਾਅਦ ਵੀ ਕੋਈ ਵੀ ਬੱਸ ਆਪ੍ਰੇਟਰ ਬੱਸ ਅੱਡੇ ਅੰਦਰ ਰੁਕਣ ਦਾ ਨਾਂਅ ਹੀ ਨਹੀਂ ਲੈਂਦਾ। ਸ਼ਹਿਰ 'ਚ ਚੱਲ ਰਹੇ ਹਨ 8 ਅਸਥਾਈ ਬੱਸ ਅੱਡੇ ਭੋਗਪੁਰ ਕਸਬਾ ਜਲੰਧਰ-ਜੰਮੂ ਕੌਮੀ ਸ਼ਾਹ ਮਾਰਗ 'ਤੇ ਸਥਿਤ ਹੈ। ਬੱਸ ਆਪ੍ਰੇਟਰਾਂ ਅਤੇ ਟੈਂਪੂ ਮਾਲਕ ਵੱਲੋਂ ਆਪਣੀ ਸਹੂਲਤ ਅਨੁਸਾਰ ਸ਼ਹਿਰ ਵਿੱਚ ਕੁੱਲ 8 ਬੱਸ ਅੱਡੇ ਬਣਾਏ ਹੋਏ ਹਨ, ਜੋ ਕਿ ਟ੍ਰੈਫਿਕ ਸਮੱਸਿਆ ਦਾ ਮੁੱਖ ਕਾਰਨ ਬਣ ਰਹੇ ਹਨ। ਪਹਿਲੇ ਨੰਬਰ 'ਤੇ ਪਹਿਲਾ ਬੱਸ ਅੱਡਾ ਜੋ ਕਿ ਗਣੇਸ਼ ਸਵੀਟ ਦੇ ਅੱਗੇ ਬਣਾਇਆ ਹੋਇਆ ਹੈ। ਜਿੱਥੋਂ ਜਲੰਧਰ ਅਤੇ ਪਠਾਨਕੋਟ ਲਈ ਬੱਸਾਂ ਰੁਕਦੀਆਂ ਹਨ। ਦੂਜੇ ਨੰਬਰ 'ਤੇ ਭੋਗਪੁਰ ਥਾਣੇ ਦੇ ਗੇਟ ਤੋਂ ਥੋੜਾ ਅੱਗੇ ਕੌਮੀ ਸ਼ਾਹ ਮਾਰਗ 'ਤੇ ਬੱਸ ਅੱਡਾ ਹੈ, ਜਿੱਥੋਂ ਭੁਲੱਥ ਅਤੇ ਬੇਗੋਵਾਲ ਨੂੰ ਜਾਣ ਲਈ ਬੱਸਾਂ ਚੱਲਦੀਆਂ ਹਨ। ਤੀਜੇ ਨੰਬਰ 'ਤੇ ਕੌਮੀ ਸ਼ਾਹ ਮਾਰਗ 'ਤੇ ਸਥਿਤ ਚਾਹੜਕੇ ਚੌਕ ਵਿਚਲਾ ਬੱਸ ਅੱਡਾ ਹੈ, ਜਿਥੋਂ ਲੁਹਾਰਾਂ, ਚਾਹੜਕੇ ਨੂੰ ਜਾਣ ਲਈ ਬੱਸਾਂ ਚੱਲਦੀਆਂ ਹਨ। 4 ਤੇ 5 ਨੰਬਰ 'ਤੇ ਟੀ ਪੁਆਇੰਟ ਆਦਮਪੁਰ ਚੌਕ ਦੇ ਦੋਵਾਂ ਸਾਈਡ ਤੇ ਬੱਸ ਅੱਡਾ ਹੈ। ਜਿੱਥੇ ਕਿ ਜਲੰਧਰ ਤੋਂ ਆਉਣ ਵੇਲੇ ਤੇ ਪਠਾਨਕੋਟ ਤੋਂ ਜਲੰਧਰ ਨੂੰ ਜਾਣ ਵੇਲੇ ਦੋਨੋਂ ਸਾਈਡਾਂ ਤੇ ਬੱਸਾਂ ਰੁਕਦੀਆਂ ਹਨ। 6ਵੇਂ ਨੰਬਰ 'ਤੇ ਰੇਲਵੇ ਕਰਾਸਿੰਗ ਨੇੜੇ ਬਣਿਆ ਬੱਸ ਅੱਡਾ ਹੈ, ਜਿੱਥੋਂ ਆਦਮਪੁਰ ਨੂੰ ਜਾਣ ਲਈ ਬੱਸਾਂ ਚਲਦੀਆਂ ਹਨ। 7ਵੇਂ ਨੰਬਰ 'ਤੇ ਮਿੱਲ ਰੋਡ ਦੇ ਮੋੜ ਤੇ ਠੇਕੇ ਸਾਹਮਣੇ ਬਣਿਆ ਬੱਸ ਅੱਡਾ ਹੈ, ਜਿੱਥੋਂ ਬੁੱਲੋਵਾਲ, ਹੁਸ਼ਿਆਰਪੁਰ ਅਤੇ ਚੰਡੀਗੜ੍ਹ ਨੂੰ ਜਾਣ ਲਈ ਬੱਸਾਂ ਚੱਲਦੀਆਂ ਹਨ। ਬੱਸ ਆਪ੍ਰੇਟਰਾਂ ਹੁਣ ਥਾਣੇ ਦੇ ਮੇਨ ਗੇਟ ਅੱਗੇ ਨਵਾਂ ਤੇ ਅੱਠਵਾਂ ਬੱਸ ਅੱਡਾ ਬਣਾ ਲਿਆ ਹੈ। ਛੋਟੇ ਜਿਹੇ ਕਸਬੇ ਵਿੱਚ 8 ਤੋਂ ਵੱਧ ਬੱਸ ਸਟੈਂਡ ਹੋਣ ਦਾ ਖਮਿਆਜ਼ਾ ਗਰੀਬ ਜਨਤਾ ਨੂੰ ਭੁਗਤਣਾ ਪੈ ਰਿਹਾ ਹੈ ਕਿਉਂਕਿ ਮੁੱਖ ਬੱਸ ਅੱਡੇ ਤੱਕ ਪਹੁੰਚਣ ਲਈ ਈ ਰਿਕਸ਼ਾ ਆਦਿ ਰਾਹੀਂ ਜਾਣਾ ਪੈਂਦਾ ਹੈ, ਜਿਸ ਨਾਲ ਗਰੀਬ ਜਨਤਾ 'ਤੇ ਬੋਝ ਪੈ ਰਿਹਾ ਹੈ। ਜ਼ਿਕਰਯੋਗ ਹੈ ਕਿ 6 ਬੱਸ ਸਟੈਂਡ ਕੌਮੀ ਸ਼ਾਹ ਮਾਰਗ 'ਤੇ ਹੀ ਬਣੇ ਹੋਏ ਹਨ, ਬੱਸਾਂ ਅਤੇ ਟੈਂਪੂ ਤੇ ਈ ਰਿਕਸ਼ੇ ਆਦਿ ਸੜਕ 'ਤੇ ਹੀ ਖੜ੍ਹੇ ਹੁੰਦੇ ਹਨ, ਜਿਸ ਨਾਲ ਟਰੈਫਿਕ ਵਿੱਚ ਭਾਰੀ ਰੁਕਾਵਟ ਪੈਂਦੀ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਪੁਲਸ ਥਾਣਾ ਭੋਗਪੁਰ ਦੇ ਅੱਗੇ ਵੀ ਨਾਜਾਇਜ਼ ਬੱਸ ਸਟੈਂਡ ਬਣ ਗਿਆ ਹੈ ਪਰ ਪੁਲਸ ਦੀ ਸਥਿਤੀ ਦੀਵੇ ਥੱਲੇ ਹਨੇਰੇ ਵਾਲੀ ਹੀ ਨਜ਼ਰ ਆ ਰਹੀ ਹੈ।

ਕੌਂਡਲ ਜਲ ਸਪਲਾਈ ਸੈਨੀਟੇਸ਼ਨ ਯੂਨੀਅਨ ਦੇ ਸਰਬਸਮਤੀ ਨਾਲ ਸਕੱਤਰ ਜਨਰਲ ਪੰਜਾਬ ਨਿਯੁਕਤ

ਕਾਲਾ ਸੰਘਿਆਂ (ਮਨਜੀਤ ਮਾਨ)

ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਸੁਖਨੰਦਨ ਸਿੰਘ ਮੇਹਣੀਆਂ ਦੀ ਪ੍ਰਧਾਨਗੀ ਹੇਠ ਫਤਹਿਗੜ੍ਹ ਸਾਹਿਬ ਵਿਖੇ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਸੰਜੀਵ ਕੌਂਡਲ ਕਾਲਾ ਸੰਘਿਆਂ ਨੂੰ ਪੰਜਾਬ ਦਾ ਜਰਨਲ ਸਕੱਤਰ ਚੁਣਿਆ ਗਿਆ ਅਤੇ ਰਾਜ ਹੱਸੂ ਬਠਿੰਡਾ ਨੂੰ ਪੰਜਾਬ ਦਾ ਜੁਆਇੰਟ ਸਕੱਤਰ ਚੁਣਿਆ ਗਿਆ ਸੂਬਾ ਪ੍ਰਧਾਨ ਮਹੇਣੀਆ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਪੂਰੀ ਸੂਬਾ ਟੀਮ ਨੂੰ ਯੂਨੀਅਨ ਦੀ ਚੜ੍ਹਦੀਕਲਾ ਲਈ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਲਈ ਤਿਆਰ ਰਹਿਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸੰਜੀਵ ਕੌਂਡਲ ਅਤੇ ਰਾਜ ਹੱਸੂ ਨੇ ਯੂਨੀਅਨ ਵੱਲੋਂ ਦਿੱਤੇ ਅਹੁਦੇ ਨੂੰ ਇਮਾਨਦਾਰੀ ਨਾਲ ਨਿਭਾਉਣ ਲਈ ਵਾਅਦਾ ਕੀਤਾ ਯੂਨੀਅਨ ਵਲੋਂ ਫੈਸਲਾ ਕੀਤਾ ਗਿਆ ਕਿ ਆਪਣੀਆਂ ਮੰਗਾਂ ਸਬੰਧੀ ਮਹਿਕਮੇ ਦੇ ਐਚ ਓ ਡੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਜੇਕਰ 17 ਦਸੰਬਰ ਤੱਕ ਯੂਨੀਅਨ ਨੂੰ ਮੀਟਿੰਗ ਦਾ ਸਮਾਂ ਨਾ ਦਿੱਤਾ ਤਾਂ ਯੂਨੀਅਨ ਵੱਲੋਂ 18 ਦਸੰਬਰ ਨੂੰ ਮਹਿਕਮੇ ਦੇ ਐਚ ਓ ਡੀ ਦਾ ਮੋਹਾਲੀ ਵਿਖੇ ਘਿਰਾਓ ਕੀਤਾ ਜਾਵੇਗਾ। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਫੀਲਡ ਦੇ ਦਰਜਾ ਤਿੰਨ ਅਤੇ ਚਾਰ ਮੁਲਾਜ਼ਮਾਂ ਨੂੰ ਟਾਈਮ ਸਕੈਲ ਨਾਲ ਤਰਕੀ ਦੇਣਾ , 2011 ਦੀ ਅਨਾਮਲੀ ਦੂਰ ਕਰਨਾ, ਫੀਲਡ ਮੁਲਾਜ਼ਮਾਂ ਦੀ ਪ੍ਰਮੋਸ਼ਨ ਦੇ ਟੈਸਟ ਦੀ ਸ਼ਰਤ ਨੂੰ ਖਤਮ ਕਰਨਾ, ਮਸਟ ਰੋਲ ਅਤੇ ਇਨਲੈਸਟਮੈਂਟ ਵਾਲੇ ਮੁਲਾਜਮਾਂ ਨੂੰ ਰੈਗੂਲਰ ਕਰਨਾ, ਫੀਲਡ ਮੁਲਾਜਮਾਂ ਨੂੰ ਛੁੱਟੀਆਂ ਨਾ ਮਿਲਣ ਕਾਰਨ 13 ਵੀਂ ਤਨਖਾਹ ਦੇਣਾ ਆਦਿ ਮੁੱਖ ਮੰਗਾ ਹਨ ਅੱਜ ਦੀ ਮੀਟਿੰਗ ਵਿੱਚ ਮੁਕੇਸ਼ ਕੰਡਾ, ਤੇਜਵੰਤ ਢਿੱਲਵਾਂ, ਰਾਜਪਾਲ ਲਸੋਈ, ਬਿੱਟੂ ਮਲੋਟ, ਜਗਜੀਤ ਮਾਨ, ਗੁਰਦੇਵ ਝਲਕ, ਨਰਿੰਦਰ ਸਿੰਘ, ਅਨਿਲ ਨਾਹਰ, ਕੁਲਵੰਤ ਬਠਿੰਡਾਂ, ਦਰਸ਼ਨ ਸਿੰਘ, ਸੁਖਵੀਰ ਸਿੰਘ, ਦਿਨੇਸ਼ ਕੁਮਾਰ, ਧਰਮਪਲ ਲੋਟ, ਪਾਲ ਸਿੰਘ ਮਾਨਸਾ, ਜਸਵੰਤ ਸਿੰਘ ਆਦਿ ਮੈਂਬਰ ਸ਼ਾਮਲ ਹੋਏ।

ਇਲਾਕਾ ਵਾਸੀਆਂ ਨੇ ਲਾਲਪੁਰਾ ਪਰਵਾਰ ਦਾ ਕੀਤਾ ਧੰਨਵਾਦ

ਭਲਾਣ, (ਹਰਭਜਨ ਢਿੱਲੋਂ)

ਇਨਸਾਨੀਅਤ ਪਹਿਲਾਂ ਅਤੇ ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦੇ ਮਾਤਾ ਹਰਦੀਪ ਕੌਰ ਲਾਲਪੁਰਾ ਵੱਲੋਂ ਪਿੰਡ ਪਿੰਡ ਜਾ ਕੇ ਸੰਸਥਾ ਦੀ ਸ਼ਗੁਨ ਸਕੀਮ ਤਹਿਤ ਲੜਕੀਆਂ ਨੂੰ ਸ਼ਗਨ ਭੇਟ ਕੀਤੇ ਗਏ। ਹਰਦੀਪ ਕੌਰ ਲਾਲਪੁਰਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ, ਮੋਜੋਵਾਲ, ਚੌੜਾਘਾਟ ਅਤੇ ਨਾਨਗਰਾਂ ਹੇਠਲਾਂ ਆਦਿ ਪਿੰਡਾਂ ਵਿਖੇ ਲੜਕੀਆਂ ਨੂੰ ਸ਼ਗਨ ਭੇਟ ਕੀਤੇ। ਇਸ ਮੌਕੇ ਹਰਦੀਪ ਕੌਰ ਲਾਲਪੁਰਾ ਨੇ ਪਰਵਾਰਕ ਮੈਂਬਰਾਂ ਨੂੰ ਬੱਚੀਆਂ ਦੇ ਵਿਆਹ ਲਈ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦਾ ਪੂਰਾ ਪਰਵਾਰ ਇਸੇ ਤਰ੍ਹਾਂ ਇਲਾਕੇ ਦੀ ਸੇਵਾ ਲਈ ਤੱਤਪਰ ਰਹੂਗਾ। ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਸਰਦਾਰ ਪਰਮਜੀਤ ਸਿੰਘ ਨੇ ਕਿਹਾ ਕਿ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਹਰਦੀਪ ਕੌਰ ਲਾਲਪੁਰਾ ਤੇ ਸੰਸਥਾ ਦੇ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਆਪਣੀ ਸੰਸਥਾ ਵੱਲੋਂ ਦਿਨ ਰਾਤ ਇਲਾਕੇ ਦੀ ਸੇਵਾ ਵਿਚ ਲੱਗੇ ਹੋਏ ਹਨ। ਉਨ੍ਹਾਂ ਦੱਸਿਆ ਕਿ ਲਾਲਪ

12-DEC-PAGE-10.qxd 12/11/2023 10:45 PM Page 1

ਵਿਰਾਸਤੀ ਤੇ ਰਿਆਸਤੀ ਸ਼ਹਿਰ ਸੰਗਰੂਰ ਦਾ ਸਫਾਈ ਪੱਖੋਂ ਬੁਰਾ ਹਾਲ!

ਸੰਗਰੂਰ (ਪ੍ਰਵੀਨ ਸਿੰਘ)

ਵਿਰਾਸਤੀ ਤੇ ਰਿਆਸਤੀ ਸ਼ਹਿਰ ਸੰਗਰੂਰ ਨੂੰ ਇਸ ਗੱਲ ਦਾ ਮਾਣ ਹਾਸਲ ਹੈ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਦਾ ਇਹ ਸ਼ਹਿਰ ਹੈ। ਡੇਢ ਸਾਲ ਤੋਂ ਵੱਧ ਸਮਾਂ ਹੋ ਗਿਆ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੱਲਦਿਆਂ, ਪਰ ਸੰਗਰੂਰ ਸ਼ਹਿਰ ਦੀ ਨਾ ਦਸ਼ਾ, ਨਾ ਦਿਸ਼ਾ ਬਦਲੀ ਹੈ। ਕਦੇ ਰਿਆਸਤੀ ਤੇ ਕਦੇ ਇਸ ਸ਼ਹਿਰ ਦੇ ਗੰਦੇ ਪਾਣੀ ਦੇ ਨਿਕਾਸੀ ਲਈ ਸ਼ਹਿਰ ਅੰਦਰੋਂ ਦੀ ਸੁਨਾਮੀ ਗੇਟ ਬਾਹਰ ਕਈ ਪਾਸਿਆਂ ਤੋਂ ਇੱਕ ਨਾਲੇ ਵਿੱਚੋਂ ਹੁੰਦਾ ਹੋਇਆ ਬਾਹਰ ਖੇਤਾਂ ਵੱਲ ਚਲਾ ਜਾਂਦਾ ਸੀ। ਪੁਰਾਣੇ ਬਜ਼ੁਰਗਾਂ ਦੇ ਦੱਸਣ ਮੁਤਾਬਕ ਇਸ ਨਾਲੇ ਦੇ ਵਿਚਕਾਰ ਇੱਕ ਛੋਟੀ ਨਾਲੀ ਵਗਦੀ ਸੀ, ਜਿਸ ਵਿੱਚੋਂ ਬਿਲਕੁਲ ਹੀ ਸਾਫ ਪਾਣੀ ਆਮ ਦਿਨਾਂ ਵਿੱਚ ਵਗਦਾ ਦਿਖਾਈ ਦਿੰਦਾ ਸੀ।

ਸਮਾਂ ਤੇ ਹਾਲਾਤ ਬਦਲੇ ਰਿਆਸਤੀ ਸ਼ਹਿਰ ਦੀ ਥਾਂ ਸ਼ਹਿਰ ਸੰਗਰੂਰ ਪੰਜਾਬ ਦਾ ਜ਼ਿਲ੍ਹਾ ਹੈੱਡ ਕੁਆਰਟਰ ਵਜੋਂ ਜਾਣਿਆ ਜਾਣ ਲੱਗਾ। ਜਦੋਂ ਤੋਂ ਨਗਰ ਕੌਂਸਲ ਸੰਗਰੂਰ ਦੇ ਅਧੀਨ ਇਸ ਨਾਲੇ ਦੀ ਸਾਫ ਸਫਾਈ ਦਾ ਕੰਮ ਆਇਆ, ਉਸ ਸਮੇਂ ਤੋਂ ਹੌਲੀ-ਹੌਲੀ ਇਸ ਦੀ ਹਾਲਾਤ ਪਾਣੀ ਦੀ ਥਾਂ ਗੰਦਗੀ ਤੇ ਕੂੜੇ ਕਰਕਟ ਨਾਲ ਭਰੀ ਪਈ ਦਿਖਾਈ ਦੇਣ ਲੱਗੀ। ਕੁਝ ਸਾਲ ਪਹਿਲਾਂ ਇਸ ਨਾਲੇ ਦੇ ਬਹੁਤ ਸਾਰੇ ਹਿੱਸੇ ਨੂੰ ਛੱਤ ਕੇ ਉਹ ਥਾਂ ਨਗਰ ਕੌਂਸਲ ਵੱਲੋਂ ਲੋਕਾਂ ਨੂੰ ਵੇਚ ਦਿੱਤੀ ਗਈ। ਹੁਣ ਸ਼ਹਿਰ ਦਾ ਪਾਣੀ ਸੀਵਰੇਜ ਸਿਸਟਮ ਰਾਹੀਂ ਬਾਹਰ ਕੱਢਣ ਦੇ ਯਤਨ ਕੀਤੇ ਜਾਣ ਲੱਗੇ ਜੋ ਕਿ ਪੂਰੀ ਤਰ੍ਹਾਂ ਫੇਲ੍ਹ ਸਿਸਟਮ ਹੁੰਦਾ ਦਿਖਾਈ ਦਿੰਦਾ ਹੈ।

ਹੁਣ ਜੇਕਰ ਇਸ ਦੀ ਦਸ਼ਾ ਜਾਂ ਦਿਸ਼ਾ ਦੇਖਣੀ ਹੋਵੇ ਤਾਂ ਸੁਨਾਮੀ ਗੇਟ ਬਾਹਰ ਸਰਕਾਰੀ ਰਣਬੀਰ ਕਾਲਜ ਨੂੰ ਜਾਂਦੀ ਸੜਕ, ਡੀ ਸੀ ਕੰਪਲੈਕਸ ਤੇ ਪੁਰਾਣੀ ਸਬਜ਼ੀ ਮੰਡੀ ਵਿੱਚੋਂ ਹੁੰਦੇ ਹੋਏ ਇਸ ਦੀ ਸਹੀ ਤਸਵੀਰ ਨਾਲੇ 'ਤੇ ਬਣੇ ਪੁਲ ਤੇ ਟੁੱਟਿਆ ਹੋਇਆ ਪੁਲ ਦਾ ਪੈਰਾਮਿਟ, ਆਲੇ ਦੁਆਲੇ ਗੰਦਗੀ ਦੇ ਢੇਰ ਇਸ ਨਾਲੇ ਨੂੰ ਛੱਤਣ ਉਪਰੰਤ ਚਾਰੇ ਪਾਸੇ ਗੰਦਗੀ ਹੀ ਗੰਦਗੀ ਦਿਖਾਈ ਦਿੰਦੀ ਹੈ। ਹੁਣ ਇਸ ਸ਼ਹਿਰ ਦਾ ਵਾਲੀ ਵਾਰਿਸ ਇੰਝ ਲੱਗਦਾ ਹੈ ਜਿਵੇਂ ਕੋਈ ਰਿਹਾ ਹੀ ਨਾ ਹੋਵੇ।

ਆਲੇ-ਦੁਆਲੇ ਦੁਕਾਨਦਾਰ ਤੇ ਹੋਰ ਲੋਕ ਇਸ ਬਦਬੂਦਾਰ ਏਰੀਆ ਵਿੱਚ ਲੱਗਣ ਲਈ ਮਜਬੂਰ ਹਨ। ਇਸ ਵੱਲ ਤੁਰੰਤ ਧਿਆਨ ਦੇਣ ਲਈ ਸੀਨੀਅਰ ਪੱਤਰਕਾਰ ਫਤਿਹ ਪ੍ਰਭਾਕਰ, ਬਨਾਸਰ ਬਾਗ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਲੌਂਗੋਵਾਲੀਆਂ, ਵਿਜੇ ਗੁਪਤਾ ਇੰਸਟਲਿਸਟ, ਅਸ਼ੋਕ ਕੁਮਾਰ ਰਿਟਾ. ਡੀ.ਐੱਸ.ਪੀ. ਦੀ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਹੈ ਕਿ ਇਸ ਥਾਂ ਦੀ ਸਫਾਈ ਤੇ ਟੁੱਟੀ ਪੁਲੀ ਦੀ ਰੇਲਿੰਗ ਦੀ ਮੁੜ ਉਸਾਰੀ ਕਰਾਈ ਜਾਵੇ।

ਕਿਸਾਨਾਂ ਨੂੰ ਗੈਰ-ਮਿਆਰੀ ਤੇ ਘਟੀਆ ਇਨਪੁੱਟ ਸਪਲਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਾ. ਬੈਨੀਪਾਲ

ਲੁਧਿਆਣਾ (ਰਾਜ ਸਿੰਗਲਾ)

ਖੇਤੀਬਾੜੀ ਵਿਭਾਗ ਵੱਲੋਂ ਬਲਾਕ ਸਿੱਧਵਾਂ ਬੇਟ ਅਧੀਨ ਆਉਂਦੇ ਪਿੰਡ ਰਸੂਲਪੁਰ, ਜੰਡੀ ਆਦਿ ਵਿਖੇ ਆਲੂਆਂ ਦੀ ਫਸਲ ਖਰਾਬ ਹੋਣ ਸਬੰਧੀ ਪ੍ਰਾਪਤ ਸ਼ਿਕਾਇਤ 'ਤੇ ਸਬੰਧਤ ਕੰਪਨੀ ਖਿਲਾਫ਼ ਕਾਰਵਾਈ ਕੀਤੀ ਗਈ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਪ੍ਰਾਪਤ ਸ਼ਿਕਾਇਤ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਸਬੰਧਤ ਕੰਪਨੀ ਮੈਸ: ਐਗਰੋ ਲਾਈਫ ਸਾਇੰਸ ਕਾਰਪੋਰੇਸ਼ਨ ਪ੍ਰਾਇਵੇਟ ਲਿਮਟਿਡ ਦੇ ਨਵੀਂ ਦਾਣਾ ਮੰਡੀ, ਗਿੱਲ ਰੋਡ, ਅਰੋੜਾ ਪੈਲੇਸ ਦੇ ਪਿਛਲੇ ਪਾਸੇ, ਲੁਧਿਆਣਾ ਵਿਖੇ ਸਥਿਤ ਖਾਦਾਂ/ਦਵਾਈਆਂ ਦੇ ਗੁਦਾਮ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੀ ਟੀਮ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ ਗੌਰਵ ਧੀਰ ਤੇ ਹੋਰ ਕਰਮਚਾਰੀ ਵੀ ਮੌਜੂਦ ਸਨ। ਡਾ. ਬੈਨੀਪਾਲ ਨੇ ਅੱਗੇ ਦੱਸਿਆ ਕਿ ਇਸ ਮੌਕੇ ਉਕਤ ਕੰਪਨੀ ਦੇ ਮਾਲਕ ਤੇ ਨੁਮਾਇੰਦੇ ਨੂੰ ਗੁਦਾਮ ਖੋਲ੍ਹਣ ਲਈ ਮੋਬਾਇਲ ਫੋਨ ਕੀਤਾ ਗਿਆ, ਪ੍ਰੰਤੂ ਮੌਕੇ 'ਤੇ ਨਹੀਂ ਪਹੁੰਚਿਆ ਨਾ ਹੀ ਕੰਪਨੀ ਦਾ ਕੋਈ ਵੀ ਜ਼ਿੰਮੇਵਾਰ ਵਿਅਕਤੀ ਹਾਜ਼ਰ ਸੀ। ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਕਾਰਵਾਈ ਕਰਦੇ ਹੋਏ ਉਕਤ ਕੰਪਨੀ ਦੇ ਖਾਦਾਂ/ਦਵਾਈਆਂ ਦੇ ਗੁਦਾਮ ਤੇ ਦਫਤਰ ਨੂੰ ਕਿਸਾਨ ਯੂਨੀਅਨ ਦੀ ਹਾਜ਼ਰੀ ਵਿੱਚ ਸੀਲ ਬੰਦ ਕਰ ਦਿੱਤਾ ਹੈ। ਇਸ ਮੌਕੇ ਜਿਨ੍ਹਾਂ ਕਿਸਾਨਾਂ ਦੀ ਆਲੂਆਂ ਦੀ ਫਸਲ ਖਰਾਬ ਹੋਈ ਹੈ, ਦੇ ਨਾਲ ਕਿਸਾਨ ਆਗੂ ਮਾਸਟਰ ਮਹਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੇ ਹੋਰ ਅਹੁਦੇਦਾਰ ਵਿਅਕਤੀ/ਕਿਸਾਨ ਮੌਜੂਦ ਸਨ। ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਨਰਿੰਦਰ ਸਿੰਘ ਬੈਨੀਪਾਲ ਵੱਲੋਂ ਕਿਸਾਨਾਂ ਨੂੰ ਮਿਆਰੀ ਖੇਤੀਬਾੜੀ ਇਨਪੁੱਟ ਮੁਹੱਈਆ ਕਰਵਾਉਣ ਸਬੰਧੀ ਜ਼ਿਲ੍ਹੇ ਅੰਦਰ ਆਉਂਦੀਆਂ ਖਾਦ, ਬੀਜ ਤੇ ਕੀੜੇਮਾਰ ਦਵਾਈਆਂ ਦੀਆਂ ਕੰਪਨੀਆਂ ਨੂੰ ਸਖਤ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਕਿਸੇ ਕੰਪਨੀ ਵੱਲੋਂ ਗੈਰ-ਮਿਆਰੀ ਤੇ ਘਟੀਆਂ ਇਨਪੁੱਟ ਸਪਲਾਈ ਕੀਤੇ ਪਾਏ ਜਾਂਦੇ ਹਨ ਤਾਂ ਕੰਪਨੀ ਤੇ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਖਾਦ ਕਾਰਵਾਈ ਕੀਤੀ ਜਾਵੇਗੀ।

ਗੁਰਦੁਆਰਾ ਘੋੜਿਆਂਵਾਲਾ ਸਾਹਿਬ ਵਿਖੇ ਗੁਰਮਤਿ ਸਮਾਗਮ ਸੰਪੰਨ

ਨਾਭਾ (ਵਰਿੰਦਰ ਵਰਮਾ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਗਾਰਚੀ ਬਾਬਾ ਅਜਾਪਾਲ ਸਿੰਘ ਜੀ ਦੇ ਤਪ ਅਸਥਾਨ ਗੁਰਦੁਆਰਾ ਘੋੜਿਆਂ ਵਾਲਾ ਸਾਹਿਬ ਨਾਭਾ ਵਿਖੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਤੇ ਸੁਰਜੀਤ ਸਿੰਘ ਪ੍ਰੀਤ ਟੈਕਸਟਾਈਲ (ਦਿੱਲੀ ਵਾਲੇ) ਨਾਭਾ ਦੇ ਸਮੁੱਚੇ ਪਰਵਾਰ ਦੇ ਉੱਦਮ ਦਾ ਸਦਕਾ ਧੰਨ ਧੰਨ ਗੁਰੂ ਰਾਮਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਥ ਦੇ ਮਹਾਨ ਕੀਰਤਨੀਏ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਬੀਬੀ ਕੌਲਾਂ ਭਲਾਈ ਕੇਂਦਰ ਅੰਮ੍ਰਿਤਸਰ ਵਾਲਿਆਂ ਦੇ ਸਹਿਯੋਗੀ ਭਾਈ ਅਮਨਦੀਪ ਸਿੰਘ ਜੀ ਵੱਲੋਂ ਅੰਮ੍ਰਿਤਮਈ ਕੀਰਤਨ ਦੀ ਛਹਿਬਰ ਤੇ ਗੁਰ ਇਤਿਹਾਸ ਦੀਆਂ ਵਿਚਾਰਾਂ ਸਰਵਣ ਕਰਵਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਧੰਨ ਧੰਨ ਗੁਰੂ ਰਾਮਦਾਸ ਜੀ ਮਹਾਰਾਜ ਕਿੰਨੇ ਮਹਾਨ ਹੋਣਗੇ, ਜਿਨ੍ਹਾਂ ਦੇ ਸਿੱਖ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਅਸਥਾਨ 'ਤੇ ਗੁਰਦੁਆਰਾ ਸ਼ਹੀਦਾਂ ਸਾਹਿਬ ਵਿਖੇ ਨਤਮਸਤਕ ਹੋ ਕੇ ਜੋ ਸੰਗਤਾਂ ਸ਼ਰਧਾ ਭਾਵਨਾ ਨਾਲ ਨਤਮਸਤਕ ਹੋ ਕੇ ਗੁਰਬਾਣੀ ਸਰਵਣ ਕਰਕੇ ਗੁਰੂ ਚਰਨਾਂ ਨਾਲ ਜੁੜਦੀਆਂ ਹਨ, ਉਨ੍ਹਾਂ ਦੇ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੇ ਰੋਗ ਵੀ ਕੱਟੇ ਜਾਂਦੇ ਹਨ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਸੇਵਾ ਗੁਰਮੁੱਖ ਸਿੰਘ ਭੋਜੋ ਮਾਜਰੀ ਦੁਆਰਾ ਬਾਖੂਬੀ ਨਿਭਾਈ ਗਈ।

ਇਸ ਮੌਕੇ ਪੰਥ ਦੇ ਮਹਾਨ ਵਿਦਵਾਨ ਡਾਕਟਰ ਗਿਆਨੀ ਮਨਿੰਦਰ ਸਿੰਘ ਕਥਾਵਾਚਕ ਨੇ ਵੀ ਧੰਨ ਧੰਨ ਗੁਰੂ ਰਾਮਦਾਸ ਜੀ ਮਹਾਰਾਜ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਸਤਵਿੰਦਰ ਸਿੰਘ ਟੌਹੜਾ ਮੈਂਬਰ ਐੱਸ ਜੀ ਪੀ ਸੀ, ਬੀਬੀ ਹਰਦੀਪ ਕੌਰ ਖੋਖ ਅੰਤਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਜਥੇਦਾਰ ਬਲਤੇਜ ਸਿੰਘ ਖੋਖ, ਹਰਮਿੰਦਰ ਸਿੰਘ ਨਾਭਾ ਸੁਪਰਵਾਈਜ਼ਰ ਅਨੰਦਪੁਰ ਸਾਹਿਬ, ਗੁਰਲਾਲ ਸਿੰਘ ਨਲੀਨੀ ਮੈਨੇਜਰ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਘੋੜਿਆਂ ਵਾਲਾ ਨਾਭਾ, ਸੁਰਜੀਤ ਸਿੰਘ ਪ੍ਰੀਤ ਟੈਕਸਟਾਈਲ ਨਾਭਾ, ਸਰਬਜੀਤ ਸਿੰਘ ਧੀਰੋ ਮਾਜਰਾ, ਸਤਿਗੁਰ ਸਿੰਘ ਪ੍ਰਧਾਨ ਬਾਬਾ ਅਜਾਪਾਲ ਸਿੰਘ ਸੇਵਾ ਸੁਸਾਇਟੀ ਰਜਿ: ਨਾਭਾ ਸੁਖਪਿੰਦਰ ਸਿੰਘ ਰਿਟਾ: ਐੱਸ ਡੀ ਓ, ਤੇਜਿੰਦਰ ਸਿੰਘ ਕਪੂਰ, ਹਰਪ੍ਰੀਤ ਸਿੰਘ ਪ੍ਰਧਾਨ ਗੁਰੂ ਰਾਮਦਾਸ ਸੇਵਾ ਸੁਸਾਇਟੀ ਸਰਬਜੀਤ ਸਿੰਘ ਖੋਖ, ਰਵਿੰਦਰ ਸਿੰਘ ਸਿਮਰਨ, ਹਨੀ ਸਿੰਘ, ਰਮਨ ਸਿੰਘ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਕਾਤਰਾਂ

ਮੋਟਰਸਾਈਕਲ ਚੋਰੀ ਕਰਨ ਦੇ ਦੋਸ਼ 'ਚ ਤਿੰਨ ਵਿਰੁੱਧ ਕੇਸ ਦਰਜ

ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਸਹਿਜਾਦਪੁਰ ਤੋਂ ਮੋਟਰਸਾਈਕਲ ਚੋਰੀ ਹੋਣ ਦੇ ਕਥਿਤ ਮਾਮਲੇ 'ਚ ਬਸੀ ਪਠਾਣਾਂ ਪੁਲਸ ਵੱਲੋਂ ਪਿੰਡ ਦੇ ਹੀ ਰਹਿਣ ਵਾਲੇ ਦੋ ਸਕੇ ਭਰਾਵਾਂ ਸਮੇਤ ਤਿੰਨ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਗੁਰਪ੍ਰੀਤ ਸਿੰਘ ਵਾਸੀ ਪਿੰਡ ਸਹਿਜਾਦਪੁਰ ਨੇ ਦੱਸਿਆ ਕਿ ਉਸ ਨੇ ਆਪਣਾ ਬਜਾਜ ਸੀਟੀ-100 ਮੋਟਰਸਾਈਕਲ ਆਪਣੇ ਘਰ ਦੇ ਬਾਹਰ ਖੜਾ ਕੀਤਾ ਹੋਇਆ ਸੀ ਤਾਂ 4/5 ਦਸੰਬਰ ਦੀ ਦਰਮਿਆਨੀ ਰਾਤ ਨੂੰ ਪਿੰਡ ਦੇ ਹੀ ਵਸਨੀਕ ਗਗਨਦੀਪ ਸਿੰਘ ਤੇ ਅਮਨਦੀਪ ਸਿੰਘ ਨੇ ਗੁਰਜਿੰਦਰ ਸਿੰਘ ਉਰਫ ਜਿੰਦਾ ਵਾਸੀ ਪਿੰਡ ਬਹੇੜ ਨਾਲ ਮਿਲ ਕੇ ਉਸ ਦਾ ਮੋਟਰਸਾਈਕਲ ਚੋਰੀ ਕਰ ਲਿਆ। ਗਗਨਦੀਪ, ਅਮਨਦੀਪ ਤੇ ਗੁਰਜਿੰਦਰ ਸਿੰਘ ਉਰਫ ਜਿੰਦਾ ਵਿਰੁੱਧ ਥਾਣਾ ਬਸੀ ਪਠਾਣਾਂ ਵਿਖੇ ਅ/ਧ 379 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਸਬ-ਇੰਸਪੈਕਟਰ ਮਨਦੀਪ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਇਕੋਤਰੀ ਸਮਾਗਮ ਦੇ ਭੋਗ ਅੱਜ

ਜਗਰਾਓਂ (ਨਛੱਤਰ ਸੰਧੂ)-ਇੱਥੋਂ ਨੇੜਲੇ ਪਿੰਡ ਰਾਮਗੜ੍ਹ ਭੁੱਲਰ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐੱਨ.ਆਰ.ਆਈ. ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਹਾਨ ਸੰਤ ਸਿਪਾਹੀ ਸੰਤ ਬਾਬਾ ਮੱਘਰ ਸਿੰਘ ਰਾਮਗੜ੍ਹ ਭੁੱਲਰ ਵਾਲਿਆਂ ਦਾ 133ਵਾਂ ਆਗਮਨ ਪੁਰਬ 6 ਤੋਂ 14 ਦਸੰਬਰ ਤੱਕ ਬੜੀ ਹੀ ਸ਼ਰਧਾ-ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਮਾ: ਬਰਜਿੰਦਰਪਾਲ ਸਿੰਘ ਤੇ ਖਜ਼ਾਨਚੀ ਅਵਤਾਰ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਸਮਾਗਮ ਨੂੰ ਲੈ ਕੇ ਲਗਾਤਾਰ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਚੱਲ ਰਹੀ ਹੈ, ਇਸ ਲੜੀ ਦੌਰਾਨ ਅੱਜ ਦੂਜੀ ਲੜੀ ਦੇ ਭੋਗ ਪਾਏ ਗਏ, ਉਪਰੰਤ ਅਖੰਡ ਪਾਠ ਆਰੰਭ ਕੀਤੇ ਗਏ। ਉਨ੍ਹਾਂ ਦੱਸਿਆ ਕਿ ਤੀਸਰੀ ਲੜੀ ਦੇ ਅਖੰਡ ਪਾਠ 10 ਦਸੰਬਰ ਨੂੰ ਪ੍ਰਕਾਸ਼ ਹੋ ਕੇ 12 ਦਸੰਬਰ ਨੂੰ ਭੋਗ ਪਾਏ ਜਾਣਗੇ। ਉਪਰੰਤ 12 ਦਸੰਬਰ ਨੂੰ ਸ੍ਰੀ ਅਖੰਡ ਪਾਠ ਪ੍ਰਕਾਸ਼ ਹੋਣਗੇ, ਜਿਨ੍ਹਾਂ ਦੇ ਭੋਗ 14 ਦਸੰਬਰ ਨੂੰ ਪਾਏ ਜਾਣਗੇ। ਇਸ ਸਮੇਂ ਉਨ੍ਹਾਂ ਨਾਲ ਮੀਤ ਪ੍ਰਧਾਨ ਬੂਟਾ ਸਿੰਘ, ਸਤਨਾਮ ਸਿੰਘ, ਜਸਵੰਤ ਸਿੰਘ ਲਾਲੀ ਤੇ ਸੁਖਪਾਲ ਸਿੰਘ ਆਦਿ ਹਾਜ਼ਰ ਸਨ।

ਮੁਕਤਸਰ ਵਿਕਾਸ ਮਿਸ਼ਨ ਵੱਲੋਂ ਕੰਨਿਆ ਸਨਮਾਨ ਸਮਾਰੋਹ 24 ਨੂੰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਆਉਂਦੀ 24 ਦਸੰਬਰ ਨੂੰ 'ਕੰਨਿਆ ਸਨਮਾਨ ਸਮਾਰੋਹ' ਕੀਤਾ ਜਾਵੇਗਾ। ਨਵੇਂ ਵਰ੍ਹੇ ਦਾ ਸਵਾਗਤ ਕਰਨ ਤੇ ਜੀ ਆਇਆਂ ਕਹਿਣ ਲਈ ਇੱਕ ਸਾਲ ਤੋਂ ਘੱਟ ਉਮਰ ਦੀਆਂ ਕੰਨਿਆਵਾਂ ਨੂੰ ਮਿਸ਼ਨ ਵੱਲੋਂ ਕੱਪੜੇ ਤੇ ਤੋਹਫੇ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਥੇ ਇਹ ਜਾਣਕਾਰੀ ਦਿੰਦੇ ਹੋਏ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿਛਲੇ ਅਠਾਈ ਸਾਲਾਂ ਤੋਂ ਲਗਾਤਾਰ ਹੁਣ ਤੱਕ ਇੱਕ ਸਾਲ ਤੋਂ ਘੱਟ ਉਮਰ ਦੀਆਂ ਬੱਚੀਆਂ ਲਈ ਹਰ ਸਾਲ 'ਕੰਨਿਆ ਲੋਹੜੀ ਮੇਲਾ' ਆਯੋਜਿਤ ਕੀਤਾ ਜਾਂਦਾ ਹੈ। ਇਸੇ ਪਿਰਤ ਨੂੰ ਅੱਗੇ ਤੋਰਦੇ ਹੋਏ ਉਕਤ ਕੰਨਿਆ ਸਨਮਾਨ ਸਮਾਰੋਹ ਕੀਤਾ ਜਾਵੇਗਾ। ਪ੍ਰਧਾਨ ਢੋਸੀਵਾਲ ਨੇ ਇੱਕ ਸਾਲ ਤੋਂ ਘੱਟ ਉਮਰ ਦੀਆਂ ਬੱਚੀਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਉਂਦੀ 20 ਦਸੰਬਰ ਤੱਕ ਆਪਣੀਆਂ ਕੰਨਿਆਵਾਂ ਦੀ ਰਜਿਸਟ੍ਰੇਸ਼ਨ ਉਨ੍ਹਾਂ ਦੇ ਮੋਬਾਇਲ ਨੰਬਰ 99144-23732 'ਤੇ ਦੀ ਕ੍ਰਿਪਾਲਤਾ ਕਰਨ। ਨਿਸਚਿਤ ਮਿਤੀ ਤੋਂ ਬਾਅਦ ਕਿਸੇ ਹਾਲਤ ਵੀ ਛੋਟੀਆਂ ਬੱਚੀਆਂ ਦੀ ਰਜਿਸਟ੍ਰੇਸ਼ਨ ਨਹੀਂ ਕੀਤੀ ਜਾਵੇਗੀ।

ਵੀਜ਼ਨ ਦੀ ਵਿਦਿਆਰਥਣ ਨੇ ਪੀ ਟੀ ਈ 'ਚੋਂ ਓਵਰਆਲ 63 ਸਕੋਰ ਪ੍ਰਾਪਤ ਕੀਤੇ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਮੇਨ ਬੱਸ ਸਟੈਂਡ ਵਿੱਚ ਸਥਿਤ ਇਲਾਕੇ ਦਾ ਨਾਮਵਰ ਸੈਂਟਰ ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਦੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ, ਇਕਬਾਲ ਸਿੰਘ ਢਿੱਲੋਂ ਤੇ ਨੰਦ ਸਿੰਘ ਬਰਾੜ ਨੇ ਦੱਸਿਆ ਕਿ ਪਰਮਜੀਤ ਕੌਰ ਪੁੱਤਰੀ ਜਗਸੀਰ ਸਿੰਘ ਵਾਸੀ ਲੰਗਿਆਣਾ ਕਲਾਂ ਨੇ ਪੀ ਟੀ ਈ ਵਿੱਚੋਂ ਓਵਰਆਲ 63 ਸਕੋਰ ਪ੍ਰਾਪਤ ਕਰਕੇ ਆਪਣਾ ਤੇ ਸੈਂਟਰ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਯਾਦਵਿੰਦਰ

12-Dec-PAGE-11-Majha-23.qxd 12/11/2023 10:52 PM Page 1

ਕਿਰਤੀ ਕਿਸਾਨ ਯੂਨੀਅਨ ਵੱਲੋਂ ਡੀ ਸੀ ਦਫਤਰ ਅੱਗੇ ਧਰਨਾ ਅੱਜ

ਗੁਰਦਾਸਪੁਰ, (ਜਨਕ ਮਹਾਜਨ)-ਕਿਰਤੀ ਕਿਸਾਨ ਯੂਨੀਅਨ ਵਲੋਂ ਅੱਜ 12 ਦਸੰਬਰ ਨੂੰ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਫ਼ਤਰ ਮੂਹਰੇ ਦਿੱਤੇ ਜਾ ਰਹੇ ਧਰਨੇ ਦੀ ਤਿਆਰੀ ਅਤੇ ਕਿਸਾਨਾਂ ਨੂੰ ਲਾਮਬੰਦ ਕਰਨ ਲਈ ਪਿੰਡ ਬਾਊਪੁਰ ਜੱਟਾ ਅਤੇ ਸਾਂਦੜ ਪਿੰਡਾਂ ਵਿਚ ਮੀਟਿੰਗਾਂ ਕੀਤੀਆਂ ਗਈਆਂ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਸਤਿਬੀਰ ਸਿੰਘ ਸੁਲਤਾਨੀ, ਹਰਵਿੰਦਰ ਸਿੰਘ ਬਿੱਲੂ, ਅਮਰੀਕ ਸਿੰਘ ਬਾਊਪੁਰ ਜੱਟਾ ਅਤੇ ਜੋਧ ਸਿੰਘ ਸਾਂਦੜ ਨੇ ਕਿਹਾ ਕਿ ਸਾਡੇ ਪਿੰਡਾਂ ਦੇ ਨੇੜੇ ਵਗਦੇ ਨਾਲਾ ਨੌਮਣੀ ਦੀ ਡਰੇਨ ਵਿਭਾਗ ਨੇ ਕਦੇ ਵੀ ਸਫ਼ਾਈ ਨਹੀਂ ਕਰਵਾਈ ਜਿਸ ਕਾਰਨ ਬਰਸਾਤਾਂ ਦੇ ਦਿਨਾਂ ਵਿਚ ਓਵਰਫਲੋ ਹੋ ਕੇ ਕਿਸਾਨਾਂ ਦੇ ਖੇਤਾਂ ਵਿਚ ਜਮਾਂ ਹੋ ਜਾਂਦਾ ਹੈ ਤੇ ਕਿਸਾਨਾਂ ਦੀਆਂ ਗੰਨੇ ਅਤੇ ਹੋਰ ਫ਼ਸਲਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ। ਨਾਲਾ ਨੌਮਣੀ ਦੀ ਸਫ਼ਾਈ ਨਾ ਹੋਣ ਕਰਕੇ ਇਹ ਆਪਣੀ ਜਗ੍ਹਾ ਤੋਂ ਇਲਾਵਾ ਕਿਸਾਨਾਂ ਦੀ ਮਾਲਕੀ ਵਾਲੀ ਜਮੀਨ ਵਿਚੋਂ ਵਗ ਰਿਹਾ ਹੈ ਅਤੇ ਜ਼ਮੀਨਾਂ ਦਾ ਵੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਇਸ ਬਾਰੇ ਕਈ ਵਾਰ ਡੀ.ਸੀ. ਗੁਰਦਾਸਪੁਰ ਅਤੇ ਐਕਸੀਅਨ ਨਹਿਰੀ ਵਿਭਾਗ ਨੂੰ ਮਿਲ ਚੁੱਕੇ ਹਾਂ ਪਰ ਨਾਲੇ ਦੀ ਸਫ਼ਾਈ ਸਬੰਧੀ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਹੁਣ ਮਜਬੂਰਨ ਹੋ ਕੇ ਸਾਨੂੰ ਸੰਘਰਸ਼ ਦਾ ਰਸਤਾ ਅਪਣਾਉਣਾ ਪੈ ਰਿਹਾ ਹੈ।

ਇਸ ਮੌਕੇ ਸਰਦਾਰ ਸਿੰਘ ਬਾਊਪੁਰ, ਭਜਨ ਸਿੰਘ, ਸਰਦੂਲ ਸਿੰਘ, ਸੁਖਦੇਵ ਸਿੰਘ, ਰਣਜੀਤ ਸਿੰਘ, ਜਗਤਾਰ ਸਿੰਘ, ਪਲਵਿੰਦਰ ਸਿੰਘ ਸਰਪੰਚ ਸਾਂਦੜ, ਮਹਿੰਦਰ ਸਿੰਘ, ਲਖਵੀਰ ਸਿੰਘ, ਪਰਮਜੀਤ ਸਿੰਘ, ਸਰਵਨ ਸਿੰਘ, ਬਲਦੇਵ ਸਿੰਘ, ਜੋਗਿੰਦਰ ਸਿੰਘ ਆਦਿ ਕਿਸਾਨ ਹਾਜ਼ਰ ਸਨ।

ਇੱਕੋ ਰਾਤ 'ਚ ਪੰਜ ਦੁਕਾਨਾਂ ਦੇ ਜਿੰਦਰੇ ਭੰਨ ਕੇ ਚੋਰੀ

ਚੋਹਲਾ ਸਾਹਿਬ (ਰਮਨ ਚੱਡਾ) ਚੋਰਾਂ ਦੇ ਹੌਸਲੇ ਦਿਨੋ ਦਿਨ ਬੁਲੰਦ ਹੁੰਦੇ ਜਾ ਰਹੇ ਹਨ ਅਤੇ ਇਲਾਕਾ ਚੋਹਲਾ ਸਾਹਿਬ ਵਿੱਚ ਚੋਰਾਂ ਵੱਲੋਂ ਆਏ ਦਿਨ ਚੋਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਦੀ ਤਾਜਾ ਮਿਸਾਲ ਬੀਤੀ ਰਾਤ ਵੇਖਣ ਨੂੰ ਮਿਲੀ ਜਦ ਚੋਰਾਂ ਵੱਲੋਂ ਦਲੇਰੀ ਵਿਖਾਉਂਦੇ ਹੋਏ ਲਗਪਗ 5 ਦੁਕਾਨਾਂ ਦੇ ਜਿੰਦਰੇ ਭੰਨਕੇ ਚੋਰੀ ਕਰ ਲਈ ਗਈ ਹੈ। ਇਸ ਸਮੇਂ ਪੀੜਤ ਦੁਕਾਨਦਾਰ ਮਾਸਟਰ ਗੁਰਨਾਮ ਸਿੰਘ, ਮਾਸਟਰ ਦਲਬੀਰ ਸਿੰਘ ਨੇ ਦੱਸਿਆ ਕਿ ਉਹਨਾਂ ਦੀ ਚੌਕ ਵਿੱਚ ਮਾਸਟਰ ਖੇਤੀ ਸਟੋਰ ਹੈ ਅਤੇ ਬੀਤੀ ਰਾਤ ਚੋਰਾਂ ਵੱਲੋਂ ਉਹਨਾਂ ਦੀ ਦੁਕਾਨ ਦੇ ਜਿੰਦਰੇ ਭੰਨਕੇ ਅੰਦਰੀ ਪਈਆਂ ਦੋ ਅਲਮਾਰੀਆਂ ਦੀ ਭੰਨ ਤੋੜ ਕੀਤੀ ਗਈ ਅਤੇ ਸਮਾਨ ਖਿਲਾਰਕੇ ਲਗਪਗ 1000 ਹਜ਼ਾਰ ਰੁਪੈ ਚੋਰੀ ਕਰਕੇ ਲੈ ਗਏ। ਇਸੇ ਤਰ੍ਹਾਂ ਕਰਿਆਨੇ ਦੀ ਦੁਕਾਨ ਕਰਦੇ ਭਗਤ ਰਾਮ ਨੇ ਦੱਸਿਆ ਕਿ ਉਸ ਦੀ ਦੁਕਾਨ ਦਾ ਸ਼ਟਰ ਤੋੜਕੇ ਉਸ ਦੇ ਗੱਲੇ 'ਚੋਂ ਲਗਪਗ 8 ਹਜ਼ਾਰ ਰੁਪੈ ਚੋਰੀ ਕਰਕੇ ਲੈ ਗਏ। ਇਸੇ ਤਰ੍ਹਾਂ ਕਰਿਆਨੇ ਦੀ ਦੁਕਾਨ ਚੜ੍ਹਦੀ ਕਲਾ ਦੇ ਮਾਲਕ ਨੇ ਦੱਸਿਆ ਕਿ ਉਸਦੀ ਦੁਕਾਨ 'ਚੋ ਵੀ ਚੋਰ ਲਗਪਗ 30 ਹਜ਼ਾਰ ਰੁਪੈ ਚੋਰੀ ਕਰਕੇ ਲੈ ਗਏ ਅਤੇ ਹਲਵਾਈ ਕੁਲਦੀਪ ਸਿੰਘ ਦੀ ਦੁਕਾਨ ਭੰਨੀ, ਪਰ ਕੁਝ ਵੀ ਸਮਾਨ ਚੋਰੀ ਨਹੀਂ ਕੀਤਾ। ਇਸੇ ਤਰ੍ਹਾਂ ਮੈਡੀਕਲ ਸਟੋਰ ਦੇ ਮਾਲਕ ਡਾ. ਰਤਨਜੀਤ ਸਿੰਘ ਨੇ ਦੱਸਿਆ ਕਿ ਉਸਦੇ ਸਟੋਰ ਦੀ ਭੰਨਤੋੜ ਕਰਕੇ ਲਗਪਗ 70 ਹਜ਼ਾਰ ਰੁਪੈ ਚੋਰੀ ਕਰਕੇ ਚੋਰ ਲੈ ਗਏ ਹਨ। ਪੀੜਤ ਦੁਕਾਨਦਾਰਾਂ ਪ੍ਰਸ਼ਾਸ਼ਨ ਅੱਗੇ ਗੁਹਾਰ ਲਗਾਈ ਕੇ ਉਹਨਾਂ ਨੂੰ ਇਨਸਾਫ ਦਿੱਤਾ ਜਾਵੇ। ਮੌਕੇ 'ਤੇ ਪਹੁੰਚੇ ਪੁਲਸ ਥਾਣਾ ਚੋਹਲਾ ਸਾਹਿਬ ਦੇ ਥਾਣਾ ਮੁਖੀ ਵਿਨੋਦ ਕੁਮਾਰ ਸ਼ਰਮਾਂ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਭਾਲ ਕੀਤੀ ਜਾ ਰਹੀ ਹੈ ਜਲਦ ਚੋਰਾਂ ਦਾ ਪਤਾ ਲਗਾ ਕੇ ਉਹਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਧਰਨੇ ਦਾ ਆਖਰੀ ਦਿਨ ਰਿਹਾ ਰੋਹ ਭਰਪੂਰ

ਜੰਡਿਆਲਾ ਗੁਰੂ (ਨਜ਼ਸ)-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਮੰਤਰੀਆਂ ਦੇ ਘਰਾਂ ਅੱਗੇ ਤੀਜੇ ਤੇ ਆਖਰੀ ਦਿਨ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਜੰਡਿਆਲਾ ਦੇ ਘਰ ਅੱਗੇ ਮਜ਼ਦੂਰ ਵਰਗ ਦਾ ਅੱਜ ਹੜ੍ਹ ਆ ਗਿਆ। ਇਸ ਵਿਸ਼ਾਲ ਇਕੱਠ ਵਿੱਚ ਔਰਤਾਂ ਨੇ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ। ਅੱਜ ਦੇ ਧਰਨੇ ਦੀ ਪ੍ਰਧਾਨਗੀ ਪੰਜਾਬ ਖੇਤ ਮਜ਼ਦੂਰ ਸਭਾ ਦੇ ਮੰਗਲ ਸਿੰਘ ਖਜਾਲਾ, ਦਿਹਾਤੀ ਮਜ਼ਦੂਰ ਸਭਾ ਦੇ ਚਮਨ ਲਾਲ ਦਰਾਜਕੇ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਰਾਣਾ ਮਸੀਹ ਚੂਸਲੇਵੜ, ਪੇਂਡੂ ਮਜ਼ਦੂਰ ਯੂਨੀਅਨ ਦੇ ਰਾਜ ਕੁਮਾਰ ਪਡੋਰੀ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਨਿਰਮਲ ਸਿੰਘ ਛੱਜਲਵੱਡੀ ਨੇ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਦਿਹਾਤੀ ਮਜ਼ਦੂਰ ਸਭਾ ਦੇ ਗੁਰਨਾਮ ਸਿੰਘ ਦਾਊਦ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜਸਬੀਰ ਸਿੰਘ ਝਬਾਲ, ਪੇਂਡੂ ਮਜ਼ਦੂਰ ਯੂਨੀਅਨ ਦੇ ਮੇਜਰ ਸਿੰਘ ਟੋਡਰਮੱਲ, ਮਜ਼ਦੂਰ ਮੁਕਤੀ ਮੋਰਚੇ ਦੇ ਨਿਰਮਲ ਸਿੰਘ ਛੱਜਲਵੱਡੀ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਅਖੌਤੀ ਆਮ ਆਦਮੀ ਪਾਰਟੀ ਦੀ ਸਰਕਾਰ ਖਾਸ-ਖਾਸ ਲੋਕਾਂ ਅਤੇ ਕਾਰਪੋਰੇਟਾਂ ਦੀ ਸੇਵਾ ਕਰ ਰਹੀ ਹੈ ਅਤੇ ਪਬਲਿਕ ਸੈਕਟਰ ਨੂੰ ਪ੍ਰਾਈਵੇਟ ਸੈਕਟਰ ਦੇ ਹਵਾਲੇ ਕੀਤਾ ਜਾ ਰਿਹਾ ਹੈ। ਉਕਤ ਬੁਲਾਰਿਆਂ ਨੇ ਕਿਹਾ ਕਿ ਭਗਵੰਤ ਮਾਨ ਮਜ਼ਦੂਰ ਆਗੂਆਂ ਨਾਲ ਅੱਠ ਵਾਰ ਮੀਟਿੰਗਾਂ ਰੱਖ ਕੇ ਮੁੱਕਰ ਗਏ। ਜਿਹੜੀਆਂ ਸਰਕਾਰ ਦੀ ਸਬ ਕਮੇਟੀ ਨੇ ਮੀਟਿੰਗਾਂ ਵਿੱਚ ਮੰਗਾਂ ਮੰਨੀਆ ਸਨ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਨਹੀਂ ਕੀਤਾ ਗਿਆ। ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਬੇਘਰੇ ਤੇ ਲੋੜਵੰਦ ਲੋਕਾਂ ਨੂੰ ਦਸ-ਦਸ ਮਰਲੇ ਦੇ ਪਲਾਟ, ਘਰ ਬਣਾਉਣ ਲਈ ਪੰਜ-ਪੰਜ ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰੇ, ਸਮਾਜਿਕ ਸੁਰੱਖਿਆ ਅਧੀਨ ਪੈਨਸ਼ਨ ਪੰਜ ਹਜ਼ਾਰ ਰੁਪਏ ਤੁਰੰਤ ਕੀਤੀ ਜਾਵੇ, ਮਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ ਅਤੇ ਕੰਮ ਦਿਹਾੜੀ ਸੱਤ ਸੌ ਰੁਪਏ ਦਿੱਤੀ ਜਾਵੇ, ਮਜ਼ਦੂਰ ਲੋਕਾਂ ਦੇ ਕੱਟੇ ਹੋਏ ਰਾਸ਼ਨ ਕਾਰਡ ਤੁਰੰਤ ਬਹਾਲ ਕੀਤੇ ਜਾਣ, ਮਜ਼ਦੂਰ ਲੋਕਾਂ ਦੇ ਕਰਜ਼ੇ ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਮੁਆਫ ਕੀਤੇ ਜਾਣ, ਪੰਚਾਇਤੀ ਜ਼ਮੀਨ ਦੀਆਂ ਡੰਮੀ ਬੋਲੀਆਂ ਬੰਦ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਜੇ ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਤੋਂ ਇਲਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਆਗੂ ਬਲਬੀਰ ਸਿੰਘ ਮੱਲ੍ਹੀ ਗੁਰਦਾਸਪੁਰ, ਜੋਗਿੰਦਰ ਸਿੰਘ ਗੋਪਾਲਪੁਰ, ਦਿਹਾਤੀ ਮਜ਼ਦੂਰ ਸਭਾ ਦੇ ਹਰਜਿੰਦਰ ਸਿੰਘ ਚੂੰਗ, ਅਮਰੀਕ ਸਿੰਘ ਦਾਊਦ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਰਾਣਾ ਮਸੀਹ ਚੂਸਲੇਵੜ, ਜਗੀਰ ਸਿੰਘ ਸਰਜਾ, ਪੇਂਡੂ ਮਜ਼ਦੂਰ ਯੂਨੀਅਨ ਦੇ ਰਾਜ ਕੁਮਾਰ ਪਡੋਰੀ, ਮੇਜਰ ਸਿੰਘ ਟੋਡਰਮੱਲ, ਮਜ਼ਦੂਰ ਮੁਕਤੀ ਮੋਰਚੇ ਦੇ ਗੁਰਪ੍ਰੀਤ ਸਿੰਘ ਜਾਣੀਆ, ਅਮਰਜੀਤ ਸਿੰਘ ਚੌਹਾਨ, ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਜਸਬੀਰ ਸਿੰਘ ਵੈਰੋਵਾਲ, ਸੁਖਦੇਵ ਸਿੰਘ ਭਲਾਈਪੁਰ, ਧਰਮ ਸਿੰਘ ਪੱਟੀ, ਕਿਸਾਨ ਆਗੂ, ਗੁਰਮੁਖ ਸਿੰਘ ਸ਼ੇਰਗਿੱਲ, ਹਰਪ੍ਰੀਤ ਸਿੰਘ ਬੁਟਾਰੀ, ਪਲਵਿੰਦਰ ਸਿੰਘ ਮਹਿਸਮਪੁਰ, ਲਖਵਿੰਦਰ ਸਿੰਘ ਗੋਪਾਲਪੁਰ ਆਦਿ ਨੇ ਸੰਬੋਧਨ ਕੀਤਾ।

ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ 'ਚ ਪੜ੍ਹਾਈ ਦਾ ਪੱਧਰ ਉੱਚਾ ਚੁੱਕਿਆ ਜਾ ਰਿਹਾ : ਬਹਿਲ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸਕੈਂਡਰੀ ਸਕੂਲ ਗੁਰਦਾਸਪੁਰ ਵਿਖੇ ਬਣੇ ਨਵੇਂ ਟਾਇਲਟ ਬਲਾਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਖੇਡਾਂ ਦੇ ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲਿਆਂ 'ਚ ਮੱਲਾਂ ਮਾਰਨ ਵਾਲੀਆਂ ਸਕੂਲ ਦੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੈਡਮ ਸੀਮਾ ਰਾਣੀ ਵੱਲੋਂ ਸਵਰਗੀ ਪ੍ਰੋ. ਸਤਨਾਮ ਸਿੰਘ ਦੀ ਯਾਦ 'ਚ ਸ੍ਰੀਮਤੀ ਅਮਿਤਾ ਰਾਏ ਅਤੇ ਰਾਜੀਵ ਰਾਏ ਨੀਦਰਲੈਂਡ ਵੱਲੋਂ ਭੇਜੀ ਸਹਾਇਤਾ ਰਾਸ਼ੀ ਨਾਲ ਖਰੀਦੀਆਂ ਕੋਟੀਆਂ-ਸਵੈਟਰ ਵਿਦਿਆਰਥਣਾਂ ਨੂੰ ਤਕਸੀਮ ਕੀਤੇ। ਇਸ ਮੌਕੇ ਆਪਣੇ ਸੰਬੋਧਨ 'ਚ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ 'ਚ ਜਿਥੇ ਬਨਿਆਦੀ ਢਾਂਚੇ ਨੂੰ ਵਿਕਸਤ ਕੀਤਾ ਜਾ ਰਿਹਾ ਹੈ ਓਥੇ ਨਾਲ ਹੀ ਪੜ੍ਹਾਈ ਦੇ ਪੱਧਰ ਨੂੰ ਵੀ ਉੱਪਰ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲ ਆਫ ਐਮੀਨੈਂਸ ਸ਼ੁਰੂ ਕਰਕੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਵਿਖੇ ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਨਾਲ ਹੀ ਇਸ ਨੂੰ ਕੋ-ਐਡ ਕੀਤਾ ਗਿਆ ਹੈ। ਸ੍ਰੀ ਬਹਿਲ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਸਦਕਾ ਹੁਣ ਪੰਜਾਬ ਦੇ ਸਰਕਾਰੀ ਸਕੂਲ ਹਰ ਖੇਤਰ 'ਚ ਅੱਗੇ ਹੋਣਗੇ। ਸ੍ਰੀ ਰਮਨ ਬਹਿਲ ਨੇ ਖੇਡਾਂ 'ਚ ਮੱਲਾਂ ਮਾਰਨ ਵਾਲੀਆਂ ਵਿਦਿਆਰਥਣਾਂ ਨੂੰ ਕਿਹਾ ਕਿ ਉਹ ਪੜ੍ਹਾਈ ਦੇ ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ 'ਚ ਵੀ ਵੱਧ ਤੋਂ ਵੱਧ ਭਾਗ ਲੈਣ ਤਾਂ ਜੋ ਉਨ੍ਹਾਂ ਦੀ ਸਖਸ਼ੀਅਤ ਦਾ ਸਰਬਪੱਖੀ ਵਿਕਾਸ ਹੋ ਸਕੇ। ਉਨ੍ਹਾਂ ਨੇ ਜ਼ਿਲ੍ਹਾ ਤੇ ਰਾਜ ਪੱਧਰੀ ਮੁਕਾਬਲਿਆਂ 'ਚ ਜੇਤੂ ਰਹੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਸ੍ਰੀ ਰਮਨ ਬਹਿਲ ਨੇ ਸ੍ਰੀਮਤੀ ਸੀਮਾ ਰਾਣੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਜੋ ਲੋੜਵੰਦ ਵਿਦਿਆਰਥਣਾਂ ਨੂੰ ਕੋਟੀਆਂ-ਸਵੈਟਰ ਦਿੱਤੇ ਗਏ ਹਨ ਇਹ ਬਹੁਤ ਹੀ ਨੇਕ ਕਾਰਜ ਹੈ। ਉਨ੍ਹਾਂ ਕਿਹਾ ਕਿ ਅਸੀਂ ਸਾਰੀ ਉਮਰ ਸਮਾਜ ਕੋਲੋਂ ਬਹੁਤ ਕੁਝ ਪ੍ਰਾਪਤ ਕਰਦੇ ਹਾਂ, ਪਰ ਸਾਨੂੰ ਸਮਾਜ ਨੂੰ ਕੁਝ ਨਾ ਕੁਝ ਵਾਪਸ ਕਰਨ ਦੀ ਪ੍ਰਵਿਰਤੀ ਜ਼ਰੂਰ ਅਪਨਾਉਣੀ ਚਾਹੀਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਾਜੀਵ ਮਹਾਜਨ, ਮੈਡਮ ਕਰਮਜੀਤ ਕੌਰ, ਮਿਨਾਕਸ਼ੀ ਜੋਤੀ, ਵਿਪਨ ਕੁਮਾਰ, ਸੁਰਿੰਦਰਪਾਲ ਕੌਰ, ਪੰਕਜ ਸ਼ਰਮਾਂ, ਮਨਦੀਪ ਕੌਰ ਡੀ.ਪੀ.ਈ, ਸੁਖਦੇਵ ਸਿੰਘ, ਅਨਿਲ ਭਨੋਟ ਅਤੇ ਅਸ਼ਵਨੀ ਸ਼ਰਮਾਂ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਤੇ ਹੋਰ ਵੀ ਮੋਹਤਬਰ ਹਾਜ਼ਰ ਸਨ।

ਪਰਸ ਵਾਪਸ ਕਰਕੇ ਇਮਾਨਦਾਰੀ ਦੀ ਦਿੱਤੀ ਮਿਸਾਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ) ਹਲਕਾ ਦੀਨਾਨਗਰ ਦੇ ਪਿੰਡ ਭਟੋਆ ਦੇ ਮੇਨ ਰੋਡ ਤੇ ਅਲਮੋਨੀਅਮ ਦੀ ਦੁਕਾਨ ਕਰਦੇ ਰਮਨ ਕੁਮਾਰ ਨੂੰ ਬੀਤੇ ਦਿਨੀ ਆਪਣੀ ਦੁਕਾਨ ਨੇੜਿਓਂ ਪਰਸ ਮਿਲਿਆ। ਜਿਸ ਨੂੰ ਖੋਲ੍ਹ ਕੇ ਦੇਖਣ 'ਤੇ ਪਤਾ ਲੱਗਿਆ ਕਿ ਦਿਲਜੀਤ ਕੁਮਾਰ ਪੁੱਤਰ ਬੋਧਰਾਜ ਪਿੰਡ ਬਾਊਪੁਰ ਜੱਟਾਂ ਦਾ ਵਾਸੀ ਹੈ। ਉਸ ਪਰਸ 'ਚੋਂ ਆਧਾਰ ਕਾਰਡ, ਪੈਨ ਕਾਰਡ, ਡਰਾਈਵਰੀ ਲਾਈਸੈਂਸ, ਵੋਟਰ ਕਾਰਡ ਅਤੇ ਹੋਰ ਕੀਮਤੀ ਦਸਤਾਵੇਜ਼ ਦੇ ਨਾਲ ਪਰਸ 'ਚ ਲਗਭਗ ਦਸ ਹਜ਼ਾਰ ਰੁਪਏ ਵੀ ਸੀ। ਰਮਨ ਕੁਮਾਰ ਨੇ ਆਪਣੀ ਇਮਾਨਦਾਰੀ ਦਿਖਾਉਂਦੇ ਹੋਏ ਪਿੰਡ ਬਾਊਪੁਰ ਜੱਟਾਂ ਦੇ ਇਕ ਨੌਜਵਾਨ ਨੂੰ ਫੋਨ ਕਰਕੇ ਦਿਲਜੀਤ ਕੁਮਾਰ ਦੀ ਜਾਣਕਾਰੀ ਲਈ। ਜਿਸ ਤੋਂ ਪਤਾ ਚੱਲਿਆ ਕਿ ਇਹ ਪਰਸ ਉਸ ਦਾ ਹੀ ਹੈ। ਰਮਨ ਕੁਮਾਰ ਨੇ ਦਿਲਜੀਤ ਕੁਮਾਰ ਨੂੰ ਪਿੰਡ ਭਟੋਇਆ ਵਿਖੇ ਆਪਣੇ ਕੋਲ ਦੁਕਾਨ 'ਤੇ ਬੁਲਾ ਕੇ ਉਸਨੂੰ ਪਰਸ ਵਾਪਸ ਕੀਤਾ। ਇਸ ਮੌਕੇ ਦਿਲਜੀਤ ਕੁਮਾਰ ਨੇ ਪਰਸ ਵਾਪਸ ਲੈ ਕੇ ਰਮਨ ਕੁਮਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕਲਯੁਗ ਦੀ ਦੁਨੀਆਂ ਤੇ ਭੋਲੇ ਲੋਕ ਵੀ ਹਨ। ਅੱਜ ਰਮਨ ਕੁਮਾਰ ਨੇ ਪਰਸ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ਹੈ।

ਲੁੱਟਖੋਹ ਕਰਨ ਵਾਲੇ 3 ਦੋਸ਼ੀ ਚੜ੍ਹੇ ਪੁਲਸ ਅੜਿੱਕੇ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਤਿੱਬੜ ਪੁਲਿਸ ਦੇ ਏ.ਐੱਸ.ਆਈ. ਪਲਵਿੰਦਰ ਸਿੰਘ ਨੇ ਦੱਸਿਆ ਕਿ ਕਾਹਨ ਚੰਦ ਪੁਤਰ ਸ਼ਾਮ ਲਾਲ ਵਾਸੀ ਤਿੱਬੜ ਨੇ ਆਪਣੇ ਬਿਆਨਾਂ ਵਿਚ ਕਿਹਾ ਕਿ 10-12-2023 ਨੂੰ ਮੈਂ ਅਤੇ ਮੇਰੀ ਪਤਨੀ ਪਰਵੀਨ ਕੁਮਾਰੀ ਆਪਣੀ ਐਕਟਿਵਾ ਨੰਬਰੀ ਪੀ.ਬੀ. 06. ਬੀ.ਡੀ.7496 'ਤੇ ਸਵਾਰ ਹੋ

12-Dec-PAGE-3.qxd 12/11/2023 11:10 PM Page 2

ਮੰਢਾਲੀ ਮੇਲੇ 'ਤੇ ਮੇਹਲੀ ਤੋਂ ਵਿਸ਼ੇਸ਼ ਸਪਲੀਮੈਂਟ

ਮੇਲਿਆਂ 'ਚ ਮੇਲਾ ਮੰਢਾਲੀ ਦਾ ਮੇਲਾ

ਪੰਜਾਬ ਦੇ ਦੋਆਬੇ ਇਲਾਕੇ ਦਾ ਮਸ਼ਹੂਰ ਪਿੰਡ ਮੰਢਾਲੀ ਜਿਸ ਨੂੰ ਮੇਲਿਆਂ ਦਾ ਪਿੰਡ ਕਿਹਾ ਜਾਂਦਾ ਹੈ। ਇੱਥੇ ਬਣੇ ਰੋਜ਼ਾ ਸ਼ਰੀਫ਼ ਵਿਖੇ ਸਾਲ ਵਿੱਚ 2 ਵੱਡੇ ਮੇਲੇ ਇੱਕ 29 ਜੂਨ ਤੋਂ 3 ਜੁਲਾਈ ਤੱਕ ਸਯਦ ਉਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਜੀ ਕਾਦਰੀ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਦੂਜਾ ਮੇਲਾ 12 ਦਸੰਬਰ ਤੋਂ 14 ਦਸੰਬਰ ਤੱਕ ਸਾਬਰ ਦਾਤਾ ਅਲੀ ਅਹਿਮਦ ਸ਼ਾਹ ਦੀ ਯਾਦ ਵਿੱਚ ਸ਼ਰਧਾ ਪੂਰਵਕ ਨਾਲ ਮਨਾਇਆ ਜਾਂਦਾ ਹੈ। ਰੋਜ਼ਾ ਸ਼ਰੀਫ਼ ਮੰਢਾਲੀ ਦੇ ਇਤਿਹਾਸ ਅਨੁਸਾਰ ਸਯਦ ਉਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਦਾ ਜਨਮ 1795 ਈ ਨੂੰ ਬਗਦਾਦ ਸ਼ਹਿਰ ਵਿਖੇ ਹੋਇਆ। ਆਪ 1910 ਈਸਵੀ ਨੂੰ ਪ੍ਰਲੋਕ ਸੁਧਾਰ ਗਏ। ਰੋਜ਼ਾ ਸ਼ਰੀਫ਼ ਮੰਢਾਲੀ ਦੇ ਪਹਿਲੇ ਗੱਦੀ ਨਸ਼ੀਨ ਬੀਬੀ ਰਹਿਮਤ ਜੀ ਕਾਦਰੀ, ਜੋ ਭਾਰਤ ਪਾਕਿ ਦੀ ਵੰਡ ਦੌਰਾਨ 1947 ਨੂੰ ਪਾਕਿਸਤਾਨ ਚਲੇ ਗਏ। ਦੂਜੇ ਗੱਦੀ ਨਸ਼ੀਨ ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਬਣੇ ਜਿਨ੍ਹਾ ਦਾ ਜਨਮ 1900 ਈਸਵੀ ਵਿੱਚ ਹੋਇਆ ਤੇ 1985 ਈਸਵੀ 'ਚ ਪ੍ਰਲੋਕ ਗਮਨ ਸਧਾਰ ਗਏ, ਸਾਈਂ ਭਜਨ ਸ਼ਾਹ ਕਾਦਰੀ ਤੀਜੇ ਗੱਦੀ ਨਸ਼ੀਨ ਜੋ 5 ਦਸੰਬਰ 2005 ਈਸਵੀ ਨੂੰ ਦੁਨੀਆ ਨੂੰ ਅਲਵਿਦਾ ਕਹਿ ਗਏ। ਗੁਲਾਮ ਬਾਕੀ ਬਾਬਾ ਬਿੱਲੇ ਸ਼ਾਹ ਕਾਦਰੀ ਚੌਥੇ ਬਣੇ। ਜੋ 22 ਮਈ 2009 ਈਸਵੀ ਨੂੰ ਪ੍ਰਲੋਕ ਗਮਨ ਕਰ ਗਏ।

ਰੋਜ਼ਾ ਸ਼ਰੀਫ ਮੰਢਾਲੀ ਦੇ 5ਵੇਂ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਥਾਪੇ ਗਏ। ਇਨ੍ਹਾਂ ਦੀ ਰਹਿਨੁਮਾਈ ਹੇਠ ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਦੀ ਯਾਦ ਵਿੱਚ ਸਾਲਾਨਾ ਉਰਸ ਮੇਲਾ 12 ਦਸੰਬਰ ਤੋਂ 14 ਦਸੰਬਰ 2023 ਤੱਕ ਮਨਾਇਆ ਜਾ ਰਿਹਾ ਹੈ। ਇਹ ਤਿੰਨ ਦਿਨਾ ਮੇਲਾ 12 ਦਸੰਬਰ ਨੂੰ ਝੰਡਾ ਚੜ੍ਹਾਉਣ ਦੀ ਰਸਮ ਨਾਲ ਸ਼ੁਰੂ ਹੁੰਦਾ ਹੈ ਤੇ 13 ਦਸੰਬਰ ਨੂੰ ਪੰਜਾਬ ਦੇ ਮਸ਼ਹੂਰ ਗਾਇਕ ਅਤੇ ਕੱਵਾਲ ਦਰਬਾਰ ਵਿਖੇ ਹਾਜ਼ਰੀ ਲਗਵਾਉਂਦੇ ਹਨ।

ਆਖਰੀ ਦਿਨ ਚਾਦਰ ਚੜ੍ਹਾਉਣ ਦੀ ਰਸਮ ਉਪਰੰਤ ਸਾਈਂ ਉਮਰੇ ਸ਼ਾਹ ਕਾਦਰੀ ਆਈਆਂ ਸੰਗਤਾਂ ਦਾ ਧੰਨਵਾਦ ਕਰਦੇ ਹਨ। ਸਾਈਂ ਜੀ ਆਪ ਦਿਨ ਰਾਤ ਇੱਕ ਕਰਕੇ ਇਸ ਦਰਬਾਰ ਦਾ ਨਾਂਅ ਦੁਨੀਆ ਦੇ ਕੋਨੇ ਕੋਨੇ ਤੱਕ ਪਹੁੰਚਾ ਰਹੇ ਹਨ।

ਗੁਰਨਾਮ ਸਿੰਘ ਚੱਕ ਮੰਡੇਰ
ਪੱਤਰਕਾਰ ਮੇਹਲੀ (ਮੋਬਾ. 97801-35725)

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

Avtar Car Electrician

Guru Nanak Nagar, Phagwara

M. 90561-44760

ਕਸਤੂਰੀ ਕੁਲਥਮ ਜਿਊਲਰ ਅਵਤਾਰ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਬਲਵੀਰ ਸਿੰਘ (ਢਾਹਾਂ)
ਸਊਦੀ ਅਰਬ

ਅਮਨ ਕੁਮਾਰ ਚੱਕ ਮੰਡੇਰ
ਸਊਦੀ ਅਰਬ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਕਮਲਜੀਤ ਬੰਗਾ
ਜ਼ਿਲ੍ਹਾ ਪ੍ਰੀਸ਼ਦ ਮੈਂਬਰ
ਮੋਬਾ. 98141-11358

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਬਲਵੀਰ ਸਿੰਘ ਸਰਪੰਚ
ਬਾਹੜ ਮਜਾਰਾ

ਬਲਜੀਤ ਸਿੰਘ ਜੀਤਾ
ਸਰਪੰਚ ਕੁਲਥਮ

ਮੋਬਾ. 85285-98000

ਸੰਦੇਸ਼

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਮੰਢਾਲੀ ਸ਼ਰੀਫ਼ ਵਿਖੇ ਦਾਤਿਆਂ ਦੀ ਮਿੱਠੀ ਯਾਦ ਵਿੱਚ ਸਮੂਹ ਦੇਸ਼-ਵਿਦੇਸ਼ 'ਚ ਵਸਦੀਆਂ ਸੰਗਤਾਂ ਨੂੰ ਜੋੜ ਮੇਲੇ ਦੀਆਂ ਲੱਖ ਲੱਖ ਵਧਾਈਆਂ। ਮੈਂ ਸੰਗਤਾਂ ਲਈ ਦਾਤਿਆਂ ਅੱਗੇ ਦੁਆ ਕਰਦਾ ਹਾਂ ਕਿ ਦਾਤੇ ਸਭ ਦੀਆਂ ਝੋਲੀਆਂ ਭਰਨ ਤੇ ਆਈਆਂ ਸੰਗਤਾਂ ਨੂੰ ਚਰਨਾਂ ਨਾਲ ਲਾਈ ਰੱਖਣ।

ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੋਜ਼ਾ ਸ਼ਰੀਫ਼, ਮੰਢਾਲੀ

ਸੰਦੇਸ਼

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਜੋੜ ਸਾਲਾਨਾ ਜੋੜ ਮੇਲੇ 'ਤੇ ਪੂਰੀ ਦੁਨੀਆ 'ਤੇ ਵਸਦੀ ਸਾਧ ਸੰਗਤ ਨੂੰ ਇਸ ਦਰਗਾਹ 'ਚ ਸਿਜਦਾ ਕਰਨ 'ਤੇ ਜੀ ਆਇਆਂ। ਮੇਹਲੀ ਤੋਂ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਸਪਲੀਮੈਂਟ ਕੱਢਣ 'ਤੇ ਬਹੁਤ -ਬਹੁਤ ਮੁਬਰਾਕਾਂ।

ਮਨਦੀਪ ਸਿੰਘ ਬਹੂਆ, ਯੂ ਕੇ ਦੋਆਬਾ ਪੰਜਾਬ ਪ੍ਰੈਸ ਕਲੱਬ ਦੇ ਸਾਬਕਾ ਪ੍ਰਧਾਨ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਗਾਇਕ ਗਿਆਨ ਸ਼ਰਮੀਲਾ

ਧੰਨਵਾਦ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਮੇਹਲੀ ਸਪਲੀਮੈਂਟ ਕੱਢਣ 'ਤੇ ਜਿਨ੍ਹਾਂ ਦੋਸਤਾਂ, ਮਿੱਤਰਾਂ ਨੇ ਸਹਿਯੋਗ ਦੇ ਕੇ ਆਪਣਾ ਰਿਣੀ ਬਣਾਇਆ ਮੈਂ ਉਨ੍ਹਾਂ ਦਾ ਧੰਨਵਾਦ ਕਰਦਾ ਹਾਂ ਅਤੇ ਆਸ ਕਰਦਾ ਹਾਂ ਕਿ ਅੱਗੇ ਤੋਂ ਵੀ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ।

ਗੁਰਨਾਮ ਸਿੰਘ (ਚੱਕ ਮੰਡੇਰ)
ਪੱਤਰਕਾਰ ਮੇਹਲੀ
ਮੋਬਾ. 97801-35725

ਕਮਲਜੀਤ ਸਿੰਘ ਪੰਚ
ਮੇਹਲੀ ਐਸ ਓ ਆਈ ਜ਼ਿਲ੍ਹਾ ਪ੍ਰਧਾਨ ਨਵਾਂ ਸ਼ਹਿਰ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਕਮਲਜੀਤ ਸਿੰਘ ਪੰਚ
ਮੇਹਲੀ ਐਸ ਓ ਆਈ ਜ਼ਿਲ੍ਹਾ ਪ੍ਰਧਾਨ ਨਵਾਂ ਸ਼ਹਿਰ
ਮੋਬਾ. 98889-01616

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਪਵਨ ਕੁਮਾਰ ਇਟਲੀ | ਵਿਨੋਦ ਭੰਡਾਰੀ | ਮਾਸਟਰ ਅੰਮ੍ਰਿਤਪਾਲ ਸਿੰਘ | ਧੰਨਾ ਰਾਏ ਸੰਡਿਆਲੀ

ਘਰ ਦੀ ਫੁਲਵਾੜੀ

ਕ੍ਰਿਸ਼ਨਾ | ਵਿਵੇਕ ਕੁਮਾਰ | ਸੁਸ਼ੀਲ ਕੁਮਾਰ

ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੇ ਸਾਲਾਨਾ ਜੋੜ ਮੇਲੇ 'ਤੇ 'ਨਵਾਂ ਜ਼ਮਾਨਾ' ਦੇ ਪੱਤਰਕਾਰ ਗੁਰਨਾਮ ਸਿੰਘ ਵੱਲੋਂ ਮੇਹਲੀ ਸਪਲੀਮੈਂਟ ਕੱਢਣ 'ਤੇ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਨਛੱਤਰ ਬਹਿਰਾਮ | ਯਸਪਾਲ ਮੇਹਲੀ, ਪੰਚ | ਚਰਨਜੀਤ ਸਿੰਘ ਕਜਲਾ | ਸੰਦੀਪ ਸਿੰਘ

ਸੀ ਟੀ ਗਰੁੱਪ ਦੇ ਵਿਦਿਆਰਥੀਆਂ ਨੇ ਬਣਾਇਆ 12 ਫੁੱਟ ਦਾ ਕੇਕ

ਜਲੰਧਰ (ਸ਼ੈਲੀ ਐਲਬਰਟ)

ਸੀਟੀ ਇੰਸਟੀਚਿਊਟ ਆਫ ਮੈਨੇਜਮੈਂਟ ਅਤੇ ਆਈਟੀ ਦੇ ਹੋਟਲ ਮੈਨੇਜਮੈਂਟ ਦੇ ਵਿਦਿਆਰਥੀਆਂ ਨੇ ਪੰਜਾਬ ਦਾ ਸਭ ਤੋਂ ਲੰਬਾ ਕ੍ਰਿਸਮਸ ਕੇਕ ਬਣਾਇਆ। ਲਗਭਗ 50 ਵਿਦਿਆਰਥੀਆਂ ਦੇ ਸਾਂਝੇ ਯਤਨਾਂ ਦੇ ਨਤੀਜੇ ਵਜੋਂ 12 ਫੁੱਟ ਦਾ ਇੱਕ ਵਿਸ਼ਾਲ ਕੇਕ ਤਿਆਰ ਕੀਤਾ ਗਿਆ। ਪ੍ਰਿੰਸੀਪਲ ਹੋਟਲ ਮੈਨੇਜਮੈਂਟ ਰੋਹਿਤ ਸ਼ਰਮਾ, ਨੇ ਇਸ ਪਹਿਲ ਬਾਰੇ ਉਤਸ਼ਾਹ ਜ਼ਾਹਰ ਕਰਦੇ ਕਿਹਾ ਵਿਦਿਆਰਥੀਆਂ ਨੂੰ ਆਪਣੇ ਹੁਨਰ ਨੂੰ ਪ੍ਰਦਰਸ਼ਿਤ ਕਰਨ ਅਤੇ ਉਨ੍ਹਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਵਿੱਚ ਇਸ ਦੀ ਮਹੱਤਤਾ ਤੇ ਚਾਨਣਾ ਪਾਇਆ। ਸਮਰਪਿਤ ਵਿਦਿਆਰਥੀਆਂ ਨੇ ਖੁਸ਼ੀ ਅਤੇ ਉਤਸ਼ਾਹ ਨਾਲ ਤਿੰਨ ਦਿਨਾਂ ਦੇ ਅਣਥੱਕ ਸਹਿਯੋਗ ਨਾਲ ਵਿਸ਼ਾਲ ਕ੍ਰਿਸਮਸ ਕੇਕ ਦੀ ਪ੍ਰਭਾਵਸ਼ਾਲੀ ਸਿਰਜਣਾ ਕੀਤੀ। ਇਸ ਮੌਕੇ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ.ਮਨਬੀਰ ਸਿੰਘ ਵੀ ਹਾਜ਼ਰ ਸਨ। ਕੋਰ ਟੀਮ ਮੈਂਬਰ ਤਨਿਕਾ ਚੰਨੀ, ਕੈਂਪਸ ਡਾਇਰੈਕਟਰ ਡਾ. ਰਮਨਦੀਪ ਗੌਤਮ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ। ਕ੍ਰਿਸਮਸ ਕੇਕ ਕੱਟਣ ਦੀ ਰਸਮ ਅਤੇ ਕੈਰੋਲ-ਗਾਇਨ ਨੇ ਖੁਸ਼ੀ ਦੇ ਮਾਹੌਲ ਵਿੱਚ ਉਤਸ਼ਾਹ ਵਧਾ ਦਿੱਤਾ । ਸੀਟੀ ਗਰੁੱਪ ਮੈਨੇਜਿੰਗ ਡਾਇਰੈਕਟਰ ਡਾ.ਮਨਬੀਰ ਸਿੰਘ, ਨੇ ਵਿਦਿਆਰਥੀਆਂ ਦੇ ਸਮਰਪਣ ਅਤੇ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ ਅਤੇ ਭਾਗੀਦਾਰਾਂ ਅਤੇ ਦਰਸ਼ਕਾਂ ਦੋਵਾਂ ਲਈ ਯਾਦਗਾਰੀ ਤਜ਼ਰਬੇ ਬਣਾਉਣ ਲਈ ਅਜਿਹੀਆਂ ਪਹਿਲਕਦਮੀਆਂ ਦੀ ਮਹੱਤਤਾ ਤੇ ਜ਼ੋਰ ਦਿੱਤਾ।

ਵਿਕਟੋਰੀਆ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਇਆ ਸਾਲਾਨਾ ਇਨਾਮ ਵੰਡ ਸਮਾਗਮ

ਅੱਡਾ ਸਰਾਂ, (ਕਾਜਲ)

ਵਿਕਟੋਰੀਆ ਇੰਟਰਨੈਸ਼ਨਲ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਵਿਦਿਆਰਥੀਆਂ ਦੀਆਂ ਵੰਨ-ਸੁਵੰਨੀਆਂ ਕਲਾਵਾਂ ਅਤੇ ਪ੍ਰਾਪਤੀਆਂ ਝਲਕਦੀਆਂ ਸਨ। ਸਕੂਲ ਦੇ ਡਾਇਰੈਕਟਰ ਪ੍ਰੋ. ਜੀ. ਐੱਸ. ਮੁਲਤਾਨੀ ਅਤੇ ਨੀਰੂ ਮੁਲਤਾਨੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਪ੍ਰਿੰਸੀਪਲ ਪੂਜਾ ਪਟਿਆਲ ਦੀ ਅਗਵਾਈ ਵਿਚ ਹੋਏ ਇਸ ਸਮਾਗਮ ਦੌਰਾਨ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਪਾਬਲਾ, ਵਿਧਾਇਕ ਜਸਵੀਰ ਸਿੰਘ ਰਾਜਾ, ਵਿਧਾਇਕ ਕਰਮਬੀਰ ਸਿੰਘ ਘੁੰਮਣ, ਹੁਸ਼ਿਆਰਪੁਰ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਮੀਤ ਸਿੰਘ ਔਲਖ, ਸਮਾਜ ਸੇਵੀ ਲਖਵਿੰਦਰ ਸਿੰਘ ਮੁਲਤਾਨੀ ਅਤੇ ਮਾਰਕੀਟ ਕਮੇਟੀ ਮੁਕੇਰੀਆਂ ਦੇ ਚੇਅਰਮੈਨ ਹਰਜੀਤ ਸਿੰਘ ਸਹੋਤਾ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਸਾਲ ਦੇ ਸਾਲਾਨਾ ਸਮਾਗਮ ਦਾ ਵਿਸ਼ਾ ਸੱਭਿਆਚਾਰ ਸੀ, ਜਿਸ ਨੇ ਰੰਗ ਬੰਨ੍ਹਿਆ ਅਤੇ ਇਸ ਘੜੀ ਨੂੰ ਸੱਭਿਆਚਾਰਕ ਅਹਿਸਾਸ ਦਿੱਤਾ। ਨਾਚ, ਸੰਗੀਤ ਅਤੇ ਥੀਏਟਰ ਦੀ ਪੇਸ਼ਕਾਰੀ ਵਿਚ ਵਿਦਿਆਰਥੀਆਂ ਨੇ ਸਿਰਜਣਾਤਮਕਤਾ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ। ਮੁੱਖ ਮਹਿਮਾਨ ਨੇ ਜੋਤ ਜਗਾਈ ਅਤੇ ਫਿਰ ਸਟੇਜ 'ਤੇ ਸ਼ਬਦ ਅਤੇ ਗਣੇਸ਼ ਵੰਦਨਾ ਨਾਲ ਸਮਾਗਮ ਦੀ ਸ਼ੁਰੂਆਤ ਕੀਤੀ। ਬੱਚਿਆਂ ਨੇ ਭਾਰਤੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਜੋਕਰ ਡਾਂਸ, ਫੈਰੀ ਡਾਂਸ, ਬਾਰਬੀ ਗਰਲ ਡਾਂਸ, ਆਰਮੀ ਐਕਟ, ਹਿਮਾਚਲ ਦੇ ਮਸ਼ਹੂਰ ਨਾਚ ਨਾਟੀ , ਕਠਪੁਤਲੀ ਡਾਂਸ, ਲੁੱਡੀ, ਗਿੱਧਾ, ਭੰਗੜਾ ਆਦਿ ਦੀ ਪੇਸ਼ਕਾਰੀ ਦੇਖਣਯੋਗ ਸੀ। ਪ੍ਰਿੰਸੀਪਲ ਪੂਜਾ ਪਟਿਆਲ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਤੇ ਅਧਿਆਪਕਾਂ ਅਤੇ ਮਾਪਿਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਸਕੂਲ ਦੇ ਡਾਇਰੈਕਟਰਾਂ ਨੇ ਮਹਿਮਾਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਦੀ ਕੋਆਰਡੀਨੇਟਰ ਵਨੀਤਾ ਬਲੌਰੀਆ, ਸੁਜਾਤਾ ਛਾਬੜਾ ਅਤੇ ਹੋਰ ਸਟਾਫ ਮੈਂਬਰ ਹਾਜਰ ਸਨ।

ਡਾ. ਅੰਬੇਡਕਰ ਦਾ ਮਹਾਂਪ੍ਰੀਨਿਰਵਾਣ ਦਿਵਸ ਮਨਾਇਆ

ਜਲੰਧਰ (ਰਾਜੇਸ਼ ਬਾਪਾ) ਬੁੱਧ ਵਿਹਾਰ ਸਿਬਾਰਥ ਨਗਰ 'ਚ ਬਾਬਾ ਸਾਹਿਬ ਅੰਬੇਡਕਰ ਦਾ 68ਵਾਂ ਮਹਾਂਪ੍ਰੀਨਿਰਵਾਣ ਦਿਵਸ ਮਨਾਇਆ ਗਿਆ, ਜਿਸ 'ਚ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਹਿੱਸਾ ਲਿਆ, ਜਿਨ੍ਹਾ 'ਚ ਹਰਮੇਸ਼ ਜੱਸਲ, ਚੰਚਲ ਬੋਧ, ਮੁੰਨਾ ਲਾਲ ਬੋਧ, ਨਰਿੰਦਰ ਬੋਧ, ਰਾਮ ਗੋਪਾਲ, ਅਸ਼ੋਕ ਕੁਮਾਰ, ਕੁਲਦੀਪ ਕਲੇਰ, ਅਜੀਤ ਕੁਮਾਰ, ਸੁਰਿੰਦਰ ਬੋਧ, ਦੇਵੀ ਸਿੰਘ, ਹੇਮ ਰਾਜ, ਲਵ ਗੌਤਮ, ਧ੍ਰਿਗਿਆ ਬੋਧ, ਸਮੀਰ, ਸੁਨੀਲ ਅੰਨਸ਼ੁਲ, ਆਰੀਅਨ, ਸ੍ਰੀਮਤੀ ਨਿਰਮਲਾ, ਰਾਧਾ, ਆਸ਼ਾ ਰਾਣੀ, ਕਾਜਲ, ਅਨਾਮਿਕਾ, ਗੀਤਾ, ਸੋਨਮ, ਪ੍ਰਿੰਸ ਆਦਿ ਮੌਜੂਦ ਰਹੇ। ਇਸ ਮੌਕ